


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 103 Chief Editor : Chowdhary Prabhjit Singh, Editor : Chhatarpal Singh 98146-32807, Wednesday 7 October 2026 Price : 2 Rs. Page : 6

## ਗਿਆਨੇਸ਼ ਕੁਮਾਰ ਖਿਲਾਫ ਧਰਨੇ ’ਤੇ ਬੈਠੇ ਰਾਹੁਲ ਤੇ ਪ੍ਰਿਅੰਕਾ; ਹਿਰਾਸਤ ’ਚ ਲਏ ਕਈ ਆਗੂ

**ਨਵੀਂ ਦਿੱਲੀ, 6 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**




ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੇ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਅੱਜ ਚੋਣ ਕਮਿਸ਼ਨ ਦੇ ਦਫ਼ਤਰ ਵੱਲ ਮਾਰਚ ਕਰ ਰਹੇ ’ਇੰਡੀਆ’ ਗਠਜੋੜ ਦੇ ਕਈ ਪ੍ਰਮੁੱਖ ਆਗੂਆਂ ਨੂੰ ਦਿੱਲੀ ਪੁਲੀਸ ਨੇ ਹਿਰਾਸਤ ਵਿੱਚ ਲੈ ਲਿਆ। ਹਿਰਾਸਤ ਵਿੱਚ ਲਏ ਗਏ ਆਗੂਆਂ ਵਿੱਚ ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ, ਤ੍ਰਿਣਮੂਲ ਕਾਂਗਰਸ ਦੇ ਆਗੂ ਅਭਿਸ਼ੇਕ ਬੈਨਰਜੀ ਅਤੇ ਡੇਰੇਕ ਓ’ਬ੍ਰਾਇਨ ਸ਼ਾਮਲ ਹਨ।

ਸੰਸਦ ਦੇ ਮਕਰ ਦੁਆਰ ਤੋਂ ਚੋਣ ਕਮਿਸ਼ਨ ਦੇ ਦਫ਼ਤਰ ਵੱਲ ਵਧ ਰਹੇ ਮਾਰਚ ਨੂੰ ਪੁਲੀਸ ਨੇ ਨਾਕਾਮ ਕਰ ਦਿੱਤਾ ਅਤੇ ਆਗੂਆਂ ਨੂੰ ਬੱਸਾਂ ਵਿੱਚ ਬਿਠਾ ਕੇ ਲੈ ਗਈ। ਕਾਂਗਰਸ ਨੇ ਦੱਸਿਆ ਕਿ ਇਸ ਤੋਂ ਬਾਅਦ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ, ਕੇ.ਸੀ. ਵੇਣੂਗੋਪਾਲ, ਚਰਨਜੀਤ ਸਿੰਘ ਚੰਨੀ ਅਤੇ ਦੀਪੇਂਦਰ ਹੁੱਡਾ ਸਮੇਤ ਹੋਰ ਕਾਂਗਰਸੀ ਆਗੂਆਂ ਨੇ ਆਕਾਸ਼ਵਾਣੀ ਭਵਨ ਨੇੜੇ ’ਧਰਨਾ’ ਲਗਾ ਦਿੱਤਾ।

ਇਸ ਤੋਂ ਪਹਿਲਾਂ, ਜਦੋਂ ਪਾਰਲੀਮੈਂਟ ਸਟ੍ਰੀਟ/ਨੀਤੀ ਆਯੋਗ ਨੇੜੇ ’ਇੰਡੀਆ’ ਗਠਜੋੜ ਦੇ ਮਾਰਚ ਨੂੰ ਰੋਕਿਆ ਗਿਆ ਤਾਂ ਰਾਹੁਲ ਗਾਂਧੀ ਅਤੇ ਅਭਿਸ਼ੇਕ ਬੈਨਰਜੀ ਪੁਲੀਸ ਦੇ ਬੈਰੀਕੇਡਾਂ ਉੱਪਰ ਚੜ੍ਹ ਗਏ। ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਵੱਲੋਂ ਚੋਣ ਕਮਿਸ਼ਨ ਖ਼ਿਲਾਫ਼ ਨਾਅਰੇਬਾਜ਼ੀ ਦਰਮਿਆਨ ਰਾਹੁਲ ਗਾਂਧੀ ਨੇ ਬੈਰੀਕੇਡ ਤੋਂ ਤਿਰੰਗਾ ਲਹਿਰਾਇਆ।

ਨੀਤੀ ਆਯੋਗ ਖੇਤਰ ਨੇੜੇ ਬੈਰੀਕੇਡ ਲਗਾ ਕੇ ਰਸਤਾ ਰੋਕੇ ਜਾਣ ਤੋਂ ਪਹਿਲਾਂ ਪ੍ਰਦਰਸ਼ਨਕਾਰੀ ਚੋਣ ਕਮਿਸ਼ਨ ਦੇ ਦਫ਼ਤਰ ਤੋਂ 250-300 ਮੀਟਰ ਦੇ ਘੇਰੇ ਤੱਕ ਪਹੁੰਚ ਚੁੱਕੇ ਸਨ। ਰਾਹੁਲ ਗਾਂਧੀ ਨੇ ਮੱਲਿਕਾਰਜੁਨ ਖੜਗੇ, ਪ੍ਰਿਅੰਕਾ ਗਾਂਧੀ, ਅਖਿਲੇਸ਼ ਯਾਦਵ, ਸੁਪ੍ਰਿਆ ਸੁਲੇ ਅਤੇ ਹੋਰ ਵਿਰੋਧੀ ਆਗੂਆਂ ਨਾਲ ਮਿਲ ਕੇ ਮੁੱਖ ਚੋਣ ਕਮਿਸ਼ਨਰ ਨੂੰ ਸੰਬੋਧਨ ਕਰਦਿਆਂ ਨਾਅਰੇਬਾਜ਼ੀ ਕੀਤੀ ਕਿ ਉਨ੍ਹਾਂ ਦਾ ਸਮਾਂ ਪੂਰਾ ਹੋ ਚੁੱਕਾ ਹੈ ਅਤੇ ਉਨ੍ਹਾਂ ਨੂੰ ਅਸਤੀਫ਼ਾ ਦੇ ਦੇਣਾ ਚਾਹੀਦਾ ਹੈ। ਰਾਹੁਲ ਨੇ ਕਿਹਾ, ਗਿਆਨੇਸ਼, ਹੁਣ ਬਹੁਤ ਹੋ ਗਿਆ। ਅਸਤੀਫ਼ਾ ਦੇਣ ਦਾ ਸਮਾਂ ਆ ਗਿਆ ਹੈ।

## ਬੈਂਕ ਤੇ ਏ.ਟੀ.ਐਮ. ਚੋਂ ਲੱਖਾਂ ਰੁਪਏ ਦੀ ਨਗਦੀ ਚੋਰੀ




**ਰਾਜਪੁਰਾ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਰਾਜਪੁਰਾ ਪਟਿਆਲਾ ਰੋਡ ’ਤੇ ਪੈਂਦੇ ਬੈਂਕ ਦੇ ਏ.ਟੀ.ਐਮ. ਵਿਚੋਂ ਚੋਰ ਲੱਖਾਂ ਰੁਪਏ ਦੀ ਨਗਦੀ ਲੈ ਫਰਾਰ ਹੋ ਗਏ। ਚੋਰ ਬਹੁਤ ਜਿਆਦਾ ਸ਼ਾਤਰ ਦਿਮਾਗ ਦੇ ਵਿਖਾਈ ਦੇਖਦੇ ਸਨ ਕਿਉਂਕਿ ਇਹ ਸਾਰੀ ਕਾਰਵਾਈ ਉਨ੍ਹਾਂ ਨੇ 6-7 ਮਿੰਟ ਦੇ ਦੌਰਾਨ ਕੀਤੀ ਹੈ ਅਤੇ ਜਾਂਦੇ ਹੋਏ ਸੀ.ਸੀ.ਟੀ.ਵੀ. ਕੈਮਰੇ ਦਾ ਸ਼ੀਸ਼ਾ ਵੀ ਬਲਰ ਕਰ ਗਏ।ਆਪਣੇ ਵਲੋਂ ਚੋਰਾਂ ਨੇ ਹਰ ਤਰ੍ਹਾਂ ਦਾ ਸਬੂਤ ਮਿਟਾਉਣ ਦੀ ਕੋਸ਼ਿਸ਼ ਕੀਤੀ। ਇਸ ਸੰਬੰਧ ਦੇ ਵਿਚ ਬੈਂਕ ਅਧਿਕਾਰੀਆਂ ਦਾ ਕਹਿਣਾ ਹੈ ਕਿ ਇਸ ਸੰਬੰਧ ਦੇ ਵਿਚ ਕੋਈ ਵੀ ਬਿਆਨ ਉੱਚ ਅਧਿਕਾਰੀ ਦੇ ਸਕਦੇ ਹਨ ਉਹ ਕੁਝ ਨਹੀਂ ਕਹਿ ਸਕਦੇ ਇਸ ਮਾਮਲੇ ਦੀ ਖ਼ਬਰ ਦਾ ਪਤਾ ਲੱਗਣ ਸਾਰ ਪੁਲਿਸ ਮੌਕੇ ’ਤੇ ਪਹੁੰਚ ਗਈ ਅਤੇ ਪੁਲਿਸ ਨੇ ਛਾਣਬੀਣ ਸ਼ੁਰੂ ਕਰ ਦਿੱਤੀ ਹੈ।

## ਹਾਈ ਕੋਰਟ ਵੱਲੋਂ ਮੁੱਖ ਸਕੱਤਰ ਸਿਨਹਾ ਨੂੰ ‘ਸਰਾ-ਸਰ ਝੂਠ’ ਬੋਲਣ ਲਈ ਨੋਟਿਸ ਜਾਰੀ

**ਚੰਡੀਗੜ੍ਹ, 6 ਅਕਤੂਬਰ**
**-ਸੰਜੀਵ ਸ਼ਰਮਾ-**

ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਅੱਜ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਦੇ ਮਾਮਲੇ ਵਿੱਚ ਟਾਲ-ਮਟੋਲ ਕਰਨ ਲਈ ਗ਼ਲਤ ਤੱਥਾਂ ਦੀ ਪੇਸ਼ਕਾਰੀ ਕਰਨ ਨੂੰ ਲੈ ਕੇ ਪੰਜਾਬ ਦੇ ਮੁੱਖ ਸਕੱਤਰ ਕੇ. ਏ. ਪੀ. ਸਿਨਹਾ ਨੂੰ ਅਦਾਲਤੀ ਤੌਹੀਨ ਦਾ ਨੋਟਿਸ ਜਾਰੀ ਕਰ ਦਿੱਤਾ ਹੈ। ਲੰਘੇ ਕੱਲ੍ਹ ਸੁਣਵਾਈ ਦੌਰਾਨ ਵੀ ਹਾਈ ਕੋਰਟ ਮੁੱਖ ਸਕੱਤਰ ਨਾਲ ਸਖ਼ਤੀ ਨਾਲ ਪੇਸ਼ ਆਈ ਸੀ ਅਤੇ ਸੁਪਰੀਮ ਕੋਰਟ ਵਿੱਚ ਦਾਇਰ ਸਪੈਸ਼ਲ ਲੀਵ ਪਟੀਸ਼ਨ ਦੀਆਂ ਤਰੁੱਟੀਆਂ (ਖਾਮੀਆਂ) ਨੂੰ ਦੂਰ ਕਰਨ ਬਾਰੇ ਕੀਤੇ ਗ਼ਲਤ ਦਾਅਵੇ ਦਾ ਸਖ਼ਤ ਨੋਟਿਸ ਲਿਆ ਸੀ। ਹਾਈਕੋਰਟ ਨੇ ਮੁੱਖ ਸਕੱਤਰ ਦੇ ਹਲਫ਼ਨਾਮੇ ਵਿੱਚ ਪੇਸ਼ ਕੀਤੇ ਤੱਥਾਂ ਨੂੰ ਗਲਤ ਕਰਾਰ ਦਿੱਤਾ ਹੈ। ਬੈਂਚ ਨੇ ਉਨ੍ਹਾਂ ਨੂੰ ਨੋਟਿਸ ਜਾਰੀ ਕਰਕੇ ਪੁੱਛਿਆ ਹੈ ਕਿ ਅਦਾਲਤ ਨੂੰ ਜਾਣਬੁੱਝ ਕੇ



ਗੁੰਮਰਾਹ ਕਰਨ ਲਈ ਉਨ੍ਹਾਂ ਵਿਰੁੱਧ ਕ੍ਰਿਮਿਨਲ ਮਾਣਹਾਨੀ ਦੀ ਕਾਰਵਾਈ ਕਿਉਂ ਨਾ ਸ਼ੁਰੂ ਕੀਤੀ ਜਾਵੇ। ਉਨ੍ਹਾਂ ਨੂੰ ਸ਼ੁੱਕਰਵਾਰ ਨੂੰ ਅਗਲੀ ਸੁਣਵਾਈ ਦੌਰਾਨ ਨਿੱਜੀ ਤੌਰ ’ਤੇ ਹਾਜ਼ਰ ਹੋਣ ਲਈ ਵੀ ਕਿਹਾ ਗਿਆ ਹੈ। ਹਾਈਕੋਰਟ ਵੱਲੋਂ ਸੁਪਰੀਮ ਕੋਰਟ ਦੀ ਰਜਿਸਟਰੀ ਤੋਂ ਪ੍ਰਾਪਤ ਕੀਤੀ ਗਈ ਇੱਕ ਰਿਪੋਰਟ ਤੋਂ ਬਾਅਦ ਸਾਹਮਣੇ ਆਇਆ ਹੈ। ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਟਿੱਪਣੀ ਕੀਤੀ, ਸੁਪਰੀਮ ਕੋਰਟ ਦੀ ਰਜਿਸਟਰੀ ਦੀ ਰਿਪੋਰਟ ਤੋਂ ਸਾਫ਼ ਹੈ ਕਿ ਕੱਲ੍ਹ ਅਦਾਲਤ ਵਿੱਚ ਝੂਠਾ ਬਿਆਨ ਦਿੱਤਾ ਗਿਆ ਸੀ।

ਮੁੱਖ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ’ਤੇ ਆਧਾਰਿਤ ਡਿਵੀਜ਼ਨ ਬੈਂਚ ਨੇ ਲੰਘੇ ਕੱਲ੍ਹ ਸੁਣਵਾਈ ਦੌਰਾਨ ਹਾਈ ਕੋਰਟ ਦੀ ਰਜਿਸਟਰੀ ਨੂੰ ਸੁਪਰੀਮ ਕੋਰਟ ਦੀ ਰਜਿਸਟਰੀ ਤੋਂ ਪੰਜਾਬ ਸਰਕਾਰ ਦੀ ਅਪੀਲ ਦੀ ਮੌਜੂਦਾ ਸਥਿਤੀ ਜਾਣਨ ਬਾਰੇ ਰਿਪੋਰਟ ਹਾਸਲ ਕਰਨ ਲਈ ਕਿਹਾ ਸੀ। ਮੁੱਖ ਸਕੱਤਰ ਨੂੰ ਮੁੜ ਵਿਅਕਤੀਗਤ ਤੌਰ ’ਤੇ ਅਦਾਲਤ ਵਿੱਚ ਹਾਜ਼ਰ ਰਹਿਣ ਦੇ ਆਦੇਸ਼ ਦਿੱਤੇ ਸਨ। ਹਾਈ ਕੋਰਟ ਨੇ ਬੀਤੇ ਦਿਨ ਸੁਣਵਾਈ ਦੌਰਾਨ ਕਿਹਾ ਸੀ ਕਿ ਪੰਜਾਬ ਸਰਕਾਰ ਅਦਾਲਤ ਜੇਕਰ ਪਹਿਲੀ ਸਤੰਬਰ ਨੂੰ ਪੰਜਾਬ ਨੇ ਸੁਪਰੀਮ ਕੋਰਟ ਵਿੱਚ ਅਪੀਲ ਦਾਇਰ ਕਰ ਦਿੱਤੀ ਸੀ ਤਾਂ ਹੁਣ ਤੱਕ ਇਸ ਮਾਮਲੇ ’ਤੇ ਸੁਣਵਾਈ ਹੋ ਜਾਣੀ ਚਾਹੀਦੀ ਸੀ।

## ਸ਼੍ਰੋਮਣੀ ਕਮੇਟੀ ਵੱਲੋਂ ਦੋ ਹੋਰ ਕਰਮਚਾਰੀ ਮੁਅੱਤਲ, ਇੱਕ ਦਾ ਤਬਾਦਲਾ

**ਅੰਮ੍ਰਿਤਸਰ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਬਹਿਰੀਨ ਵਾਲੀ ਬੀਬੀ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਨੇ ਤਿੰਨ ਹੋਰ ਕਰਮਚਾਰੀਆਂ ਦੇ ਖ਼ਿਲਾਫ਼ ਕਾਰਵਾਈ ਕੀਤੀ ਹੈ। ਜਿਨ੍ਹਾਂ ਵਿੱਚੋਂ ਦੋ ਨੂੰ ਮੁਅੱਤਲ ਕੀਤਾ ਅਤੇ ਇੱਕ ਦਾ ਤਬਾਦਲਾ ਕੀਤਾ ਹੈ। ਇਸ ਤੋਂ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਵਧੀਕ ਹੈੱਡ ਗ੍ਰੰਥੀ ਗਿਆਨੀ ਮਲਕੀਤ ਸਿੰਘ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ ਸਨ ਅਤੇ ਇੱਕ ਡਰਾਈਵਰ ਨੂੰ ਮੁਅੱਤਲ ਕੀਤਾ ਗਿਆ ਸੀ। ਸ਼੍ਰੋਮਣੀ ਕਮੇਟੀ ਦੇ ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਨੇ ਜਾਣਕਾਰੀ ਦਿੱਤੀ ਹੈ ਕਿ ਸ੍ਰੀ ਆਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਵਿਚ ਸ਼੍ਰੋਮਣੀ ਕਮੇਟੀ ਵੱਲੋਂ ਗਠਤ ਕੀਤੀ ਪੜਤਾਲੀਆ ਕਮੇਟੀ ਦੀ ਸਿਫ਼ਾਰਸ਼ ’ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਨੇ ਜ਼ਿੰਮੇਵਾਰੀ ’ਚ ਕੁਤਾਹੀ ਕਰਨ ਦੇ ਦੋਸ਼ ਵਿਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਸਾਬਕਾ ਮੈਨੇਜਰ ਮਲਕੀਤ ਸਿੰਘ ਅਤੇ ਰਜਿਸਟਰਾਂ ਵਿਚ ਛੇੜਛਾੜ ਕਰਕੇ ਗ਼ਲਤ ਇੰਦਰਾਜ ਦਰਜ ਕਰਨ ਵਾਲੇ ਸਰਾਂ ਦੇ ਇੰਚਾਰਜ ਅਮਰੀਕ ਸਿੰਘ ਨੂੰ ਡਿਊਟੀ ਤੋਂ ਮੁਅੱਤਲ ਕਰ ਦਿੱਤਾ ਹੈ।

## ਪਾਕਿਸਤਾਨੀ ਸਿੱਖ ਸ਼ਰਧਾਲੂਆਂ ਨੂੰ ਭਾਰਤ ਯਾਤਰਾ ਦੀ ਮਿਲੀ ਮਨਜ਼ੂਰੀ; ਏਅਰਪੋਰਟ ’ਤੇ ਰੋਕਣ ਤੋਂ ਬਾਅਦ ਮਾਮਲਾ ਸੁਲਝਿਆ

**ਨਵੀਂ ਦਿੱਲੀ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਾਕਿਸਤਾਨ ਤੋਂ ਭਾਰਤ ਆਉਣ ਵਾਲੇ ਸਿੱਖ ਸ਼ਰਧਾਲੂਆਂ ਨੂੰ ਪਾਕਿਸਤਾਨੀ ਅਧਿਕਾਰੀਆਂ ਨੇ ਅਖ਼ੀਰ ਯਾਤਰਾ ਦੀ ਇਜਾਜ਼ਤ ਦੇ ਦਿੱਤੀ ਹੈ। ਇਸ ਤੋਂ ਪਹਿਲਾਂ ਉਹਨਾਂ ਨੂੰ ਹਵਾਈ ਅੱਡੇ ’ਤੇ ਚੜ੍ਹਨ ਤੋਂ ਰੋਕ ਦਿੱਤਾ ਗਿਆ ਸੀ। ਹੁਣ 49 ਮੈਂਬਰੀ ਜਥਾ ਤਾਸ਼ਕੰਦ ਰਸਤੇ 8 ਅਕਤੂਬਰ ਨੂੰ ਨਵੀਂ ਦਿੱਲੀ ਪਹੁੰਚੇਗਾ, ਜੋ ਭਾਰਤ ਦੇ ਪ੍ਰਮੁੱਖ ਸਿੱਖ ਧਾਰਮਿਕ ਅਸਥਾਨਾਂ ਦੇ ਇੱਕ ਮਹੀਨੇ ਦੇ ਯਾਤਰਾ ਦੌਰੇ ’ਤੇ ਰਹੇਗਾ।



ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਲਾਹਕਾਰ ਪਰਮਜੀਤ ਸਿੰਘ ਚੰਢੋਕ ਨੇ ਦੱਸਿਆ ਕਿ ਪਾਕਿਸਤਾਨ ਦੇ ਗ੍ਰਹਿ ਮੰਤਰਾਲੇ ਨੇ ਫੈਸਲਾਬਾਦ ਏਅਰਪੋਰਟ ’ਤੇ ਸ਼ਰਧਾਲੂਆਂ ਨੂੰ ਰੋਕੇ ਜਾਣ ਦੇ ਮਾਮਲੇ ਦੀ ਸਮੀਖਿਆ ਤੋਂ ਬਾਅਦ ਇਹ ਮਨਜ਼ੂਰੀ ਦਿੱਤੀ ਹੈ। ਯਾਤਰੀਆਂ ਕੋਲ 30 ਅਕਤੂਬਰ ਤੱਕ ਦਾ ਵੈਧ ਭਾਰਤੀ ਵੀਜ਼ਾ ਹੈ ਅਤੇ ਉਹ ਦਿੱਲੀ ਤੋਂ ਹੀ ਵਾਪਸ ਉਡਾਣ ਭਰਨਗੇ।

ਯਾਤਰਾ ਦੌਰਾਨ ਇਹ ਜਥਾ ਦਿੱਲੀ ਦੇ ਇਤਿਹਾਸਕ ਗੁਰਦੁਆਰਿਆਂ— ਬੰਗਲਾ ਸਾਹਿਬ, ਰਕਾਬ ਗੰਜ ਸਾਹਿਬ, ਨਾਨਕ ਪਿਆਓ, ਦਮਦਮਾ ਸਾਹਿਬ, ਸੀਸ ਗੰਜ ਸਾਹਿਬ, ਬਾਬਾ ਬੰਦਾ ਸਿੰਘ ਬਹਾਦਰ ਅਤੇ ਬਾਲਾ ਸਾਹਿਬ ਦੇ ਦਰਸ਼ਨ ਕਰੇਗਾ। ਇਸ ਤੋਂ ਬਾਅਦ ਜਥਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਅਨੰਦਪੁਰ ਸਾਹਿਬ) ਅਤੇ ਸ੍ਰੀ ਹਰਿਮੰਦਰ ਸਾਹਿਬ (ਅੰਮ੍ਰਿਤਸਰ) ਵਿਖੇ ਨਤਮਸਤਕ ਹੋਵੇਗਾ। ਖ਼ਰਾਬ ਮੌਸਮ ਕਾਰਨ 10 ਅਕਤੂਬਰ ਨੂੰ ਉੱਤਰਾਖੰਡ ਸਥਿਤ ਗੁਰਦੁਆਰਾ ਸ੍ਰੀ ਹੇਮਕੁੰਟ ਸਾਹਿਬ ਦੇ ਕਪਾਟ ਬੰਦ ਹੋ ਰਹੇ ਹਨ, ਜਿਸ ਕਾਰਨ ਸ਼ਰਧਾਲੂਆਂ ਦੇ ਉੱਥੇ ਜਾਣ ਦੀ ਸੰਭਾਵਨਾ ਬਹੁਤ ਘੱਟ ਹੈ। ਭਾਵੇਂ ਅਧਿਕਾਰੀਆਂ ਨਾਲ ਗੱਲਬਾਤ ਚੱਲ ਰਹੀ ਹੈ, ਪਰ ਮੌਸਮ ਵਿਭਾਗ ਵੱਲੋਂ ਜਾਰੀ ’ਯੈਲੋ ਅਲਰਟ’ ਕਾਰਨ ਉੱਥੇ ਜਾਣਾ ਮੁਸ਼ਕਲ ਜਾਪਦਾ ਹੈ। ਜ਼ਿਕਰਯੋਗ ਹੈ ਕਿ ਇਹ ਜਥਾ ਪਹਿਲਾਂ 11 ਸਤੰਬਰ ਨੂੰ ਰਵਾਨਾ ਹੋਣਾ ਸੀ। ਪੇਸ਼ਾਵਰ, ਪੰਜਾ ਸਾਹਿਬ, ਲਾਹੌਰ ਅਤੇ ਨਨਕਾਣਾ ਸਾਹਿਬ ਦੇ 104 ਸ਼ਰਧਾਲੂਆਂ ਨੂੰ ਵੀਜ਼ਾ ਮਿਲਿਆ ਸੀ, ਪਰ ਫੈਸਲਾਬਾਦ ਹਵਾਈ ਅੱਡੇ ’ਤੇ 94 ਜਣਿਆਂ ਨੂੰ ਵਾਪਸੀ ਦੀਆਂ ਟਿਕਟਾਂ ਅਤੇ ©®3 ਨਾ ਹੋਣ ਦੇ ਬਹਾਨੇ ਰੋਕ ਦਿੱਤਾ ਗਿਆ ਸੀ। ਇਸ ਕਾਰਨ ਪੁਰਾਣੀਆਂ ਟਿਕਟਾਂ ਦੇ ਪੈਸੇ ਬਰਬਾਦ ਹੋ ਗਏ ਅਤੇ ਸ਼ਰਧਾਲੂਆਂ ਨੂੰ ਨਵੀਆਂ ਟਿਕਟਾਂ ਖ਼ਰੀਦਣੀਆਂ ਪਈਆਂ। ਪਾਕਿਸਤਾਨ ਪੰਜਾਬ ਦੇ ਸਾਬਕਾ ਮੰਤਰੀ ਮਹਿੰਦਰਪਾਲ ਸਿੰਘ ਨੇ ਇਸ ਘਟਨਾ ਦੀ ਨਿਖੇਧੀ ਕਰਦਿਆਂ ਉੱਚ ਪੱਧਰੀ ਜਾਂਚ ਅਤੇ ਜਵਾਬਦੇਹੀ ਦੀ ਮੰਗ ਕੀਤੀ ਸੀ।

## ਰਾਸ਼ਟਰਪਤੀ ਦ੍ਰੋਪਦੀ ਮੁਰਮੂ ਪੰਜਾਬ ਪਹੁੰਚੇ, ਮੁੱਖ ਮੰਤਰੀ ਭਗਵੰਤ ਮਾਨ ਨੇ ਕੀਤਾ ਨਿੱਘਾ ਸਵਾਗਤ

**ਚੰਡੀਗੜ੍ਹ, 6 ਅਕਤੂਬਰ**
**-ਜੀ. ਐਸ. ਤੁੰਗ-**



ਭਾਰਤ ਦੀ ਰਾਸ਼ਟਰਪਤੀ ਸ੍ਰੀਮਤੀ ਦ੍ਰੋਪਦੀ ਮੁਰਮੂ ਅੱਜ ਪੰਜਾਬ ਦੌਰੇ ’ਤੇ ਪਹੁੰਚੇ। ਚੰਡੀਗੜ੍ਹ ਏਅਰਪੋਰਟ ’ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਦਾ ਸਵਾਗਤ ਕੀਤਾ ਅਤੇ ਪੰਜਾਬ ਸਰਕਾਰ ਤੇ ਸੂਬੇ ਦੇ ਲੋਕਾਂ ਵੱਲੋਂ ਰਾਸ਼ਟਰਪਤੀ ਨੂੰ ਜੀ ਆਇਆਂ ਆਖਿਆ। ਮੁੱਖ ਮੰਤਰੀ ਭਗਵੰਤ ਮਾਨ ਨੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦਾ ਪੰਜਾਬ ਦੀ ਧਰਤੀ ’ਤੇ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਆਪਣੀ ਵਿਲੱਖਣ ਮਹਿਮਾਨ-ਨਿਵਾਜ਼ੀ, ਪਿਆਰ ਅਤੇ ਸਤਿਕਾਰ ਲਈ ਦੁਨੀਆ ਭਰ ਵਿੱਚ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸੇ ਪਰੰਪਰਾ ਤਹਿਤ ਰਾਸ਼ਟਰਪਤੀ ਦਾ ਸੂਬੇ ਵਿੱਚ ਪਹੁੰਚਣ ’ਤੇ ਨਿੱਘੇ ਦਿਲ ਨਾਲ ਸਵਾਗਤ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਗੁਰੂਆਂ, ਪੀਰਾਂ ਅਤੇ ਮਹਾਨ ਸ਼ਹੀਦਾਂ ਦੀ ਪਵਿੱਤਰ ਧਰਤੀ ਪੰਜਾਬ ’ਤੇ ਦੇਸ਼ ਦੀ ਰਾਸ਼ਟਰਪਤੀ ਦਾ ਆਉਣਾ ਸੂਬੇ ਦੇ ਲੋਕਾਂ ਲਈ ਮਾਣ ਅਤੇ ਖੁਸ਼ੀ ਦਾ ਮੌਕਾ ਹੈ। ਰਾਸ਼ਟਰਪਤੀ ਦੀ ਫੇਰੀ ਨੂੰ ਲੈ ਕੇ ਪੰਜਾਬ ਸਰਕਾਰ ਵੱਲੋਂ ਲੋੜੀਂਦੇ ਪ੍ਰਸ਼ਾਸਨਿਕ ਅਤੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਦੀ ਪੰਜਾਬ ਫੇਰੀ ਨੂੰ ਸੂਬੇ ਅਤੇ ਕੇਂਦਰ ਦਰਮਿਆਨ ਸੰਵਾਦ ਅਤੇ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੇ ਪੱਖੋਂ ਵੀ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ।




## ਪ੍ਰਧਾਨ ਮੰਤਰੀ ਮੋਦੀ ਅਤੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਗਾਏ ਪਰਮਲਿਨ ਦੀ ਮੁਲਾਕਾਤ ਦੌਰਾਨ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਰਹੇ ਮੌਜੂਦ

**ਨਵੀਂ ਦਿੱਲੀ, 6 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**



ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਗਾਏ ਪਰਮਲਿਨ ਦੀ ਭਾਰਤ ਫੇਰੀ ਦੌਰਾਨ ਨਵੀਂ ਦਿੱਲੀ ਵਿੱਚ ਭਾਰਤ ਅਤੇ ਸਵਿਟਜ਼ਰਲੈਂਡ ਦਰਮਿਆਨ ਦੁਵੱਲੇ ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ’ਤੇ ਕੇਂਦਰਿਤ ਅਹਿਮ ਗੱਲਬਾਤ ਹੋਈ। ਇਸ ਦੌਰਾਨ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਗਾਏ ਪਰਮਲਿਨ ਨੇ ਦੋਵਾਂ ਦੇਸ਼ਾਂ ਵਿਚਕਾਰ ਵਪਾਰ, ਨਿਵੇਸ਼, ਤਕਨਾਲੋਜੀ, ਵਿਗਿਆਨ, ਊਰਜਾ ਅਤੇ ਲੋਕਾਂ ਦਰਮਿਆਨ ਸੰਪਰਕ ਸਮੇਤ ਕਈ ਮਹੱਤਵਪੂਰਨ ਖੇਤਰਾਂ ਵਿੱਚ ਸਹਿਯੋਗ ਨੂੰ ਅੱਗੇ ਵਧਾਉਣ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਅਹਿਮ ਮੌਕੇ ’ਤੇ ਚੜ੍ਹਦੀਕਲਾ ਗਰੁੱਪ ਦੇ ਚੇਅਰਮੈਨ ਅਤੇ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਦੀ ਮੌਜੂਦਗੀ ਵੀ ਵਿਸ਼ੇਸ਼ ਰਹੀ। ਉਪਲਬਧ ਜਾਣਕਾਰੀ ਅਨੁਸਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਡਾ. ਦਰਦੀ ਦੀ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਨਾਲ ਜਾਣ-ਪਛਾਣ ਕਰਵਾਈ ਅਤੇ ਪੱਤਰਕਾਰੀ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਦੇ ਯੋਗਦਾਨ ਬਾਰੇ ਜਾਣੂ ਕਰਵਾਇਆ।

ਭਾਰਤ-ਸਵਿਟਜ਼ਰਲੈਂਡ ਸਾਂਝੇਦਾਰੀ ਨੂੰ ਨਵੀਂ ਦਿਸ਼ਾ : ਭਾਰਤ ਅਤੇ ਸਵਿਟਜ਼ਰਲੈਂਡ ਦੇ ਸਬੰਧਾਂ ਵਿੱਚ ਵਪਾਰ ਅਤੇ ਆਰਥਿਕ ਸਹਿਯੋਗ ਨੂੰ ਖਾਸ ਮਹੱਤਵ ਦਿੱਤਾ ਜਾ ਰਿਹਾ ਹੈ। ਪ੍ਰਧਾਨ ਮੰਤਰੀ ਦਫ਼ਤਰ ਵੱਲੋਂ ਜਾਰੀ ਜਾਣਕਾਰੀ ਮੁਤਾਬਕ, ਦੋਵਾਂ ਆਗੂਆਂ ਨੇ ਭਾਰਤ-ਯੂਰਪੀ ਮੁਕਤ ਵਪਾਰ ਸੰਘ (56“1) ਵਪਾਰ ਅਤੇ ਆਰਥਿਕ ਭਾਗੀਦਾਰੀ ਸਮਝੌਤੇ ਦੇ ਸੰਦਰਭ ਵਿੱਚ ਵਪਾਰ ਅਤੇ ਨਿਵੇਸ਼ ਦੇ ਮੌਕਿਆਂ ਨੂੰ ਵਧਾਉਣ ’ਤੇ ਜ਼ੋਰ ਦਿੱਤਾ। ਭਾਰਤ ਅਤੇ 56“1 ਵਿਚਕਾਰ ਇਹ ਸਮਝੌਤਾ ਯੂਰਪ ਦੇ ਕਿਸੇ ਆਰਥਿਕ ਗਰੁੱਪ ਨਾਲ ਭਾਰਤ ਦੀ ਪਹਿਲੀ ਮੁਕਤ ਵਪਾਰ ਵਿਵਸਥਾ ਵਜੋਂ ਮਹੱਤਵਪੂਰਨ ਹੈ। ਭਾਰਤੀ ਪੱਖ ਵੱਲੋਂ ਸਵਿਟਜ਼ਰਲੈਂਡ ਵਿੱਚ ਭਾਰਤੀ ਖੇਤੀਬਾੜੀ ਉਤਪਾਦਾਂ, ਫਾਰਮਾ, ਟੈਕਸਟਾਈਲ ਅਤੇ ਇੰਜੀਨੀਅਰਿੰਗ ਉਤਪਾਦਾਂ ਲਈ ਮਾਰਕੀਟ ਪਹੁੰਚ ਵਧਾਉਣ ਦੇ ਨਾਲ-ਨਾਲ ਭਾਰਤ ਵਿੱਚ ਸਵਿਸ ਨਿਵੇਸ਼ ਨੂੰ ਉਤਸ਼ਾਹਿਤ ਕਰਨ ਦੀਆਂ ਸੰਭਾਵਨਾਵਾਂ ’ਤੇ ਵੀ ਗੱਲ ਕੀਤੀ ਗਈ।

ਨਿਵੇਸ਼, ਤਕਨਾਲੋਜੀ ਅਤੇ ਰੋਜ਼ਗਾਰ ’ਤੇ ਫੋਕਸ : ਮੁਲਾਕਾਤ ਦੌਰਾਨ ਰੱਖਿਆ ਉਤਪਾਦਨ, ਪਰਮਾਣੂ ਊਰਜਾ, ਬੁਨਿਆਦੀ ਢਾਂਚਾ ਅਤੇ ਮੋਬਿਲਿਟੀ, ਵਿਗਿਆਨ, ਤਕਨਾਲੋਜੀ ਅਤੇ ਨਵੀਨਤਾ ਵਰਗੇ ਖੇਤਰਾਂ ਵਿੱਚ ਸਹਿਯੋਗ ਨੂੰ ਹੋਰ ਡੂੰਘਾ ਕਰਨ ਦੀਆਂ ਸੰਭਾਵਨਾਵਾਂ ’ਤੇ ਵਿਚਾਰ ਹੋਇਆ। ਸਿਹਤ, ਸਾਫ਼ ਊਰਜਾ, ਪੁਲਾੜ, ਯੋਗ ਅਤੇ ਆਯੁਰਵੇਦ ਵਰਗੇ ਖੇਤਰਾਂ ਵਿੱਚ ਵੀ ਸਹਿਯੋਗ ਵਧਾਉਣ ਦੀ ਗੱਲ ਸਾਹਮਣੇ ਆਈ ਹੈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਸਵਿਟਜ਼ਰਲੈਂਡ ਵਿਚਕਾਰ ਆਰਥਿਕ ਭਾਗੀਦਾਰੀ ਆਉਣ ਵਾਲੇ ਸਮੇਂ ਵਿੱਚ ਨਿਵੇਸ਼, ਨਵੀਨਤਾ ਅਤੇ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਸਕਦੀ ਹੈ। ਅਧਿਕਾਰਤ ਬਿਆਨ ਅਨੁਸਾਰ ਦੋਵਾਂ ਦੇਸ਼ਾਂ ਨੇ ਅਗਲੇ 15 ਸਾਲਾਂ ਵਿੱਚ ਭਾਰਤ ਵਿੱਚ 100 ਬਿਲੀਅਨ ਡਾਲਰ ਦੇ ਨਿਵੇਸ਼ ਅਤੇ 10 ਲੱਖ ਸਿੱਧੀਆਂ ਨੌਕਰੀਆਂ ਦੇ ਟੀਚੇ ਵੱਲ ਸਾਂਝੇ ਯਤਨਾਂ ਦੀ ਸੰਭਾਵਨਾ ਵੀ ਉਜਾਗਰ ਕੀਤੀ।

ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਲਈ ਨਵੇਂ ਮੌਕੇ : ਭਾਰਤ-ਸਵਿਟਜ਼ਰਲੈਂਡ ਸਬੰਧਾਂ ਦਾ ਇੱਕ ਮਹੱਤਵਪੂਰਨ ਪੱਖ ਲੋਕਾਂ ਦਰਮਿਆਨ ਸੰਪਰਕ ਹੈ। ਅਧਿਕਾਰਤ ਜਾਣਕਾਰੀ ਮੁਤਾਬਕ ਦੋਵਾਂ ਦੇਸ਼ਾਂ ਨੇ ਮਾਈਗ੍ਰੇਸ਼ਨ ਅਤੇ ਮੋਬਿਲਿਟੀ ਸਹਿਯੋਗ ਨਾਲ ਸਬੰਧਤ ਸਮਝੌਤੇ ਕੀਤੇ ਹਨ, ਜਿਨ੍ਹਾਂ ਦਾ ਉਦੇਸ਼ ਵਿਦਿਆਰਥੀਆਂ, ਖੋਜਕਰਤਾਵਾਂ, ਪੇਸ਼ੇਵਰਾਂ ਅਤੇ ਨੌਜਵਾਨਾਂ ਲਈ ਕਾਨੂੰਨੀ ਅਤੇ ਸੁਚਾਰੂ ਮੌਕਿਆਂ ਨੂੰ ਵਧਾਉਣਾ ਹੈ। ਇਸ ਤੋਂ ਇਲਾਵਾ, ਨੌਜਵਾਨ ਪੇਸ਼ੇਵਰਾਂ ਅਤੇ ਹੁਨਰ ਵਿਕਾਸ ਨਾਲ ਸਬੰਧਤ ਸਹਿਯੋਗ ਨੂੰ ਵੀ ਦੁਵੱਲੀ ਭਾਗੀਦਾਰੀ ਦਾ ਮਹੱਤਵਪੂਰਨ ਹਿੱਸਾ ਮੰਨਿਆ ਗਿਆ ਹੈ।

ਡਾ. ਜਗਜੀਤ ਸਿੰਘ ਦਰਦੀ ਦੀ ਮੌਜੂਦਗੀ ਬਣੀ ਖਾਸ ਆਕਰਸ਼ਣ : ਇਸ ਉੱਚ-ਪੱਧਰੀ ਕੂਟਨੀਤਕ ਮੌਕੇ ’ਤੇ ਪਦਮਸ਼੍ਰੀ ਡਾ. ਜਗਜੀਤ ਸਿੰਘ ਦਰਦੀ ਦੀ ਸ਼ਮੂਲੀਅਤ ਨੇ ਪੰਜਾਬੀ ਪੱਤਰਕਾਰੀ ਅਤੇ ਸਮਾਜ ਸੇਵਾ ਨਾਲ ਜੁੜੇ ਪੱਖ ਨੂੰ ਵੀ ਉਜਾਗਰ ਕੀਤਾ। ਚੜ੍ਹਦੀਕਲਾ ਗਰੁੱਪ ਨਾਲ ਲੰਬੇ ਸਮੇਂ ਤੋਂ ਜੁੜੇ ਡਾ. ਦਰਦੀ ਨੇ ਪੱਤਰਕਾਰੀ ਅਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ-ਪ੍ਰਸਾਰ ਦੇ ਖੇਤਰ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ ਹੈ। ਪ੍ਰਧਾਨ ਮੰਤਰੀ ਵੱਲੋਂ ਸਵਿਟਜ਼ਰਲੈਂਡ ਦੇ ਰਾਸ਼ਟਰਪਤੀ ਨਾਲ ਉਨ੍ਹਾਂ ਦੀ ਜਾਣ-ਪਛਾਣ ਕਰਵਾਉਣਾ ਇਸ ਗੱਲਬਾਤ ਦਾ ਇੱਕ ਵਿਸ਼ੇਸ਼ ਪਲ ਰਿਹਾ। ਇਸ ਮੌਕੇ ਭਾਰਤ ਅਤੇ ਸਵਿਟਜ਼ਰਲੈਂਡ ਵਿਚਕਾਰ ਵਧ ਰਹੀ ਭਾਗੀਦਾਰੀ ਦੇ ਨਾਲ-ਨਾਲ ਲੋਕਾਂ ਦਰਮਿਆਨ ਸੰਪਰਕ, ਗਿਆਨ ਅਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਦੀ ਮਹੱਤਤਾ ਵੀ ਸਾਹਮਣੇ ਆਈ।

ਭਾਰਤ-ਸਵਿਟਜ਼ਰਲੈਂਡ ਸਬੰਧਾਂ ਲਈ ਮਹੱਤਵਪੂਰਨ ਦੌਰ : ਰਾਸ਼ਟਰਪਤੀ ਗਾਏ ਪਰਮਲਿਨ ਦੀ ਭਾਰਤ ਯਾਤਰਾ ਨੂੰ ਦੋਵਾਂ ਦੇਸ਼ਾਂ ਦੇ ਵਧ ਰਹੇ ਆਰਥਿਕ ਅਤੇ ਰਣਨੀਤਕ ਸਹਿਯੋਗ ਦੇ ਸੰਦਰਭ ਵਿੱਚ ਮਹੱਤਵਪੂਰਨ ਮੰਨਿਆ ਜਾ ਰਿਹਾ ਹੈ। ਭਾਰਤ ਅਤੇ ਸਵਿਟਜ਼ਰਲੈਂਡ ਨੇ ਲੋਕਤੰਤਰ, ਕਾਨੂੰਨ ਦੇ ਰਾਜ, ਸੰਵਾਦ ਅਤੇ ਕੂਟਨੀਤੀ ਪ੍ਰਤੀ ਸਾਂਝੀ ਵਚਨਬੱਧਤਾ ਨੂੰ ਵੀ ਰੇਖਾਂਕਿਤ ਕੀਤਾ ਹੈ। ਇਸ ਦੌਰਾਨ ਹੋਈਆਂ ਗੱਲਬਾਤਾਂ ਤੋਂ ਇਹ ਸੰਕੇਤ ਮਿਲਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਭਾਰਤ-ਸਵਿਟਜ਼ਰਲੈਂਡ ਸਾਂਝੇਦਾਰੀ ਸਿਰਫ਼ ਵਪਾਰ ਅਤੇ ਨਿਵੇਸ਼ ਤੱਕ ਸੀਮਤ ਨਾ ਰਹਿ ਕੇ ਵਿਗਿਆਨ, ਤਕਨਾਲੋਜੀ, ਸਿੱਖਿਆ, ਸਿਹਤ, ਊਰਜਾ, ਹੁਨਰ ਵਿਕਾਸ ਅਤੇ ਲੋਕਾਂ ਦਰਮਿਆਨ ਸੰਪਰਕ ਦੇ ਖੇਤਰਾਂ ਵਿੱਚ ਵੀ ਹੋਰ ਵਿਸਤਾਰ ਹਾਸਲ ਕਰ ਸਕਦੀ ਹੈ।



# ਸੰਪਾਦਕੀ

## ਨੇਤਾ ਦੇ ਵਾਅਦੇ ਬਣਦੇ ਲਾਰੇ, ਮੂੰਹ ਤੱਕਦੇ ਵੋਟਰ ਵਿਚਾਰੇ

ਚੋਣਾਂ ਦਾ ਮੌਸਮ ਆਉਂਦੇ ਹੀ ਸਿਆਸਤ ਦੀ ਫ਼ਿਜ਼ਾ ਵਿੱਚ ਇੱਕ ਅਜੀਬ ਜਿਹਾ ਬਦਲਾਅ ਆ ਜਾਂਦਾ ਹੈ। ਜਿਹੜੇ ਨੇਤਾ ਪੰਜ ਸਾਲ ਲੋਕਾਂ ਦੀ ਪਹੁੰਚ ਤੋਂ ਦੂਰ ਰਹਿੰਦੇ ਹਨ, ਉਹ ਅਚਾਨਕ ਲੋਕਾਂ ਦੇ ਸਭ ਤੋਂ ਨੇੜਲੇ ਹੋ ਜਾਂਦੇ ਹਨ। ਕਿਸੇ ਦੇ ਘਰ ਚਾਹ ਦਾ ਕੱਪ, ਕਿਸੇ ਦੇ ਖੇਤ ਵਿੱਚ ਗੇੜਾ, ਕਿਸੇ ਦੇ ਦੁੱਖ ਵਿੱਚ ਹਾਜ਼ਰੀ ਅਤੇ ਕਿਸੇ ਦੇ ਮੋਢੇ 'ਤੇ ਹੱਥ—ਇਉਂ ਲੱਗਦਾ ਹੈ ਜਿਵੇਂ ਲੋਕਤੰਤਰ ਨਹੀਂ, ਸਗੋਂ ਰਿਸ਼ਤੇਦਾਰੀ ਦਾ ਕੋਈ ਵੱਡਾ ਸਮਾਗਮ ਚੱਲ ਰਿਹਾ ਹੋਵੇ।

ਪਰ ਅਸਲ ਖੇਡ ਤਾਂ ਉਦੋਂ ਸ਼ੁਰੂ ਹੁੰਦੀ ਹੈ, ਜਦੋਂ ਚੋਣੀ ਵਾਅਦਿਆਂ ਦੀ ਪਟਾਰੀ ਖੁੱਲ੍ਹਦੀ ਹੈ। ਮੁਫ਼ਤ ਬਿਜਲੀ, ਨੌਕਰੀਆਂ, ਪੱਕੇ ਰੁਜ਼ਗਾਰ, ਕਿਸਾਨਾਂ ਦੀ ਆਮਦਨ ਵਿੱਚ ਵਾਧਾ, ਨੌਜਵਾਨਾਂ ਨੂੰ ਰੁਜ਼ਗਾਰ, ਸੜਕਾਂ ਦੀ ਕਾਇਆ-ਕਲਪ, ਸਿਹਤ ਸਹੂਲਤਾਂ, ਸਿੱਖਿਆ ਵਿੱਚ ਕ੍ਰਾਂਤੀ, ਨਸ਼ੇ ਦਾ ਖ਼ਾਤਮ 31 ਦਸੰਬਰ ਤੱਕ —ਵਾਅਦਿਆਂ ਦੀ ਸੂਚੀ ਇੰਨੀ ਲੰਮੀ ਹੁੰਦੀ ਹੈ ਕਿ ਕਈ ਵਾਰ ਲੱਗਦਾ ਹੈ ਸਰਕਾਰ ਬਣਦੇ ਹੀ ਹਰ ਸਮੱਸਿਆ ਆਪਣੀ ਮੌਤ ਆਪ ਮਰ ਜਾਵੇਗੀ।

ਭਾਰਤੀ ਲੋਕਤੰਤਰ ਵਿੱਚ ਇਲੈਕਸ਼ਨ ਘੋਸ਼ਣਾ ਪੱਤਰ ਕੋਈ ਕਾਨੂੰਨੀ ਇਕਰਾਰਨਾਮਾ ਨਹੀਂ ਹੁੰਦਾ। ਇਸੇ ਕਰਕੇ ਵਾਅਦਾ ਕਰਨ ਵਾਲੇ ਲਈ ਉਸ ਦੀ ਰਾਜਨੀਤਿਕ ਕੀਮਤ ਅਤੇ ਜਵਾਬਦੇਹੀ ਵਿਚਕਾਰ ਵੱਡਾ ਫ਼ਾਸਲਾ ਬਣ ਜਾਂਦਾ ਹੈ। ਨੇਤਾ ਲਈ ਵਾਅਦਾ ਅਕਸਰ ਇਲੈਕਸ਼ਨ ਲੜਨ ਦੀ ਰਣਨੀਤੀ ਹੁੰਦਾ ਹੈ, ਪਰ ਆਮ ਨਾਗਰਿਕ ਲਈ ਉਹ ਉਸ ਦੇ ਘਰ ਦੀ ਰਸੋਈ, ਬੱਚੇ ਦੀ ਫ਼ੀਸ, ਨੌਕਰੀ, ਇਲਾਜ ਅਤੇ ਬੁਢਾਪੇ ਦੀ ਸੁਰੱਖਿਆ ਨਾਲ ਜੁੜੀ ਉਮੀਦ ਹੁੰਦੀ ਹੈ।

ਇੱਥੇ ਹੀ ਇਸ ਸਾਰੀ ਖੇਡ ਦੀ ਸਭ ਤੋਂ ਕੌੜੀ ਗੱਲ ਸਾਹਮਣੇ ਆਉਂਦੀ ਹੈ—ਚੋਣਾਂ ਤੋਂ ਪਹਿਲਾਂ ਵੋਟਰ ਨੂੰ ਮਾਲਕ ਕਿਹਾ ਜਾਂਦਾ ਹੈ ਅਤੇ ਚੋਣਾਂ ਤੋਂ ਬਾਅਦ ਉਹੀ ਮਾਲਕ / ਮੈਂ ਬਾਪ ਆਪਣੇ ਕੰਮ ਲਈ ਦਫ਼ਤਰਾਂ ਦੇ ਚੱਕਰ ਕੱਟਦਾ ਬੇਹਾਲ ਨਜ਼ਰ ਆਉਂਦਾ ਹੈ। ਹਕੀਕਤ ਇਹ ਹੈ ਕਿ ਭਾਰਤ ਵਿੱਚ ਚੋਣੀ ਵਾਅਦਿਆਂ ਦੀ ਪੂਰਤੀ ਨੂੰ ਲੈ ਕੇ ਜਵਾਬਦੇਹੀ ਦਾ ਕੋਈ ਇੱਕਸਾਰ ਅਤੇ ਮਜ਼ਬੂਤ ਕਾਨੂੰਨੀ ਢਾਂਚਾ ਨਹੀਂ ਹੈ। ਇਸ ਲਈ ਵੋਟਰ ਦੀ ਸਭ ਤੋਂ ਵੱਡੀ ਤਾਕਤ ਉਸ ਦਾ ਵੋਟ ਹੀ ਰਹਿ ਜਾਂਦਾ ਹੈ। ਪਰ ਸਵਾਲ ਇਹ ਹੈ ਕਿ ਕੀ ਵੋਟਰ ਹਰ ਵਾਰ ਜਾਤ, ਧਰਮ, ਨਿੱਜੀ ਰਿਸ਼ਤੇ, ਤੁਰੰਤ ਲਾਭ ਜਾਂ ਭਾਵਨਾਤਮਕ ਨਾਅਰੇ ਤੋਂ ਉੱਪਰ ਉੱਠ ਕੇ ਉਮੀਦਵਾਰ ਦੇ ਪਿਛਲੇ ਕਾਰਜਕਾਲ ਦਾ ਹਿਸਾਬ ਮੰਗਦਾ ਹੈ?

ਕਿਉਂਕਿ ਲੋਕਤੰਤਰ ਵਿੱਚ ਸਿਰਫ਼ ਨੇਤਾ ਹੀ ਜਵਾਬਦੇਹ ਨਹੀਂ ਹੁੰਦਾ, ਵੋਟਰ ਦਾ ਫ਼ੈਸਲਾ ਵੀ ਜਵਾਬਦੇਹ ਹੁੰਦਾ ਹੈ।

ਵਾਅਦਾ ਸੁਣਨ ਤੋਂ ਪਹਿਲਾਂ ਇਹ ਪੁੱਛਣਾ ਜ਼ਰੂਰੀ ਹੈ ਕਿ ਪੈਸਾ ਕਿੱਥੋਂ ਆਵੇਗਾ? ਯੋਜਨਾ ਕਦੋਂ ਪੂਰੀ ਹੋਵੇਗੀ? ਕਿੰਨੇ ਲੋਕਾਂ ਨੂੰ ਲਾਭ ਮਿਲੇਗਾ? ਪਿਛਲੇ ਵਾਅਦਿਆਂ ਵਿੱਚੋਂ ਕਿੰਨੇ ਪੂਰੇ ਹੋਏ? ਅਤੇ ਜੇ ਵਾਅਦਾ ਪੂਰਾ ਨਾ ਹੋਇਆ ਤਾਂ ਜਵਾਬਦੇਹ ਕੌਣ ਹੋਵੇਗਾ?

ਨਹੀਂ ਤਾਂ ਹਰ ਚੋਣ ਵਿੱਚ ਨਵਾਂ ਨਾਅਰਾ ਆਵੇਗਾ, ਨਵੀਂ ਉਮੀਦ ਜਾਗੇਗੀ, ਨਵੇਂ ਵਾਅਦੇ ਹੋਣਗੇ ਅਤੇ ਕੁਝ ਸਾਲਾਂ ਬਾਅਦ ਉਹੀ ਪੁਰਾਣੀ ਕਹਾਣੀ ਦੁਹਰਾਈ ਜਾਵੇਗੀ। ਸਿਆਸਤਦਾਨਾਂ ਨੂੰ ਵਾਅਦੇ ਕਰਨ ਦਾ ਹੱਕ ਹੈ, ਪਰ ਵੋਟਰ ਨੂੰ ਹਿਸਾਬ ਮੰਗਣ ਦਾ ਵੀ ਪੂਰਾ ਹੱਕ ਹੈ।

ਕਿਉਂਕਿ ਲੋਕਤੰਤਰ ਵਿੱਚ ਵੋਟ ਸਿਰਫ਼ ਉਂਗਲੀ 'ਤੇ ਲੱਗੀ ਸਿਆਹੀ ਨਹੀਂ—ਇਹ ਪੰਜ ਸਾਲ ਲਈ ਦਿੱਤਾ ਗਿਆ ਭਰੋਸਾ ਹੈ।

ਅਤੇ ਜਦੋਂ ਭਰੋਸਾ ਵਾਰ-ਵਾਰ ਲਾਰਿਆਂ ਵਿੱਚ ਬਦਲ ਜਾਵੇ, ਤਾਂ ਸਵਾਲ ਨੇਤਾ ਤੋਂ ਨਹੀਂ, ਆਪਣੇ ਆਪ ਤੋਂ ਪੁੱਛਣਾ ਚਾਹਿੰਦਾ ਹੈ

ਅਸੀਂ ਵਾਅਦਾ ਸੁਣ ਕੇ ਵੋਟ ਪਾਈ ਸੀ ਜਾਂ ਵਾਅਦੇ ਦਾ ਹਿਸਾਬ ਲੈ ਕੇ?

ਆਲਾ-ਦੁਆਲਾ ਦੇਖਦੇ ਲੋਕ ਵਿਚਾਰੇ ਅੱਜ ਵੀ ਇਹੀ ਸੋਚ ਰਹੇ ਹਨ। ਚੋਣਾਂ ਤਾਂ ਹਰ ਪੰਜ ਸਾਲ ਬਾਅਦ ਆ ਜਾਂਦੀਆਂ ਨੇ, ਪਰ ਵਾਅਦਿਆਂ ਦਾ ਹਿਸਾਬ ਕਦੋਂ ਆਵੇਗਾ?




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਮਸ਼ੀਨ ਰਕੀਬ ਨਹੀਂ, ਬਸ਼ਰ ਦੀ ਮੁਰੀਦ



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਗਾਂਧੀ ਤੋਂ 'ਨਯਾ ਦੌਰ' ਤੱਕ ਅਤੇ ਕ੍ਰਿਤ੍ਰਿਮ ਬੁੱਧੀ ਦੇ ਯੁੱਗ ਤੱਕ ਮਨੁੱਖੀ ਮਿਹਨਤ, ਤਕਨਾਲੋਜੀ ਅਤੇ ਰੋਜ਼ਗਾਰ ਦੀ ਜੰਗ

ਮਸ਼ੀਨ ਮਨੁੱਖ ਦੀ ਸਹਾਇਕ ਬਣੇ, ਮਨੁੱਖ ਮਸ਼ੀਨ ਦਾ ਗੁਲਾਮ ਨਾ ਬਣੇ।

ਇਹ ਸਿਰਫ਼ ਇੱਕ ਵਾਕ ਨਹੀਂ, ਸਗੋਂ ਆਧੁਨਿਕ ਸਭਿਅਤਾ ਦੇ ਸਭ ਤੋਂ ਵੱਡੇ ਸਵਾਲਾਂ ਵਿੱਚੋਂ ਇੱਕ ਹੈ। ਜਦੋਂ ਤੋਂ ਮਨੁੱਖ ਨੇ ਪਹੀਏ ਤੋਂ ਲੈ ਕੇ ਭਾਫ਼ ਇੰਜਣ, ਬਿਜਲੀ, ਕੰਪਿਊਟਰ, ਰੋਬੋਟ ਅਤੇ ਹੁਣ ਕ੍ਰਿਤ੍ਰਿਮ ਬੁੱਧੀ(ਏ-ਆਈ) ਤੱਕ ਦਾ ਸਫ਼ਰ ਤੈਅ ਕੀਤਾ ਹੈ, ਉਦੋਂ ਤੋਂ ਇੱਕ ਸਵਾਲ ਲਗਾਤਾਰ ਉਸਦੇ ਸਾਹਮਣੇ ਖੜ੍ਹਾ ਹੈ—ਤਕਨਾਲੋਜੀ ਮਨੁੱਖ ਨੂੰ ਆਜ਼ਾਦ ਕਰੇਗੀ ਜਾਂ ਉਸਦੀ ਥਾਂ ਲੈ ਲਵੇਗੀ?

ਇਹ ਸਵਾਲ ਅੱਜ ਏ-ਆਈ ਦੇ ਦੌਰ ਵਿੱਚ ਜਿੰਨਾ ਤਿੱਖਾ ਹੈ, ਸ਼ਾਇਦ ਉਦਯੋਗਿਕ ਕ੍ਰਾਂਤੀ ਤੋਂ ਬਾਅਦ ਵੀ ਇੰਨਾ ਹੀ ਗੰਭੀਰ ਸੀ। ਪਰ ਭਾਰਤ ਵਿੱਚ ਇਸ ਸਵਾਲ ਨੂੰ ਇੱਕ ਵਿਲੱਖਣ ਨੈਤਿਕ ਅਤੇ ਸਮਾਜਿਕ ਦ੍ਰਿਸ਼ਟੀ ਦੇਣ ਵਾਲਿਆਂ ਵਿੱਚ ਮਹਾਤਮਾ ਗਾਂਧੀ ਦਾ ਨਾਮ ਸਭ ਤੋਂ ਅੱਗੇ ਆਉਂਦਾ ਹੈ।

ਪਰ ਇੱਥੇ ਇੱਕ ਮਹੱਤਵਪੂਰਨ ਤੱਥ ਸਪਸ਼ਟ ਕਰਨਾ ਜ਼ਰੂਰੀ ਹੈ। ਗਾਂਧੀ ਜੀ ਮਸ਼ੀਨ ਦੇ ਅੰਨ੍ਹੇ ਵਿਰੋਧੀ ਨਹੀਂ ਸਨ। ਉਨ੍ਹਾਂ ਦਾ ਵਿਰੋਧ ਉਸ ਮਸ਼ੀਨਵਾਦ ਨਾਲ ਸੀ ਜੋ ਮਨੁੱਖੀ ਮਿਹਨਤ ਨੂੰ ਬੇਕਾਰ ਕਰੇ, ਬੇਰੁਜ਼ਗਾਰੀ ਵਧਾਏ, ਉਤਪਾਦਨ/ ਪੈਦਾਵਾਰ ਅਤੇ ਦੌਲਤ ਨੂੰ ਕੁਝ ਹੱਥਾਂ ਵਿੱਚ ਸੀਮਿਤ ਕਰੇ ਅਤੇ ਮਨੁੱਖ ਨੂੰ ਖੁਦ ਇੱਕ ਮਸ਼ੀਨ ਵਿੱਚ ਬਦਲ ਦੇਵੇ। ਉਨ੍ਹਾਂ ਦੇ ਵਿਚਾਰ ਸਮੇਂ ਦੇ ਨਾਲ ਅੱਗੇ ਵਧੇ।

ਗਾਂਧੀਵਾਦੀ ਸੋਚ-ਵਿਚਾਰ ਦਾ ਅਸਲ ਮੁੱਦਾ ਇਹ ਨਹੀਂ ਸੀ ਕਿ ਮਸ਼ੀਨ ਚੰਗੀ ਹੈ ਜਾਂ ਮਾੜੀ? ਸਵਾਲ ਸੀ, ਕੀ ਮਸ਼ੀਨ ਕਿਸ ਦੇ ਫਾਇਦੇ ਲਈ ਹੈ?

ਗਾਂਧੀ ਜੀ ਨੇ ਸਪਸ਼ਟ ਕੀਤਾ ਕਿ ਉਹ ਹਰ ਕਿਸਮ ਦੀ ਮਸ਼ੀਨਰੀ ਦੇ ਬਰਖਿਲਾਫ ਨਹੀਂ। ਉਹ ਅਜਿਹੀ ਮਸ਼ੀਨ ਦਾ ਸਵਾਗਤ ਕਰਦੇ ਸਨ ਜੋ ਕਿਸੇ ਦੀ ਬੇਲੋੜੀ ਮਿਹਨਤ ਘਟਾਏ, ਜੀਵਨ ਨੂੰ ਸੁਖਾਲਾ ਬਣਾਏ ਅਤੇ ਆਮ ਲੋਕਾਂ ਦੇ ਹਿੱਤ ਵਿੱਚ ਕੰਮ ਕਰੇ। ਉਨ੍ਹਾਂ ਨੇ ਚਰਖੇ ਅਤੇ ਸਿਲਾਈ ਮਸ਼ੀਨ ਵਰਗੇ ਸਾਧਨਾਂ ਨੂੰ ਇਸੇ ਸੰਦਰਭ ਵਿੱਚ ਦੇਖਿਆ।

ਉਨ੍ਹਾਂ ਦੀ ਸਭ ਤੋਂ ਵੱਡੀ ਚਿੰਤਾ ਉਦੋਂ ਪੈਦਾ ਹੁੰਦੀ ਸੀ ਜਦੋਂ ਮਨੁੱਖੀ ਮਿਹਨਤ ਘਟਾਉਣ ਵਾਲੀ ਮਸ਼ੀਨ ਦੇ ਨਾਮ 'ਤੇ ਮਸ਼ੀਨ ਕੁਝ ਲੋਕਾਂ ਦੀ ਮਿਹਨਤ ਬਚਾਉਂਦੀ ਹੈ ਪਰ ਲੱਖਾਂ ਲੋਕਾਂ ਦੀ ਰੋਜ਼ੀ-ਰੋਟੀ ਖੋਹ ਵੀ ਲੈਂਦੀ ਹੈ।

ਜੇ ਇੱਕ ਏ-ਆਈ ਪ੍ਰਣਾਲੀ ਇੱਕ ਦਿਨ ਵਿੱਚ ਉਹ ਕੰਮ ਕਰ ਸਕਦੀ ਹੈ ਜਿਸ ਲਈ ਪਹਿਲਾਂ ਸੌ ਲੋਕ ਲੱਗਦੇ ਸਨ, ਤਾਂ ਮੁੱਦਾ ਇਹ ਹੈ ਕਿ ਉਨ੍ਹਾਂ ਸੌ ਲੋਕਾਂ ਲਈ ਨਵੀਆਂ ਸੰਭਾਵਨਾਵਾਂ ਕੌਣ ਪੈਦਾ ਕਰੇਗਾ? ਨਾ-ਕਿ ਏ-ਆਈ ਕਿੰਨੀ ਤਾਕਤਵਰ ਹੈ।

1957 ਵਿੱਚ ਬੀ.ਆਰ. ਚੋਪੜਾ ਦੀ ਫ਼ਿਲਮ 'ਨਯਾ ਦੌਰ' ਨੇ ਇਸੇ ਵਿਚਾਰ ਨੂੰ ਭਾਰਤੀ ਸਿਨੇਮਾ ਦੀ ਹਰਮਨ ਪਿਆਰੀ ਭਾਸ਼ਾ ਵਿੱਚ ਪੇਸ਼ ਕੀਤਾ। ਫ਼ਿਲਮ ਵਿੱਚ ਦਿਲੀਪ ਕੁਮਾਰ ਨੇ ਸ਼ੰਕਰ ਦਾ ਕਿਰਦਾਰ ਨਿਭਾਇਆ, ਜਦਕਿ ਵੈਜਯੰਤੀਮਾਲਾ, ਅਜੀਤ ਅਤੇ ਜੀਵਨ ਸਮੇਤ ਕਈ ਕਲਾਕਾਰ ਮਹੱਤਵਪੂਰਨ ਭੂਮਿਕਾਵਾਂ ਵਿੱਚ ਸਨ। ਫ਼ਿਲਮ ਦਾ ਨਿਰਦੇਸ਼ਨ ਅਤੇ ਨਿਰਮਾਣ ਬੀ.ਆਰ. ਚੋਪੜਾ ਨੇ ਕੀਤਾ ਅਤੇ ਕਹਾਣੀ ਅਖ਼ਤਰ ਮਿਰਜ਼ਾ ਨਾਲ ਜੁੜੀ ਸੀ।

ਇਹ ਗੱਲ ਵੀ ਦਰੁਸਤ ਕਰਨੀ ਬਣਦੀ ਹੈ ਕਿ ਨਯਾ ਦੌਰ ਸੁਪਰਹੀਰੋ ਫ਼ਿਲਮ ਨਹੀਂ ਸੀ। ਇਹ ਇੱਕ ਸਮਾਜਿਕ ਡਰਾਮਾ ਸੀ, ਜਿਸ ਵਿੱਚ ਪਿੰਡ ਦੀ ਜ਼ਿੰਦਗੀ, ਮਿਹਨਤ, ਰੋਜ਼ਗਾਰ, ਆਧੁਨਿਕਤਾ ਅਤੇ ਮਸ਼ੀਨੀਕਰਨ ਦੇ ਟਕਰਾਅ ਨੂੰ ਮੁੱਢ ਬਣਾਇਆ ਗਿਆ ਸੀ।

ਫ਼ਿਲਮ ਦੀ ਕਥਾ ਵਿੱਚ ਮੋਟਰ ਬੱਸਾਂ ਅਤੇ ਮਸ਼ੀਨੀਕਰਨ ਦੇ ਆਉਣ ਨਾਲ ਤਾਂਗੇਵਾਲਿਆਂ ਦੀ ਰੋਜ਼ੀ-ਰੋਟੀ 'ਤੇ ਖ਼ਤਰਾ ਪੈਦਾ ਹੁੰਦਾ ਹੈ। ਦੂਜੇ ਪਾਸੇ ਉਦਯੋਗ ਅਤੇ ਆਧੁਨਿਕਤਾ ਦਾ ਤਰਕ ਹੈ ਤੇਜ਼ੀ, ਵੱਧ ਉਤਪਾਦਨ ਅਤੇ ਵੱਧ ਮੁਨਾਫ਼ਾ।

ਇੱਕ ਪਾਸੇ ਮਨੁੱਖੀ ਹੱਥ ਹਨ; ਦੂਜੇ ਪਾਸੇ ਮਸ਼ੀਨ।
ਇੱਕ ਪਾਸੇ ਰਵਾਇਤੀ ਹੁਨਰ ਹੈ; ਦੂਜੇ ਪਾਸੇ ਤਕਨੀਕੀ ਕੁਸ਼ਲਤਾ।
ਇੱਕ ਪਾਸੇ ਰੋਜ਼ਗਾਰ ਹੈ; ਦੂਜੇ ਪਾਸੇ ਉਤਪਾਦਕਤਾ।

ਇਸੇ ਕਰਕੇ ਨਯਾ ਦੌਰ ਨੂੰ ਸਿਰਫ਼ ਇੱਕ ਪ੍ਰੇਮ ਕਹਾਣੀ ਜਾਂ ਪਿੰਡ ਦੀ ਕਹਾਣੀ ਵਜੋਂ ਦੇਖਣਾ ਇਸਦੀ ਵਿਚਾਰਧਾਰਕ ਗਹਿਰਾਈ ਨੂੰ ਘਟਾਉਣਾ ਹੋਵੇਗਾ। ਖੋਜਕਾਰਾਂ ਨੇ ਵੀ ਇਸਨੂੰ ਆਜ਼ਾਦੀ-ਉਪਰੰਤ ਭਾਰਤ ਵਿੱਚ ਪਰੰਪਰਾ ਬਨਾਮ ਆਧੁਨਿਕਤਾ ਅਤੇ ਮਜ਼ਦੂਰੀ ਬਨਾਮ ਮਸ਼ੀਨੀਕਰਨ ਦੇ ਸੰਘਰਸ਼ ਨਾਲ ਜੋੜਿਆ ਹੈ।

ਫ਼ਿਲਮ ਨਾਲ ਜੁੜੀ ਇੱਕ ਦਰਜ ਕੀਤੀ ਗਈ ਲਾਈਨ ਵੀ ਇਸ ਵਿਚਾਰ ਦਾ ਨਿਚੋੜ ਪੇਸ਼ ਕਰਦੀ ਹੈ ਮਸ਼ੀਨਾਂ ਮਨੁੱਖਾਂ ਨੇ ਬਣਾਈਆਂ ਹਨ, ਮਸ਼ੀਨ ਨੇ ਮਨੁੱਖ ਨਹੀਂ ਬਣਾਇਆ।

ਗਾਂਧੀ ਜੀ ਦੀ ਚਿੰਤਾ ਸਿਰਫ 20ਵੀਂ ਸਦੀ ਦੇ ਕਾਰਖਾਨਿਆਂ ਤੱਕ ਸੀਮਿਤ ਨਹੀਂ ਸੀ। ਉਹ ਅਸਲ ਵਿੱਚ ਇੱਕ ਆਰਥਿਕ ਨੈਤਿਕਤਾ ਦੀ ਗੱਲ ਕਰ ਰਹੇ ਸਨ।

ਉਨ੍ਹਾਂ ਦਾ ਸੋਚ ਸੀ-
ਜੇ ਮਸ਼ੀਨ ਉਤਪਾਦਨ ਵਧਾ ਦਿੰਦੀ ਹੈ, ਪਰ ਮਨੁੱਖ ਦੀ ਇੱਜ਼ਤ ਘਟਾ ਦਿੰਦੀ ਹੈ, ਤਾਂ ਕੀ ਇਹ ਤਰੱਕੀ ਹੈ?
ਜੇ ਕੰਪਨੀ ਦਾ ਮੁਨਾਫ਼ਾ ਵਧੇ ਪਰ ਮਜ਼ਦੂਰ ਦੀ ਆਮਦਨ ਠਹਿਰ ਜਾਵੇ?
ਜੇ ਕੰਮ ਦੀ ਗਤੀ ਵਧੇ ਪਰ ਮਨੁੱਖ ਦੀ ਮਾਨਸਿਕ ਸ਼ਾਂਤੀ ਘਟ ਜਾਵੇ?
ਜੇ ਡਿਜ਼ੀਟਲ ਤਕਨਾਲੋਜੀ ਦੁਨੀਆ ਨੂੰ ਜੋੜ ਦੇਵੇ ਪਰ ਮਨੁੱਖ ਇਕੱਲਾ ਹੋ ਜਾਵੇ?
ਤਾਂ ਇਸਨੂੰ ਸਿਰਫ਼ ਵਿਕਾਸ ਕਹਿਣਾ ਕਿੰਨਾ ਕੁ ਠੀਕ ਹੈ?

ਗਾਂਧੀ ਜੀ ਨੇ ਕਿਹਾ ਸੀ ਕਿ ਮਸ਼ੀਨ ਦਾ ਇਸਤੇਮਾਲ ਉਹੀ ਜਾਇਜ਼ ਹੈ ਜੋ ਸਭ ਦੇ ਫਾਇਦੇ ਦੀ ਸੇਵਾ ਕਰੇ। ਉਨ੍ਹਾਂ ਲਈ ਮਸ਼ੀਨ ਦਾ ਮਾਪਦੰਡ ਉਸਦੀ ਗਤੀ ਜਾਂ ਸਮਰੱਥਾ ਨਹੀਂ, ਬਲਕਿ ਉਸਦਾ ਮਨੁੱਖੀ ਪ੍ਰਭਾਵ ਸੀ।

ਇੱਥੇ ਉਨ੍ਹਾਂ ਦੀ ਸੋਚ ਆਧੁਨਿਕ ਸਭ ਨੂੰ ਨਾਲ ਲੈ ਕੇ ਚੱਲਣ ਵਾਲੀ ਤਕਨਾਲੋਜੀ ਦੀ ਧਾਰਨਾ ਨਾਲ ਅਚੰਭਿਤ ਤੌਰ 'ਤੇ ਜੁੜਦੀ ਦਿਖਾਈ ਦਿੰਦੀ ਹੈ ਅਰਥਾਤ ਤਕਨਾਲੋਜੀ ਕੁਝ ਲੋਕਾਂ ਨੂੰ ਹੋਰ ਸ਼ਕਤੀਸ਼ਾਲੀ ਬਣਾਉਣ ਦੀ ਬਜਾਏ ਵੱਧ ਤੋਂ ਵੱਧ ਲੋਕਾਂ ਲਈ ਮੌਕੇ ਪੈਦਾ ਕਰੇ।
ਇੱਥੇ ਗਾਂਧੀਵਾਦੀ ਵਿਚਾਰ ਦਾ ਇੱਕ ਹੋਰ ਡੂੰਘਾ ਪੱਖ ਸਾਹਮਣੇ ਆਉਂਦਾ ਹੈ।
ਮਸ਼ੀਨ ਨਹੀਂ, ਮਸ਼ੀਨ ਦੀ ਮਾਲਕੀ ਅਸਲ ਜੜ ਹੈ
ਮੰਨ ਲਓ ਇੱਕ ਮਸ਼ੀਨ ਇੱਕ ਮਜ਼ਦੂਰ ਦਾ ਦਸ ਘੰਟਿਆਂ ਦਾ ਕੰਮ ਇੱਕ ਘੰਟੇ ਵਿੱਚ ਕਰ ਦਿੰਦੀ ਹੈ। ਇਹ ਆਪਣੇ ਆਪ ਵਿੱਚ ਬੁਰੀ ਗੱਲ ਨਹੀਂ। ਸਵਾਲ ਇਹ ਹੈ ਕਿ ਬਚੇ ਹੋਏ ਨੌਂ ਘੰਟੇ ਕਿਸ ਦੇ ਹਨ?
ਗਾਧੀ ਦੀ ਚਿੰਤਾ ਇੱਥੇ ਸੀ ਕਿ
ਕੀ ਮਜ਼ਦੂਰ ਨੂੰ ਵੱਧ ਆਰਾਮ ਮਿਲੇਗਾ?
ਕੀ ਉਸਦੀ ਤਨਖ਼ਾਹ ਵਧੇਗੀ?
ਕੀ ਉਹ ਨਵਾਂ ਹੁਨਰ ਸਿੱਖੇਗਾ?
ਕੀ ਸਮਾਜ ਵਿੱਚ ਨਵੀਆਂ ਨੌਕਰੀਆਂ ਪੈਦਾ ਹੋਣਗੀਆਂ?
ਜਾਂ ਮਸ਼ੀਨ ਦਾ ਮਾਲਕ ਸਿਰਫ਼ ਹੋਰ ਮੁਨਾਫ਼ਾ ਕਮਾਏਗਾ ਅਤੇ ਮਜ਼ਦੂਰ ਨੂੰ ਕਿਹਾ ਜਾਵੇਗਾ— ਹੁਣ ਤੁਹਾਡੀ ਲੋੜ ਨਹੀਂ।

ਉਨ੍ਹਾਂ ਨੇ ਮਸ਼ੀਨ ਨੂੰ ਖ਼ਤਰਾ ਨਹੀਂ, ਮਸ਼ੀਨ ਦੀ ਬੇਇਨਸਾਫ਼ ਵਰਤੋਂ ਨੂੰ ਖ਼ਤਰਾ ਮੰਨਿਆ। ਉਹ ਅਜਿਹੇ ਆਰਥਿਕ ਪ੍ਰਬੰਧ ਦੇ ਵਿਰੁੱਧ ਸਨ ਜਿਸ ਵਿੱਚ ਵਿਗਿਆਨ ਅਤੇ ਤਕਨਾਲੋਜੀ ਮਨੁੱਖੀ ਭਲਾਈ ਦੀ ਬਜਾਏ ਲਾਲਚ ਦੀ ਸੇਵਾ ਕਰਨ। ਉਨ੍ਹਾਂ ਨੇ ਇਹ ਵੀ ਕਿਹਾ ਕਿ ਵੱਡੀਆਂ ਮਸ਼ੀਨਾਂ ਜਿੱਥੇ ਲੋਕ-ਹਿੱਤ ਲਈ ਜ਼ਰੂਰੀ ਹੋਣ, ਉੱਥੇ ਉਨ੍ਹਾਂ ਦੀ ਭੂਮਿਕਾ ਹੋ ਵੀ ਸਕਦੀ ਹੈ।

ਅੱਜ ਲੜਾਈ ਤਾਂਗੇ ਅਤੇ ਬੱਸ ਵਿਚਕਾਰ ਨਹੀਂ ਰਹੀ।
ਅੱਜ ਮੁਕਾਬਲਾ ਹੈ—
ਕਲਰਕ ਬਨਾਮ ਐਲਗੋਰਿਦਮ।
ਡਰਾਈਵਰ ਬਨਾਮ ਆਟੋਮੇਸ਼ਨ।
ਅਨੁਵਾਦਕ ਬਨਾਮ ਏ-ਆਈ।
ਡਿਜ਼ਾਈਨਰ ਬਨਾਮ ਜਨਰੇਟਿਵ ਏ-ਆਈ।
ਕਾਲ-ਸੈਂਟਰ ਕਰਮਚਾਰੀ ਬਨਾਮ ਚੈਟਬੋਟ।
ਲੇਖਕ ਬਨਾਮ ਭਾਸ਼ਾਈ ਮਾਡਲ।

ਭਵਿੱਖ ਦੀ ਵੀ ਅਸਲ ਤਸਵੀਰ ਸ਼ਾਇਦ ਮੈਨ + ਮਸ਼ੀਨ ਹੋਵੇਗੀ।

ਜਿਸ ਡਾਕਟਰ ਕੋਲ ਏ-ਆਈ -ਆਧਾਰਿਤ ਜਾਂਚ-ਪੜਤਾਲ ਦੇ ਸੰਦ ਹਨ, ਉਹ ਵੱਧ ਜਾਣਕਾਰੀ ਨਾਲ ਫ਼ੈਸਲਾ ਕਰ ਸਕਦਾ ਹੈ। ਕਿਸਾਨ ਉਪਗ੍ਰਹਿ ਚਿੱਤਰਾਂ ਅਤੇ ਸੈਂਸਰਾਂ ਰਾਹੀਂ ਨਿਗਰਾਨੀ ਨਾਲ ਪਾਣੀ ਤੇ ਖਾਦ ਦੀ ਵਰਤੋਂ ਸੁਧਾਰ ਸਕਦਾ ਹੈ। ਪੱਤਰਕਾਰ ਵੱਡੇ ਡਾਟਾ-ਸੈੱਟ ਨੂੰ ਤੇਜ਼ੀ ਨਾਲ ਖੰਗਾਲ ਸਕਦਾ ਹੈ। ਵਿਦਿਆਰਥੀ ਦੁਨੀਆ ਭਰ ਦੀ ਜਾਣਕਾਰੀ ਤੱਕ ਪਹੁੰਚ ਕਰ ਸਕਦਾ ਹੈ।
ਮੁੱਦਾ ਹੈ—
ਕੀ ਮਨੁੱਖ ਮਸ਼ੀਨ ਨੂੰ ਆਪਣੇ ਨਿਯੰਤਰਣ ਵਿੱਚ ਰੱਖ ਕੇ ਉਸਨੂੰ ਮਨੁੱਖੀ ਸਮਰੱਥਾ ਦਾ ਵਿਸਥਾਰ ਬਣਾਏਗਾ?
ਅੱਜ ਵੀ ਮਨੁੱਖ ਸਭ ਤੋਂ ਵੱਡੀ ਤਾਕਤਹੈ- ਮਸ਼ੀਨ ਨਹੀਂ
ਮਸ਼ੀਨ ਗਿਣਤੀ ਕਰ ਸਕਦੀ ਹੈ।
ਮਸ਼ੀਨ ਪੈਟਰਨ ਪਛਾਣ ਸਕਦੀ ਹੈ।
ਮਸ਼ੀਨ ਲਿਖ ਸਕਦੀ ਹੈ।
ਮਸ਼ੀਨ ਤਸਵੀਰ ਬਣਾ ਸਕਦੀ ਹੈ।
ਮਸ਼ੀਨ ਭਵਿੱਖਬਾਣੀ ਕਰ ਸਕਦੀ ਹੈ।

ਪਰ ਮਨੁੱਖ ਕੋਲ ਇੱਕ ਹੋਰ ਚੀਜ਼ ਹੈ—ਨੈਤਿਕ ਜ਼ਿੰਮੇਵਾਰੀ।

ਮਸ਼ੀਨ ਨੂੰ ਇਹ ਸਿਖਾਇਆ ਜਾ ਸਕਦਾ ਹੈ ਕਿ ਕਿਹੜਾ ਫ਼ੈਸਲਾ ਅੰਕੜਿਆਂ ਮੁਤਾਬਕ ਸਹੀ ਹੈ। ਪਰ ਇਹ ਫ਼ੈਸਲਾ ਕਿ ਸਹੀ ਹੋਣ ਦੇ ਬਾਵਜੂਦ ਕੀ ਇਹ ਨਿਆਂਪੂਰਨ ਵੀ ਹੈ? ਇਹ ਮਨੁੱਖੀ ਸਵਾਲ ਹੈ।

ਮਸ਼ੀਨ ਪਰਪੱਖਤਾ ਮਾਪ ਸਕਦੀ ਹੈ। ਮਨੁੱਖ ਮਾਣ-ਮਰਿਆਦਾ ਦਾ ਅਰਥ ਸਮਝਦਾ ਹੈ।

ਮਸ਼ੀਨ ਪੈਦਾਵਾਰ / ਉਤਪਾਦਕਤਾ ਵਧਾ ਸਕਦੀ ਹੈ; ਮਨੁੱਖ ਪੁੱਛ ਸਕਦਾ ਹੈ ਕਿ ਇਹ ਉਤਪਾਦਕਤਾ ਕਿਸ ਲਈ ਹੈ।

ਇਹੀ ਉਹ ਬਿੰਦੂ ਹੈ ਜਿੱਥੇ ਗਾਂਧੀ ਦੀ ਸੋਚ 21ਵੀਂ ਸਦੀ ਵਿੱਚ ਦੁਬਾਰਾ ਢੁਕਵੀਂ ਹੋ ਜਾਂਦੀ ਹੈ।
ਸਾਨੂੰ ਹੁਣ ਇਹ ਮੰਨਣ ਦੀ ਲੋੜ ਹੈ ਕਿ ਹਰ ਨਵੀਂ ਮਸ਼ੀਨ ਆਪਣੇ ਆਪ ਤਰੱਕੀ ਨਹੀਂ ਹੁੰਦੀ।
ਤਰੱਕੀ ਉਹ ਹੈ ਜੋ ਮਨੁੱਖ ਨੂੰ ਹੋਰ ਮਨੁੱਖ ਬਣਾਏ।
ਜੇ ਤਕਨਾਲੋਜੀ ਕਿਸਾਨ ਦੀ ਮਿਹਨਤ ਘਟਾਉਂਦੀ ਹੈ—ਇਹ ਤਰੱਕੀ ਹੈ।
ਜੇ ਇਹ ਡਾਕਟਰ ਨੂੰ ਬਿਹਤਰ ਇਲਾਜ ਵਿੱਚ ਮਦਦ ਕਰਦੀ ਹੈ—ਇਹ ਤਰੱਕੀ ਹੈ।
ਜੇ ਇਹ ਵਿਦਿਆਰਥੀ ਨੂੰ ਗਿਆਨ ਤੱਕ ਪਹੁੰਚ ਦਿੰਦੀ ਹੈ—ਇਹ ਤਰੱਕੀ ਹੈ।
ਜੇ ਇਹ ਅਪਾਹਜ ਵਿਅਕਤੀ ਨੂੰ ਨਵੀਂ ਆਜ਼ਾਦੀ ਦਿੰਦੀ ਹੈ—ਇਹ ਤਰੱਕੀ ਹੈ।

ਪਰ ਜੇ ਇਹ ਮਨੁੱਖ ਨੂੰ ਬੇਰੁਜ਼ਗਾਰ ਕਰਕੇ ਉਸਦੀ ਥਾਂ ਸਿਰਫ਼ ਮੁਨਾਫ਼ਾ ਵਧਾਉਂਦੀ ਹੈ, ਦੌਲਤ ਨੂੰ ਹੋਰ ਕੇਂਦਰਿਤ ਕਰਦੀ ਹੈ ਅਤੇ ਮਨੁੱਖੀ ਮਿਹਨਤ ਦੀ ਕਦਰ ਖ਼ਤਮ ਕਰਦੀ ਹੈ ਤਾਂ ਸਾਨੂੰ ਰੁਕ ਕੇ ਪੁੱਛਣਾ ਪਵੇਗਾ ਕਿ ਅਸੀਂ ਮਸ਼ੀਨ ਬਣਾਈ ਹੈ ਜਾਂ ਮਸ਼ੀਨ ਨੇ ਸਾਨੂੰ ਬਣਾ ਦਿੱਤਾ ਹੈ?

ਗਾਂਧੀ ਦੀ ਸੋਚ ਨੂੰ ਮਸ਼ੀਨ ਵਿਰੋਧੀ ਨਾਅਰੇ ਤੱਕ ਸੀਮਿਤ ਕਰਨਾ ਉਨ੍ਹਾਂ ਦੇ ਵਿਚਾਰਾਂ ਨਾਲ ਇਨਸਾਫ਼ ਨਹੀਂ। ਉਨ੍ਹਾਂ ਦਾ ਮੁੱਖ ਸੰਦੇਸ਼ ਇਸ ਤੋਂ ਕਿਤੇ ਵੱਡਾ ਸੀ—ਵਿਗਿਆਨ ਅਤੇ ਤਕਨਾਲੋਜੀ ਮਨੁੱਖ ਲਈ ਹਨ, ਮਨੁੱਖ ਤਕਨਾਲੋਜੀ ਲਈ ਨਹੀਂ।

'ਨਯਾ ਦੌਰ' ਨੇ 1957 ਵਿੱਚ ਇਸ ਸੰਘਰਸ਼ ਨੂੰ ਇੱਕ ਤਾਂਗੇ ਅਤੇ ਮੋਟਰ ਦੇ ਟਕਰਾਅ ਰਾਹੀਂ ਦਿਖਾਇਆ ਸੀ। ਅੱਜ ਉਹੀ ਸੰਘਰਸ਼ 19 ਅਤੇ ਮਨੁੱਖੀ ਦਿਮਾਗ ਦੇ ਵਿਚਕਾਰ ਨਵੀਂ ਸ਼ਕਲ ਵਿੱਚ ਸਾਡੇ ਸਾਹਮਣੇ ਹੈ।

ਪਰ ਸ਼ਾਇਦ ਭਵਿੱਖ ਦੀ ਸਭ ਤੋਂ ਵੱਡੀ ਜਿੱਤ ਮਸ਼ੀਨ ਨੂੰ ਹਰਾਉਣ ਵਿੱਚ ਨਹੀਂ ਹੋਵੇਗੀ।

ਜਿੱਤ ਉਦੋਂ ਹੋਵੇਗੀ ਜਦੋਂ ਮਨੁੱਖ ਮਸ਼ੀਨ ਨੂੰ ਆਪਣਾ ਗੁਲਾਮ ਬਣਾਉਣ ਦੀ ਬਜਾਏ ਆਪਣਾ ਸਹਿਯੋਗੀ ਬਣਾਏਗਾ।
ਕਿਉਂਕਿ—
ਮਸ਼ੀਨ ਤੇਜ਼ ਹੋ ਸਕਦੀ ਹੈ, ਪਰ ਦਿਸ਼ਾ ਮਨੁੱਖ ਦੇਵੇਗਾ।
ਮਸ਼ੀਨ ਹਿਸਾਬ ਕਰ ਸਕਦੀ ਹੈ, ਪਰ ਮੁੱਲ ਮਨੁੱਖ ਤੈਅ ਕਰੇਗਾ।
ਮਸ਼ੀਨ ਕੰਮ ਕਰ ਸਕਦੀ ਹੈ, ਪਰ ਕੰਮ ਦਾ ਮਕਸਦ ਮਨੁੱਖ ਨਿਰਧਾਰਤ ਕਰੇਗਾ।
ਮਸ਼ੀਨ ਗਿਆਨ ਇਕੱਠਾ ਕਰ ਸਕਦੀ ਹੈ, ਪਰ ਗਿਆਨ ਨੂੰ ਵਿਵੇਕ ਵਿੱਚ ਬਦਲਣਾ ਮਨੁੱਖ ਦੀ ਜ਼ਿੰਮੇਵਾਰੀ ਰਹੇਗੀ।

ਇਸ ਲਈ 1957 ਦਾ 'ਨਯਾ ਦੌਰ' ਅੱਜ ਵੀ ਸਾਨੂੰ ਇੱਕ ਨਵਾਂ ਸਵਾਲ ਪੁੱਛਦਾ ਹੈ—
ਮਸ਼ੀਨ ਕਿੰਨੀ ਅੱਗੇ ਚਲੀ ਗਈ? ਤੋਂ ਵੀ ਵੱਡਾ ਸਵਾਲ ਹੈ— ਮਨੁੱਖ ਖੁਦ ਕਿੱਥੇ ਖੜ੍ਹਾ ਹੈ?

ਅਤੇ ਸ਼ਾਇਦ ਇਸੇ ਸਵਾਲ ਵਿੱਚ ਆਉਣ ਵਾਲੀ ਸਦੀ ਦੀ ਅਸਲ ਇਨਕਲਾਬ ਐੱਲ ਕਿਆ ਹੋਇਆ ਹੈ।

ਮਸ਼ੀਨ ਨੂੰ ਰੋਕਣਾ ਹੱਲ ਨਹੀਂ।
ਮਨੁੱਖ ਨੂੰ ਮਸ਼ੀਨ ਬਣਨ ਤੋਂ ਰੋਕਣਾ ਹੀ ਅਸਲ ਇਨਕਲਾਬ ਹੈ।

## ਪਟਿਆਲਾ ਦੇਹਾਤੀ ਤੋਂ ਭਾਜਪਾ ਆਗੂ ਗੁਰਜੀਤ ਸਿੰਘ ਕੋਹਲੀ ਨੇ ਡੈੱਫ ਐਂਡ ਬਲਾਈਂਡ ਸਕੂਲ ਦੇ ਬੱਚਿਆਂ ਨਾਲ ਮਨਾਇਆ ਜਨਮ ਦਿਨ

**ਪਟਿਆਲਾ, 6 ਅਕਤੂਬਰ**
**-ਜੀ. ਐਸ. ਤੁੰਗ-**

ਪਟਿਆਲਾ ਦੇਹਾਤੀ ਤੋਂ ਭਾਜਪਾ ਆਗੂ ਗੁਰਜੀਤ ਸਿੰਘ ਕੋਹਲੀ ਨੇ ਆਪਣੇ ਜਨਮਦਿਨ ਮੌਕੇ ਰਵਾਇਤੀ ਜਸ਼ਨ ਤੋਂ ਹਟ ਕੇ ਪਟਿਆਲਾ ਦੇ ਸਕੂਲ ਫਾਰ ਡੈੱਫ ਐਂਡ ਬਲਾਈਂਡ ਵਿਖੇ ਪਹੁੰਚ ਕੇ ਲਗਭਗ 450 ਬੱਚਿਆਂ ਅਤੇ ਸਕੂਲ ਸਟਾਫ਼ ਨਾਲ ਆਪਣੀ ਖੁਸ਼ੀ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਨੇ ਬੱਚਿਆਂ ਨਾਲ ਕੇਕ ਕੱਟਿਆ ਅਤੇ ਸਕੂਲ ਦੀ ਬ੍ਰੇਕ ਦੌਰਾਨ ਰਿਫਰੈਸ਼ਮੈਂਟ ਵੰਡੀ। ਕੋਹਲੀ ਨੇ ਕਿਹਾ ਕਿ ਉਹ ਨਿੱਜੀ ਤੌਰ 'ਤੇ ਆਪਣਾ ਜਨਮਦਿਨ ਵੱਡੇ ਪੱਧਰ 'ਤੇ ਮਨਾਉਣ ਵਿੱਚ ਵਿਸ਼ਵਾਸ ਨਹੀਂ ਰੱਖਦੇ, ਪਰ ਜੇਕਰ ਇਸ ਦਿਨ ਦੀ ਖੁਸ਼ੀ ਕਿਸੇ ਹੋਰ ਨਾਲ ਸਾਂਝੀ ਕਰਕੇ ਕਿਸੇ ਦੇ ਚਿਹਰੇ 'ਤੇ ਮੁਸਕਾਨ ਲਿਆਂਦੀ ਜਾ ਸਕੇ ਅਤੇ ਉਸ ਨੂੰ ਆਪਣੇਪਣ ਦਾ ਅਹਿਸਾਸ ਕਰਵਾਇਆ ਜਾ ਸਕੇ, ਤਾਂ ਇਸ ਤੋਂ ਵੱਡਾ ਜਸ਼ਨ ਹੋਰ ਕੋਈ ਨਹੀਂ।



ਉਨ੍ਹਾਂ ਕਿਹਾ, ਇਨ੍ਹਾਂ ਬੱਚਿਆਂ ਨਾਲ ਬਿਤਾਇਆ ਸਮਾਂ ਮੇਰੇ ਲਈ ਬੇਹੱਦ ਭਾਵੁਕ ਅਤੇ ਪ੍ਰੇਰਣਾਦਾਇਕ ਰਿਹਾ। ਉਨ੍ਹਾਂ ਦਾ ਪਿਆਰ ਅਤੇ ਅਸ਼ੀਰਵਾਦ ਹੀ ਮੇਰੇ ਜਨਮਦਿਨ ਦਾ ਸਭ ਤੋਂ ਕੀਮਤੀ ਤੋਹਫ਼ਾ ਹੈ। ਇੱਥੇ ਆ ਕੇ ਇੱਕ ਵਾਰ ਫਿਰ ਅਹਿਸਾਸ ਹੋਇਆ ਕਿ ਮਨੁੱਖਾ ਜੀਵਨ ਕਿੰਨਾ ਅਨਮੋਲ ਹੈ ਅਤੇ ਸਾਨੂੰ ਪਰਮਾਤਮਾ ਵੱਲੋਂ ਮਿਲੀਆਂ ਬਖ਼ਸ਼ਿਸ਼ਾਂ ਲਈ ਹਮੇਸ਼ਾ ਸ਼ੁਕਰਗੁਜ਼ਾਰ ਰਹਿਣਾ ਚਾਹੀਦਾ ਹੈ। ਕੋਹਲੀ ਨੇ ਕਿਹਾ ਕਿ ਸਮਾਜ ਵਿੱਚ ਵੱਖ-ਵੱਖ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਬੱਚਿਆਂ ਨੂੰ ਸਿਰਫ਼ ਹਮਦਰਦੀ ਨਹੀਂ, ਸਗੋਂ ਪਿਆਰ, ਸਾਥ, ਹੌਸਲਾ ਅਤੇ ਆਪਣੇਪਣ ਦੀ ਲੋੜ ਹੈ। ਉਨ੍ਹਾਂ ਨਾਲ ਸਮਾਂ ਬਿਤਾਉਣਾ ਅਤੇ ਉਨ੍ਹਾਂ ਦੀਆਂ ਖੁਸ਼ੀਆਂ ਵਿੱਚ ਸ਼ਾਮਲ ਹੋਣਾ ਵੀ ਸੇਵਾ ਦਾ ਇੱਕ ਮਹੱਤਵਪੂਰਨ ਰੂਪ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਦੇ ਹੌਸਲੇ ਅਤੇ ਜੀਵਨ ਪ੍ਰਤੀ ਉਨ੍ਹਾਂ ਦੇ ਨਜ਼ਰੀਏ ਨੇ ਉਨ੍ਹਾਂ ਨੂੰ ਡੂੰਘੀ ਪ੍ਰੇਰਨਾ ਦਿੱਤੀ। ਮੇਰੇ ਲਈ ਇਹ ਜਨਮਦਿਨ ਜਸ਼ਨ ਨਾਲੋਂ ਵੱਧ ਸੇਵਾ, ਸ਼ੁਕਰਾਨੇ ਅਤੇ ਆਤਮ-ਚਿੰਤਨ ਦਾ ਦਿਨ ਬਣ ਗਿਆ। ਇਸ ਮੌਕੇ ਐਡਵੋਕੇਟ ਯੁਗਲ ਵਾਲੀਆ ਜੀ, ਸ੍ਰੀ ਦਲੀਪ ਸਿੰਘ ਬੋਚੜਾ ਜੀ, ਮਾਨਿਕ ਮਹਿਤਾ ਜੀ, ਸ੍ਰੀ ਜੌਨੀ ਵਾਲੀਆ ਜੀ, ਤਜਿੰਦਰ ਜੀ, ਸ੍ਰੀ ਆਰ. ਐਲ. ਪੁਸੀਨ ਜੀ ਸਮੇਤ ਹੋਰ ਸਾਥੀ ਵੀ ਹਾਜ਼ਰ ਸਨ।




## ਝੋਨਾ ਵੇਚਣ ਲਈ ਮੰਡੀਆਂ 'ਚ ਆਏ ਕਿਸਾਨ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਪ੍ਰਬੰਧਾਂ ਤੋਂ ਖੁਸ਼: ਕਟਾਰੂਚੱਕ



**ਪਟਿਆਲਾ, 6 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਸੁਰੱਖਿਆ ਮਾਮਲਿਆਂ ਦੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਹੈ ਕਿ ਪੰਜਾਬ ਦੀਆਂ ਮੰਡੀਆਂ 'ਚ ਝੋਨੇ ਦੀ ਫਸਲ ਵੇਚਣ ਲਈ ਪੁੱਜੇ ਕਿਸਾਨ ਖੁਸ਼ ਹੋ ਕੇ ਵਾਪਸ ਜਾ ਰਹੇ ਹਨ। ਅੱਜ ਪਟਿਆਲਾ ਦੀ ਸਰਹਿੰਦ ਰੋਡ 'ਤੇ ਸਥਿਤ ਅਨਾਜ ਮੰਡੀ ਵਿਖੇ ਝੋਨੇ ਦੀ ਖਰੀਦ ਦਾ ਜਾਇਜ਼ਾ ਲੈਂਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਮੰਡੀਆਂ 'ਚ ਝੋਨੇ ਦੀ ਖਰੀਦ ਲਈ ਪੁਖ਼ਤਾ ਇੰਤਜਾਮ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਾਢੇ ਚਾਰ ਸਾਲਾਂ 'ਚ 9 ਸੀਜ਼ਨ ਬਹੁਤ ਵਧੀਆ ਲੰਘੇ ਹਨ ਅਤੇ ਇਹ 10ਵਾਂ ਖਰੀਦ ਸੀਜ਼ਨ ਵੀ ਸੁਚਾਰੂ, ਨਿਰਵਿਘਨ ਤੇ ਸਫ਼ਲਤਾਪੂਰਵਕ ਨੇਪਰੇ ਚਾੜ੍ਹਿਆ ਜਾਵੇਗਾ।

ਇਸ ਮੌਕੇ ਮੀਡੀਆ ਨਾਲ ਗ਼ੈਰ ਰਸਮੀ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਦੱਸਿਆ ਕਿ ਕੇਂਦਰੀ 42786.68 ਕਰੋੜ ਰੁਪਏ ਦੀ ਨਗ਼ਦ ਕਰਜਾ ਹੱਦ (ਸੀਸੀਐਲ), ਬਾਰਦਾਨੇ ਦੇ ਲੋੜੀਂਦੇ ਪ੍ਰਬੰਧ ਹਨ ਤੇ ਉਹ ਖ਼ੁਦ ਮੰਡੀਆਂ 'ਚ ਜਾ ਰਹੇ ਹਨ ਅਤੇ ਨਾਲ ਹੀ ਅਧਿਕਾਰੀ ਵੀ ਪ੍ਰਬੰਧਾਂ ਦਾ ਜਾਇਜ਼ਾ ਲਗਾਤਾਰ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਹੁਣ ਤੱਕ 6.23 ਲੱਖ ਮੀਟ੍ਰਿਕ ਟਨ ਝੋਨਾ ਮੰਡੀਆਂ 'ਚ ਪੁੱਜਾ ਹੈ ਤੇ ਇਸ 'ਚੋਂ 5.70 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਖਰੀਦੀ ਫ਼ਸਲ ਦੀ ਕੀਮਤ ਐਮ.ਐਸ.ਪੀ ਮੁਤਾਬਕ 781 ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ 'ਚ ਪਾਈ ਜਾ ਚੁੱਕੀ ਹੈ।

ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬਾ ਕੇਂਦਰੀ ਪੂਲ ਲਈ ਝੋਨੇ ਦੀ ਖਰੀਦ ਲਈ 180 ਲੱਖ ਮੀਟ੍ਰਿਕ ਟਨ ਦੇ ਮਿਲੇ ਟੀਚੇ ਨੂੰ ਪੂਰਾ ਕਰਨ ਵੱਲ ਵੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਾਰੀਆਂ ਨੋਟੀਫਾਈ 1887 ਮੰਡੀਆਂ 'ਚ ਕਿਸਾਨਾਂ ਦੀ ਖਰੀਦੀ ਜਿਣਸ ਦਾ ਤੁਰੰਤ ਤੇ ਨਿਰਵਿਘਨ ਭੁਗਤਾਨ ਯਕੀਨੀ ਬਣਾਇਆ ਜਾ ਰਿਹਾ ਹੈ ਅਤੇ ਸਰਕਾਰ ਦੇ ਪ੍ਰਬੰਧਾਂ ਸਦਕਾ ਕਿਸਾਨਾਂ ਦੀ ਦੁਸ਼ਹਿਰਾ ਤੇ ਦਿਵਾਲੀ ਦੇ ਤਿਉਹਾਰ ਮੰਡੀਆਂ 'ਚ ਮਨਾਉਣ ਦੀ ਪੁਰਾਣੀ ਮਿੱਥ ਵੀ ਤੋੜੀ ਗਈ ਹੈ।

ਲਾਲ ਚੰਦ ਕਟਾਰੂਚੱਕ ਨੇ ਇਸ ਮੌਕੇ ਕਿਸਾਨਾਂ ਤੇ ਆੜ੍ਹਤੀਆਂ ਨਾਲ ਗੱਲਬਾਤ ਕਰਦਿਆਂ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਕਿਸਾਨਾਂ ਦੀ ਖ਼ੂਨ-ਪਸੀਨੇ ਨਾਲ ਉਗਾਈ ਫਸਲ ਦੇ ਇੱਕ-ਇੱਕ ਦਾਣੇ ਨੂੰ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੇ ਨਾਲ-ਨਾਲ ਆੜ੍ਹਤੀਆਂ ਤੇ ਮਜ਼ਦੂਰਾਂ ਦੇ ਹਿੱਤਾਂ ਦੀ ਵੀ ਰਾਖੀ ਕੀਤੀ ਜਾ ਰਹੀ ਹੈ। ਉਨ੍ਹਾਂ ਨਾਲ ਹੀ ਇਹ ਵੀ ਕਿਹਾ ਕਿ ਬਾਹਰਲੇ ਸੂਬਿਆਂ ਤੋਂ ਝੋਨੇ ਦੀ ਆਮਦ ਰੋਕਣ ਲਈ ਵੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਖੁਰਾਕ, ਸਿਵਲ ਸਪਲਾਈਜ਼ ਦੇ ਖਪਤਕਾਰ ਮਾਮਲੇ ਮੰਤਰੀ ਨੇ ਕਿਹਾ ਕਿ ਕਣਕ ਤੇ ਝੋਨੇ ਦੀ ਖਰੀਦ ਦਾ ਸੀਜ਼ਨ ਬਹੁਤ ਵੱਡਾ ਸੀਜ਼ਨ ਹੁੰਦਾ ਹੈ ਤੇ ਅੱਧੇ ਤੋਂ ਵੱਧ ਪੰਜਾਬ ਇਸ ਨਾਲ ਜੁੜਿਆ ਹੁੰਦਾ ਹੈ, ਇਸ ਲਈ ਪੰਜਾਬ ਸਰਕਾਰ ਦੀ ਇਹ ਤਰਜੀਹ ਹੈ ਕਿ ਕਿਸਾਨ ਮੰਡੀਆਂ 'ਚੋਂ ਖੁਸ਼ ਹੋ ਕੇ ਜਾਵੇ ਤੇ ਆਪਣੀ ਅਗਲੀ ਫ਼ਸਲ ਦੀ ਤਿਆਰੀ ਕਰੇ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ 'ਰਿਸਰਚ ਟੂਲਕਿੱਟ' ਸਬੰਧੀ ਇੱਕ ਹਫ਼ਤੇ ਦੀ ਹੱਥੀਂ ਸਿਖਲਾਈ ਵਰਕਸ਼ਾਪ ਸਫਲਤਾਪੂਰਵਕ ਸੰਪੰਨ



**ਫ਼ਤਹਿਗੜ੍ਹ ਸਾਹਿਬ, 6 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੇ ਗਣਿਤ ਵਿਭਾਗ ਵੱਲੋਂ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਲਈ ਰਿਸਰਚ ਟੂਲਕਿੱਟ ਫਾਰ ਪੋਸਟਗ੍ਰੈਜੂਏਟ ਸਟੂਡੈਂਟਸ: ਸਾਇੰਟਿਫਿਕ ਰਾਈਟਿੰਗ, ਡਾਟਾ ਵਿਜ਼ੂਅਲਾਈਜ਼ੇਸ਼ਨ ਐਂਡ ਪਬਲੀਕੇਸ਼ਨ ਵਿਸ਼ੇ 'ਤੇ ਕਰਵਾਈ ਗਈ ਇੱਕ ਹਫ਼ਤੇ ਦੀ ਹੱਥੀਂ ਸਿਖਲਾਈ ਵਰਕਸ਼ਾਪ ਸਫਲਤਾਪੂਰਵਕ ਸੰਪੰਨ ਹੋਈ।

ਇਹ ਵਰਕਸ਼ਾਪ ਪ੍ਰੋ. (ਡਾ.) ਪਰਿਤ ਪਾਲ ਸਿੰਘ, ਉਪ-ਕੁਲਪਤੀ ਅਤੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਦੀ ਅਗਵਾਈ ਹੇਠ ਅਤੇ ਡਾ. ਰਿਚਾ ਬਰਾੜ, ਮੁਖੀ, ਗਣਿਤ ਵਿਭਾਗ ਦੀ ਦੇਖ-ਰੇਖ ਹੇਠ ਕਰਵਾਈ ਗਈ। ਇਸ ਦਾ ਉਦੇਸ਼ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਵਿੱਚ ਖੋਜ, ਵਿਗਿਆਨਕ ਲੇਖਨ, ਡਾਟਾ ਵਿਜ਼ੂਅਲਾਈਜ਼ੇਸ਼ਨ, ਦਸਤਾਵੇਜ਼ ਤਿਆਰੀ ਅਤੇ ਖੋਜ-ਪੱਤਰ ਪ੍ਰਕਾਸ਼ਨ ਨਾਲ ਸਬੰਧਿਤ ਹੁਨਰਾਂ ਨੂੰ ਵਿਕਸਿਤ ਕਰਨਾ ਸੀ। ਵਰਕਸ਼ਾਪ ਦੌਰਾਨ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡਾ. ਰਿਚਾ ਬਰਾੜ, ਡਾ. ਬ੍ਰਹਮਿਤ ਕੌਰ, ਡਾ. ਅਰਸ਼ਦੀਪ ਕੌਰ ਅਤੇ ਸ੍ਰੀਮਤੀ ਸਿਮਰਨਜੀਤ ਕੌਰ ਵੱਲੋਂ ਵਿਦਿਆਰਥੀਆਂ ਨੂੰ ਵਿਹਾਰਕ ਅਤੇ ਜਾਣਕਾਰੀ ਭਰਪੂਰ ਸੈਸ਼ਨ ਕਰਵਾਏ ਗਏ। ਇਨ੍ਹਾਂ ਸੈਸ਼ਨਾਂ ਵਿੱਚ ਖੋਜ-ਪੱਤਰ ਤਿਆਰ ਕਰਨ, ਲਾਟੇਕਸ ਰਾਹੀਂ ਖੋਜ ਲੇਖਨ, ਗਣਿਤਕ ਟਾਈਪਸੈਟਿੰਗ, ਟੇਬਲਾਂ ਅਤੇ ਗ੍ਰਾਫਿਕਸ, ਐਕਸਲ ਰਾਹੀਂ ਡਾਟਾ ਵਿਜ਼ੂਅਲਾਈਜ਼ੇਸ਼ਨ, ਜਰਨਲ ਟੈਂਪਲੇਟਸ ਅਤੇ ਖਰੜੇ ਤੋਂ ਪ੍ਰਕਾਸ਼ਨ ਤੱਕ ਦੀ ਪ੍ਰਕਿਰਿਆ ਬਾਰੇ ਸਿਖਲਾਈ ਦਿੱਤੀ ਗਈ।

ਵਰਕਸ਼ਾਪ ਵਿੱਚ ਗਣਿਤ, ਖੇਤੀਬਾੜੀ, ਕਾਮਰਸ ਅਤੇ ਮੈਨੇਜਮੈਂਟ, ਅਰਥਸ਼ਾਸਤਰ ਅਤੇ ਫੂਡ ਪ੍ਰੋਸੈਸਿੰਗ ਐਂਡ ਟੈਕਨਾਲੋਜੀ ਸਮੇਤ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਸ ਨਾਲ ਇੱਕ ਅੰਤਰ-ਵਿਸ਼ਿਆਤਮਕ ਖੋਜ ਮਾਹੌਲ ਸਿਰਜਿਆ ਗਿਆ। ਸਮਾਪਤੀ ਸਮਾਰੋਹ ਦੀ ਸ਼ੁਰੂਆਤ ਸ੍ਰੀਮਤੀ ਪ੍ਰੀਨਾ ਵੱਲੋਂ ਸਵਾਗਤੀ ਭਾਸ਼ਣ ਨਾਲ ਹੋਈ। ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਗਣਿਤ ਵਿਭਾਗ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਵਿੱਚ ਮਜ਼ਬੂਤ ਖੋਜ ਸੱਭਿਆਚਾਰ ਵਿਕਸਿਤ ਕਰਨ ਵਿੱਚ ਸਹਾਇਕ ਹਨ। ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਖੋਜ ਨੈਤਿਕਤਾ ਅਤੇ ਇਮਾਨਦਾਰੀ ਨੂੰ ਇੱਕ ਜ਼ਿੰਮੇਵਾਰ ਅਤੇ ਸਫਲ ਖੋਜਕਰਤਾ ਬਣਨ ਲਈ ਜ਼ਰੂਰੀ ਆਧਾਰ ਦੱਸਿਆ। ਵਰਕਸ਼ਾਪ ਦੀ ਸਫਲ ਸੰਪੂਰਨਤਾ ਵਿਦਿਆਰਥੀਆਂ ਦੀ ਖੋਜ ਸਮਰੱਥਾ, ਅਕਾਦਮਿਕ ਲੇਖਨ, ਤਕਨੀਕੀ ਹੁਨਰਾਂ ਅਤੇ ਪ੍ਰਕਾਸ਼ਨ ਲਈ ਤਿਆਰੀ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਸਾਬਤ ਹੋਈ।




## ‘ਪਟਿਆਲਵੀ ਪੱਤਰਕਾਰ’ ਪਟਿਆਲਾ ਦੀ ਪੱਤਰਕਾਰੀ ਵਿਰਾਸਤ ਦਾ ਇਤਿਹਾਸਕ ਦਸਤਾਵੇਜ਼

### ਉਜਾਗਰ ਸਿੰਘ ਦੀ ਕਿਤਾਬ ਵਿੱਚ 80 ਪੱਤਰਕਾਰਾਂ ਦੀ ਜੀਵਨ-ਯਾਤਰਾ, ਸੰਘਰਸ਼ ਅਤੇ ਪੱਤਰਕਾਰੀ ਵਿਰਾਸਤ ਦਰਜ

**ਪਟਿਆਲਾ, 6 ਅਕਤੂਬਰ**
**-ਜੀ. ਐਸ. ਤੁੰਗ-**

ਪੱਤਰਕਾਰੀ ਕਿਸੇ ਦੌਰ ਦੇ ਸਮਾਜਿਕ, ਰਾਜਨੀਤਕ ਅਤੇ ਸੱਭਿਆਚਾਰਕ ਇਤਿਹਾਸ ਨੂੰ ਦਰਜ ਕਰਨ ਦਾ ਮਹੱਤਵਪੂਰਨ ਸਾਧਨ ਹੈ। ਇਸੇ ਪੱਖ ਨੂੰ ਸਾਹਮਣੇ ਰੱਖਦਿਆਂ ਸਾਬਕਾ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ ਅਤੇ ਲੇਖਕ ਉਜਾਗਰ ਸਿੰਘ ਦੀ ਕਿਤਾਬ‘ ਪਟਿਆਲਵੀ ਪੱਤਰਕਾਰ’ ਪਟਿਆਲਾ ਦੀ ਪੱਤਰਕਾਰੀ ਵਿਰਾਸਤ ਨੂੰ ਸਾਂਭਣ ਵਾਲਾ ਮਹੱਤਵਪੂਰਨ ਦਸਤਾਵੇਜ਼ ਹੈ। ਸਪਤਰਿਸ਼ੀ ਪਬਲੀਕੇਸ਼ਨ, ਚੰਡੀਗੜ੍ਹ ਵੱਲੋਂ ਛਪੀ ਇਸ ਕਿਤਾਬ ਦੇ 164 ਸਫ਼ੇ ਹਨ ਅਤੇ ਕੀਮਤ 250 ਰੁਪਏ ਹੈ। ਕਿਤਾਬ ਵਿੱਚ ਪਟਿਆਲਾ ਦੀ ਪੱਤਰਕਾਰੀ ਨਾਲ ਜੁੜੇ ਪੱਤਰਕਾਰਾਂ ਦੀ ਜਾਣਕਾਰੀ ਇਕੱਠੀ ਕਰਕੇ ਇੱਕ ਥਾਂ ਦਰਜ ਕੀਤੀ ਗਈ ਹੈ।

ਇਸ ਕਿਤਾਬ ਅਨੁਸਾਰ ਜਲੰਧਰ ਅਤੇ ਚੰਡੀਗੜ੍ਹ ਤੋਂ ਬਾਅਦ ਪਟਿਆਲਾ ਨੇ ਪੰਜਾਬੀ ਪੱਤਰਕਾਰੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇੱਕ ਦੌਰ ਵਿੱਚ ਪਟਿਆਲਾ ਤੋਂ ਪੰਜਾਬੀ ਦੇ ਕਈ ਰੋਜ਼ਾਨਾ ਅਤੇ ਹਫ਼ਤਾਵਾਰੀ ਅਖ਼ਬਾਰ ਪ੍ਰਕਾਸ਼ਿਤ ਹੁੰਦੇ ਸਨ। ਲੇਖਕ ਨੇ ਉਸ ਦੌਰ ਨਾਲ ਜੁੜੇ ਪੱਤਰਕਾਰਾਂ ਦੀ ਜਾਣਕਾਰੀ ਇਕੱਠੀ ਕਰਕੇ ਪਟਿਆਲਾ ਦੀ ਪੱਤਰਕਾਰੀ ਦੇ ਇਤਿਹਾਸ ਨੂੰ ਦਰਜ ਕਰਨ ਦਾ ਯਤਨ ਕੀਤਾ ਹੈ।ਇਸ ਕਿਤਾਬ ਵਿੱਚ ਗੁਰਮੁਖੀ ਵਰਣਮਾਲਾ ਅਨੁਸਾਰ 80 ਪੱਤਰਕਾਰਾਂ ਨੂੰ ਵਿਸਥਾਰ ਨਾਲ ਸ਼ਾਮਲ ਕੀਤਾ ਗਿਆ ਹੈ, ਜਦਕਿ 15 ਹੋਰ ਪੱਤਰਕਾਰਾਂ ਬਾਰੇ ਸੰਖੇਪ ਜਾਣਕਾਰੀ ਦਿੱਤੀ ਗਈ ਹੈ। ਇਨ੍ਹਾਂ ਵਿੱਚ ਪੱਤਰਕਾਰਾਂ ਦੇ ਜੀਵਨ, ਅਖ਼ਬਾਰਾਂ ਨਾਲ ਸਬੰਧ, ਪੱਤਰਕਾਰੀ ਖੇਤਰ, ਸਾਹਿਤਕ ਰਚਨਾਵਾਂ, ਯਾਤਰਾਵਾਂ ਅਤੇ ਮਾਣ-ਸਨਮਾਨਾਂ ਸਮੇਤ ਕਈ ਪਹਿਲੂ ਦਰਜ ਹਨ। ਪੁਸਤਕ ਵਿੱਚ ਸ਼ਾਮਲ ਪੱਤਰਕਾਰ 1960 ਜਾਂ ਇਸ ਤੋਂ ਪਹਿਲਾਂ ਦੇ ਜਨਮ ਵਾਲੇ ਦੱਸੇ ਗਏ ਹਨ। ਇਸ ਕਿਤਾਬ ਵਿੱਚ ਭੂਸ਼ਣ ਸਰਹੰਦੀ ਅਤੇ ਸਰੋਜ ਸਰਹੰਦੀ ਦੀ ਪੱਤਰਕਾਰੀ ਦਾ ਵੀ ਜ਼ਿਕਰ ਹੈ। ਭੂਸ਼ਣ ਸਰਹੰਦੀ ਨੂੰ ਬੇਬਾਕ ਤੇ ਨਿਡਰ ਪੱਤਰਕਾਰ ਵਜੋਂ ਦਰਸਾਇਆ ਗਿਆ ਹੈ, ਜਦਕਿ ਸਰੋਜ ਸਰਹੰਦੀ ਨੇ ਅੱਤਵਾਦ ਦੇ ਦੌਰ ਵਿੱਚ ਮਹਿਲਾ ਪੱਤਰਕਾਰ ਵਜੋਂ ਪੱਤਰਕਾਰੀ ਕੀਤੀ। ਇਸੇ ਤਰ੍ਹਾਂ ਜਗਜੀਤ ਸਿੰਘ ਦਰਦੀ, ਚੌਧਰੀ ਪ੍ਰਭਜੋਤ ਸਿੰਘ, ਵਰਿੰਦਰ ਸਿੰਘ ਵਾਲੀਆ ਅਤੇ ਡਾ. ਹਰਜਿੰਦਰ ਵਾਲੀਆ ਸਮੇਤ ਕਈ ਪੱਤਰਕਾਰਾਂ ਦੀ ਪੱਤਰਕਾਰੀ ਯਾਤਰਾ ਦਰਜ ਕੀਤੀ ਗਈ ਹੈ। ਜਗਜੀਤ ਸਿੰਘ ਦਰਦੀ ਨੂੰ ਪਦਮਸ਼੍ਰੀ ਸਨਮਾਨ ਮਿਲਣ ਦਾ ਜ਼ਿਕਰ ਵੀ ਕਿਤਾਬ ਵਿੱਚ ਹੈ। ਕਿਤਾਬ ਵਿੱਚ ਅਜਿਹੀਆਂ ਸ਼ਖ਼ਸੀਅਤਾਂ ਦਾ ਵੀ ਜ਼ਿਕਰ ਹੈ ਜਿਨ੍ਹਾਂ ਨੇ ਪੱਤਰਕਾਰੀ ਦੇ ਨਾਲ ਤਾਲੀਮ ਅਤੇ ਸਾਹਿਤ ਦੇ ਖੇਤਰ ਵਿੱਚ ਯੋਗਦਾਨ ਪਾਇਆ। ਪ੍ਰੋ. ਅਵਿਨਾਸ਼ ਸਿੰਘ, ਪ੍ਰੋ. ਕੁਲਬੀਰ ਸਿੰਘ, ਵਰਿੰਦਰ ਸਿੰਘ ਵਾਲੀਆ ਅਤੇ ਡਾ. ਹਰਜਿੰਦਰ ਵਾਲੀਆ ਇਸ ਦੀਆਂ ਮਿਸਲਾਂ ਹਨ। ਡਿਜੀਟਲ ਅਤੇ ਸੋਸ਼ਲ ਮੀਡੀਆ ਦੇ ਤੇਜ਼ੀ ਨਾਲ ਬਦਲਦੇ ਦੌਰ ਵਿੱਚ ਪੁਰਾਣੀ ਪੀੜ੍ਹੀ ਦੇ ਪੱਤਰਕਾਰਾਂ ਦੇ ਕੰਮਕਾਜ, ਸੰਘਰਸ਼ ਅਤੇ ਪੱਤਰਕਾਰੀ ਦੇ ਤਰੀਕਿਆਂ ਨੂੰ ਦਰਜ ਕਰਨਾ ਮੀਡੀਆ ਇਤਿਹਾਸ ਲਈ ਮਹੱਤਵਪੂਰਨ ਹੈ। ਇਸ ਪੱਖੋਂ ‘ਪਟਿਆਲਵੀ ਪੱਤਰਕਾਰ’ ਕਿਤਾਬ ਸਿਰਫ਼ ਪੱਤਰਕਾਰਾਂ ਦੀਆਂ ਜੀਵਨੀਆਂ ਦਾ ਸੰਗ੍ਰਹਿ ਨਹੀਂ, ਸਗੋਂ ਪਟਿਆਲਾ ਦੀ ਪੱਤਰਕਾਰੀ ਦੀ ਯਾਦ, ਸੰਘਰਸ਼ ਅਤੇ ਵਿਰਾਸਤ ਨੂੰ ਇੱਕ ਥਾਂ ਸਾਂਭਣ ਵਾਲਾ ਇਤਿਹਾਸਿਕ ਦਸਤਾਵੇਜ਼ ਹੈ। ਪਟਿਆਲਵੀ ਪੱਤਰਕਾਰ ਕਿਤਾਬ ਸ਼ੁੱਕਰਵਾਰ 9 ਅਕਤੂਬਰ 2026 ਨੂੰ ਪਟਿਆਲਾ ਮੀਡੀਆ ਕਲੱਬ 6-4 ਪਾਸੀ ਰੋਡ ਪਟਿਆਲਾ ਵਿਖੇ ਲੋਕ ਅਰਪਣ ਕੀਤੀ ਜਾਵੇਗੀ।

## ਸੂਬੇ ਦੀਆਂ ਮੰਡੀਆਂ ਅੰਦਰ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਖਰੀਦ ਕਰਕੇ 24 ਘੰਟੇ ਅੰਦਰ ਅਦਾਇਗੀ ਕੀਤੀ ਜਾਵੇਗੀ : ਲਾਲ ਚੰਦ ਕਟਾਰੂਚੱਕ

**ਫ਼ਤਹਿਗੜ੍ਹ ਸਾਹਿਬ, 6 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਅੱਜ ਅਨਾਜ ਮੰਡੀ ਸਰਹਿੰਦ ਵਿਖੇ ਚੱਲ ਰਹੀ ਝੋਨੇ ਦੀ ਸਰਕਾਰੀ ਖਰੀਦ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਪਿੰਡ ਖੇੜਾ ਦੇ ਕਿਸਾਨ ਸ੍ਰੀ ਗੁਰਸੇਵਕ ਸਿੰਘ ਦੀ ਫ਼ਸਲ ਦੀ ਖਰੀਦ ਕਰਵਾਈ ਅਤੇ ਸਬੰਧਤ ਅਧਿਕਾਰੀਆਂ ਨੂੰ ਖਰੀਦ ਕੀਤੀ ਫ਼ਸਲ ਦੀ ਅਦਾਇਗੀ 24 ਘੰਟਿਆਂ ਦੇ ਅੰਦਰ-ਅੰਦਰ ਕਿਸਾਨਾਂ ਦੇ ਖਾਤੇ ਵਿੱਚ ਪਾਉਣ ਦੇ ਆਦੇਸ਼ ਦਿੱਤੇ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ, ਚੇਅਰਮੈਨ ਮਾਰਕੀਟ ਕਮੇਟੀ ਸਰਹਿੰਦ ਅਮਰਿੰਦਰ ਸਿੰਘ ਮੰਡੋਫਲ਼ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ ਪੰਜਾਬ ਦੀਆਂ ਮੰਡੀਆਂ ਵਿੱਚ 06 ਲੱਖ 30 ਹਜਾਰ ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ ਸੂਬੇ ਦੀਆਂ ਵੱਖ ਵੱਖ ਖਰੀਦ ਏਜੰਸੀਆਂ ਵੱਲੋਂ 05 ਲੱਖ 70 ਹਜਾਰ ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਐਮ.ਐਸ.ਪੀ.2461 ਰੁਪਏ



ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਹੁਣ ਤੱਕ ਖਰੀਦ ਕੀਤੇ ਝੋਨੇ ਦੀ 781 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਦੇ ਖਾਤਿਆਂ ਵਿੱਚ ਕੀਤੀ ਜਾ ਚੁੱਕੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਝੋਨੇ ਦੀ ਖਰੀਦ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਸਪੱਸ਼ਟ ਨਿਰਦੇਸ਼ ਹਨ ਕਿ ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਆੜ੍ਹਤੀਆਂ, ਮਿੱਲਰਾਂ, ਮਜ਼ਦੂਰਾਂ ਸਮੇਤ ਖਰੀਦ ਨਾਲ ਜੁੜੀ ਕਿਸੇ ਵੀ ਧਿਰ ਨੂੰ ਮੰਡੀ ਵਿੱਚ ਕਿਸੇ ਕਿਸਮ ਦੀ ਦਿੱਕਤ ਨਾ ਆਵੇ। ਉਨ੍ਹਾਂ ਕਿਹਾ ਕਿ ਕੇਂਦਰੀ ਪੂਲ ਲਈ ਪੰਜਾਬ ਨੂੰ ਮਿਲੇ 180 ਲੱਖ ਮੀਟਰਿਕ ਟਨ ਝੋਨੇ ਦੇ ਟੀਚੇ ਨੂੰ ਪੂਰਾ ਕਰਨ ਲਈ ਸਰਕਾਰ ਵੱਲੋਂ ਲੋੜੀਂਦੇ ਸਾਰੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ ਤੇ ਇਹ ਟੀਚਾ ਅਸਾਨੀ ਨਾਲ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਬਾਰਦਾਨੇ ਦੀਆਂ 05 ਲੱਖ ਗੱਠਾਂ ਉਪਲਬਧ ਹਨ ਅਤੇ ਖਰੀਦ ਲਈ ਭਾਰਤੀ ਰਿਜਰਵ ਬੈਂਕ ਵੱਲੋਂ 42,786 ਕਰੋੜ ਰੁਪਏ ਦੀ ਨਕਦ ਕਰਜਾ ਸੀਮਾ ਪਹਿਲਾਂ ਹੀ ਮਨਜ਼ੂਰ ਕੀਤੀ ਜਾ ਚੁੱਕੀ ਹੈ।

ਸ੍ਰੀ ਲਾਲ ਚੰਦ ਕਟਾਰੂਚੱਕ ਨੇ ਕਿਸਾਨਾਂ ਨੂੰ ਕਿਹਾ ਕਿਸੇ ਵੀ ਤਰ੍ਹਾਂ ਦੀ ਚਿੰਤਾ ਜਾਂ ਸ਼ੰਕਾ ਨਾ ਰੱਖਣ ਕਿਉਂਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਪੂਰੀ ਫ਼ਸਲ ਦੀ ਖਰੀਦ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਮੰਡੀ ਵਿੱਚ ਆਉਣ ਵਾਲਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ ਅਤੇ ਕਿਸਾਨਾਂ ਨੂੰ ਸਮੇਂ ਸਿਰ ਅਦਾਇਗੀ ਕੀਤੀ ਜਾਵੇਗੀ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਝੋਨੇ ਨੂੰ ਚੰਗੀ ਤਰ੍ਹਾਂ ਸੁਕਾ ਕੇ ਹੀ ਮੰਡੀ ਵਿੱਚ ਲੈ ਕੇ ਆਉਣ, ਤਾਂ ਜੋ ਉਨ੍ਹਾਂ ਨੂੰ ਫ਼ਸਲ ਦੀ ਵਿਕਰੀ ਸਮੇਂ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਐਡਵੋਕੇਟ ਕੰਵਰਵੀਰ ਸਿੰਘ ਰਾਏ, ਹਲਕਾ ਯੂਥ ਪ੍ਰਧਾਨ ਦਿਲਪ੍ਰੀਤ ਭੱਟੀ, ਹਲਕਾ ਸੰਗਠਨ ਇੰਚਾਰਜ ਮੋਹਿਤ ਸੂਦ, ਸਰਪੰਚ ਸਤਨਾਮ ਸਿੰਘ ਖਰੌੜਾ, ਸਤਵੀਰ ਜੱਲਾ, ਕੁਲਵਿੰਦਰ ਡੇਰਾ, ਬਲਜਿੰਦਰ ਕਾਕਾ, ਸੰਦੀਪ ਸਿੰਘ ਭੱਲ ਮਾਜਰਾ, ਤਰਸੇਮ ਉਪਲ ਰਾਜੇਸ਼ ਉਪਲ, ਸਤੀਸ਼ ਲਟੌਰ, ਐਫ.ਐਸ.ਓ.ਕੇਵਲ ਸਿੰਘ ਸਮੇਤ ਹੋਰ ਅਧਿਕਾਰੀ ਹਾਜਰ ਸਨ।

## ਸੈਂਸਜ਼ 2027 ਫੇਜ਼-2 ਤਹਿਤ 16 ਨਵੰਬਰ ਤੋਂ 30 ਨਵੰਬਰ ਤੱਕ ਹੋਵੇਗੀ ਸਵੈ ਜਨਗਣਨਾ:ਡਿਪਟੀ ਕਮਿਸ਼ਨਰ



**ਫ਼ਤਹਿਗੜ੍ਹ ਸਾਹਿਬ, 6 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੈਂਸਜ਼ 2027 ਫੇਜ਼-2 ਤਹਿਤ ਹੋਣ ਵਾਲੀ ਆਬਾਦੀ ਜਨਗਣਨਾ ਦੀਆਂ ਤਿਆਰੀਆਂ ਦੀ ਸਮੀਖਿਆ ਕਰਨ ਲਈ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੈਂਸਜ਼ 2027 ਫੇਜ਼-2 ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੈਂਸਜ਼ 2027 ਫੇਜ਼-2 ਤਹਿਤ 16 ਨਵੰਬਰ ਤੋਂ 30 ਨਵੰਬਰ 2026 ਤੱਕ ਸਵੈ ਜਨਗਣਨਾ ਕਰਵਾਈ ਜਾਵੇਗੀ। ਇਸ ਤਹਿਤ ਕੋਈ ਵੀ ਵਿਅਕਤੀ ਨਿਰਧਾਰਤ ਵੈੱਬਸਾਈਟ ’ਤੇ ਜਾ ਕੇ ਆਪਣੇ ਪਰਿਵਾਰ ਦੀ ਜਨਗਣਨਾ ਸਬੰਧੀ ਜਾਣਕਾਰੀ ਖੁਦ ਦਰਜ ਕਰਵਾ ਸਕਦਾ ਹੈ। ਇਸ ਤੋਂ ਬਾਅਦ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਗਿਣਤੀਕਾਰਾਂ ਵੱਲੋਂ ਘਰ-ਘਰ ਜਾ ਕੇ ਜਨਗਣਨਾ ਕੀਤੀ ਜਾਵੇਗੀ। ਇਸ ਦੌਰਾਨ ਪਰਿਵਾਰ ਦੇ ਹਰੇਕ ਮੈਂਬਰ ਸਬੰਧੀ ਲਗਭਗ 40 ਸਵਾਲ ਪੁੱਛੇ ਜਾਣਗੇ ਅਤੇ ਲੋੜੀਂਦੀ ਜਾਣਕਾਰੀ ਦਰਜ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੈਂਸਜ਼ 2027 ਫੇਜ਼-2 ਦੀ ਸਮੁੱਚੀ ਪ੍ਰਕਿਰਿਆ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪਸੀ ਤਾਲਮੇਲ ਨਾਲ ਕੰਮ ਕੀਤਾ ਜਾਵੇ ਅਤੇ ਜਨਗਣਨਾ ਨਾਲ ਸਬੰਧਤ ਕੰਮਾਂ ਨੂੰ ਨਿਰਧਾਰਤ ਸਮੇਂ ਅਨੁਸਾਰ ਮੁਕੰਮਲ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਵੈ ਜਨਗਣਨਾ ਦੀ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਜਨਗਣਨਾ ਪ੍ਰਕਿਰਿਆ ਨੂੰ ਸਫਲ ਬਣਾਉਣ ਵਿੱਚ ਆਪਣਾ ਸਹਿਯੋਗ ਦੇਣ। ਇਸ ਮੌਕੇ ਐਸ.ਡੀ.ਐਮ.ਫ਼ਤਹਿਗੜ੍ਹ ਸਾਹਿਬ ਕਰੁਣ ਗੁਪਤਾ, ਐਸ.ਡੀ.ਐਮ. ਬਸੀ ਪਠਾਣਾ ਦੀਪਜੋਤ ਕੌਰ, ਐਸ.ਡੀ.ਐਮ. ਅਮਲੋਹ ਹਰਵੀਰ ਕੌਰ, ਐਸ.ਡੀ.ਐਮ. ਖਮਾਣੋਂ ਅਰਵਿੰਦ ਕੁਮਾਰ ਗੁਪਤਾ, ਸਹਾਇਕ ਖੋਜ ਅਫਸਰ ਹਰਮਨਦੀਪ ਕੌਰ, ਇਕਬਾਲ ਸਿੰਘ, ਮਾਸਟਰ ਟ੍ਰੇਨਰ ਸ੍ਰੀ ਪਰਵਿੰਦਰ ਸਿੰਘ, ਸ੍ਰੀ ਚੰਨਪ੍ਰੀਤ ਸਿੰਘ, ਸਨ।

## ਅੰਮ੍ਰਿਤਸਰ BRTS ਪ੍ਰੋਜੈਕਟ ਬੰਦ ਕਰਨ ਦਾ .ਫੈਸਲਾ ਪੰਜਾਬ ਸਰਕਾਰ ਵੱਲੋਂ ਮੁਲਤਵੀ

### 10 ਸਾਲਾਂ ਬਾਅਦ ਕਿਉਂ ਕੀਤਾ ਜਾ ਰਿਹੈ ਬੰਦ’:ਹਾਈ ਕੋਰਟ ਨੇ 600 ਕਰੋੜ ਦੇ ਪ੍ਰੋਜੈਕਟ ’ਤੇ ਮੰਗਿਆ ਸਪੱਸ਼ਟੀਕਰਨ

**ਚੰਡੀਗੜ੍ਹ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਨੇ ਅੰਮ੍ਰਿਤਸਰ ਵਿੱਚ ਬੱਸ ਰੈਪਿਡ ਟਰਾਂਜ਼ਿਟ ਸਿਸਟਮ (BRTS) ਨੂੰ ਬੰਦ ਕਰਨ ਦੀ ਤਜਵੀਜ਼ ’ਤੇ ਫ਼ਿਲਹਾਲ ਰੋਕ ਲਗਾ ਦਿੱਤੀ (ਮੁਲਤਵੀ ਕਰ ਦਿੱਤਾ) ਹੈ। ਸੂਬੇ ਦੇ ਐਡਵੋਕੇਟ ਜਨਰਲ ਵੱਲੋਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਸਾਹਮਣੇ ਇਹ ਬਿਆਨ ਦਰਜ ਕਰਵਾਇਆ ਗਿਆ। ਇਸ ਦੇ ਨਾਲ ਹੀ ਹਾਈ ਕੋਰਟ ਨੇ ਸੂਬਾ ਸਰਕਾਰ ਨੂੰ ਸਪੱਸ਼ਟ ਕਰਨ ਲਈ ਕਿਹਾ ਹੈ ਕਿ ਲਗਪਗ 600 ਕਰੋੜ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤੇ ਗਏ ਅੰਮ੍ਰਿਤਸਰ ਦੇ ਇਸ ਪ੍ਰੋਜੈਕਟ ਨੂੰ ਲਗਪਗ 10 ਸਾਲਾਂ ਬਾਅਦ ਕਿਉਂ ਬੰਦ ਕੀਤਾ ਜਾ ਰਿਹਾ ਹੈ। ਅਦਾਲਤ ਨੇ ਇਹ ਵੇਰਵੇ ਵੀ ਮੰਗੇ ਹਨ ਕਿ ਜਦੋਂ ਇਹ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਸੀ ਤਾਂ ਅਸਲ ਵਿੱਚ ਕੀ ਯੋਜਨਾ ਬਣਾਈ ਗਈ ਸੀ, ਇਸ ’ਤੇ ਜਨਤਾ ਦਾ ਕਿੰਨਾ ਪੈਸਾ ਖ਼ਰਚ ਹੋਇਆ ਅਤੇ ਹੁਣ ਸਰਕਾਰ ਤੇ ਹੋਰ ਸਬੰਧਤ ਧਿਰਾਂ ਇਸ ਬਾਰੇ ਕੀ ਕਰਨ ਦੀ ਤਜਵੀਜ਼ ਰੱਖਦੀਆਂ ਹਨ।

ਇਹ ਨਿਰਦੇਸ਼ ‘ਅੰਮ੍ਰਿਤਸਰ ਵਿਕਾਸ ਮੰਚ’ ਵੱਲੋਂ ਦਾਇਰ ਇੱਕ ਜਨਹਿਤ ਪਟੀਸ਼ਨ ’ਤੇ ਆਏ ਹਨ, ਜਿਸ ਵਿੱਚ ਸ਼ਿਕਾਇਤ ਕੀਤੀ ਗਈ ਸੀ ਕਿ ਜਨਤਾ ਦੇ ਵੱਡੇ ਖ਼ਰਚੇ ਦੇ ਬਾਵਜੂਦ ਬੀ.ਆਰ.ਟੀ.ਐਸ. ਪ੍ਰੋਜੈਕਟ ਨੂੰ ਬਿਨਾਂ ਕਿਸੇ ਢੁਕਵੇਂ ਕਾਰਨ ਦੇ ਬੰਦ ਕੀਤਾ ਜਾ ਰਿਹਾ ਹੈ। ਮੁੱਖ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਪਟੀਸ਼ਨਰ ਦੀ ਇਸ ਸ਼ਿਕਾਇਤ ਨੂੰ ਰਿਕਾਰਡ ਕੀਤਾ ਕਿ ਇਹ ਪ੍ਰੋਜੈਕਟ ਲਗਪਗ 600 ਕਰੋੜ ਰੁਪਏ ਦੀ ਲਾਗਤ ਨਾਲ ਲਾਗੂ ਕੀਤਾ ਗਿਆ ਸੀ ਅਤੇ ਇਸ ਨੂੰ ਬਿਨਾਂ ਕਿਸੇ ਵਜ੍ਹਾ ਦੇ ਬੰਦ ਕੀਤਾ ਜਾ ਰਿਹਾ ਹੈ।

ਪਟੀਸ਼ਨਰ ਨੇ ਇਹ ਵੀ ਦਲੀਲ ਦਿੱਤੀ ਕਿ ਪ੍ਰੋਜੈਕਟ ਬੰਦ ਕਰਨ ਨਾਲ ਨਾ ਕੇਵਲ ਜਨਤਾ ਦੇ ਪੈਸੇ ਦੀ ਵੱਡੀ ਬਰਬਾਦੀ ਹੋਵੇਗੀ, ਸਗੋਂ ਆਮ ਲੋਕਾਂ ਨੂੰ ਵੀ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਵੇਗਾ। ਪਟੀਸ਼ਨਰ ਵੱਲੋਂ ਸੀਨੀਅਰ ਵਕੀਲ ਐੱਸ.ਐੱਸ. ਬਹਿਲ, ਵਕੀਲ ਜੀ.ਵੀ.ਐੱਸ. ਬਹਿਲ, ਚੇਤਨ ਜੁਨੇਜਾ, ਰਾਗੇਸ਼ਵਰੀ ਸ਼ਰਮਾ ਅਤੇ ਉਰਵੀ ਸ਼ਰਮਾ ਪੇਸ਼ ਹੋਏ।

ਦਲੀਲਾਂ ਸੁਣਨ ਤੋਂ ਬਾਅਦ ਬੈਂਚ ਨੇ ਜਵਾਬਦੇਹ ਧਿਰਾਂ ਨੂੰ ਹਲਫ਼ਨਾਮਾ ਦਾਇਰ ਕਰਕੇ ਇਹ ਸਪੱਸ਼ਟ ਕਰਨ ਲਈ ਕਿਹਾ ਕਿ ÷ਜਦੋਂ ਅੰਮ੍ਰਿਤਸਰ ਵਿੱਚ ਬੱਸ ਰੈਪਿਡ ਟਰਾਂਜ਼ਿਟ ਸਿਸਟਮ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਸੀ, ਤਾਂ ਅਸਲ ਵਿੱਚ ਕੀ ਯੋਜਨਾ ਉਲੀਕੀ ਗਈ ਸੀ।÷ ਇਹ ਵੀ ਹਦਾਇਤ ਕੀਤੀ ਗਈ ਕਿ ਪ੍ਰੋਜੈਕਟ ’ਤੇ ਖ਼ਰਚ ਕੀਤੀ ਗਈ ਸਰਕਾਰੀ ਰਕਮ ਦਾ ਵੇਰਵਾ ਵੀ ਦਿੱਤਾ ਜਾਵੇ। ਅਦਾਲਤ ਨੇ ਹਲਫ਼ਨਾਮੇ ਵਿੱਚ ਇਹ ਵੀ ਸਪੱਸ਼ਟ ਕਰਨ ਦੇ ਨਿਰਦੇਸ਼ ਦਿੱਤੇ ਕਿ ਲਗਪਗ 10 ਸਾਲ ਬੀਤਣ ਤੋਂ ਬਾਅਦ ਇਸ ਪ੍ਰੋਜੈਕਟ ਨੂੰ ਕਿਉਂ ਬੰਦ ਕਰਨਾ ਪੈ ਰਿਹਾ ਹੈ ਅਤੇ ਹੁਣ ਸਰਕਾਰ ਅੱਗੇ ਕੀ ਕਰਨ ਦੀ ਯੋਜਨਾ ਬਣਾ ਰਹੀ ਹੈ।

## ਨਕਲੀ ਪੀਸੀਐੱਸ ਅਧਿਕਾਰੀ ਬਣ ਕੇ ‘ਆਪ’ ਦੇ ਚੇਅਰਮੈਨ ਨਾਲ ਕਰਵਾਇਆ ਵਿਆਹ, ਔਰਤ ਖ਼ਿਲਾਫ਼ ਮਾਮਲਾ ਦਰਜ

**ਸ੍ਰੀ ਫਤਹਿਗੜ੍ਹ ਸਾਹਿਬ, 6 ਅਕਤੂਬਰ**
**-ਜੀ. ਐਸ. ਤੁੰਗ-**

ਸਿਆਸੀ ਹਲਕਿਆਂ ਵਿੱਚ ਹੜਕੰਪ ਮਚਾਉਣ ਵਾਲੇ ਇੱਕ ਚਰਚਿਤ ਮਾਮਲੇ ਵਿੱਚ ਇੱਕ ਔਰਤ ਨੇ ਕਥ?ਤ ਤੌਰ ’ਤੇ ਆਪਣੇ ਆਪ ਨੂੰ ਪੀਸੀਐੱਸ ਅਧਿਕਾਰੀ ਦੱਸ ਕੇ ਮਾਰਕੀਟ ਕਮੇਟੀ ਸਰਹਿੰਦ ਦੇ ਚੇਅਰਮੈਨ ਅਤੇ ਆਪ ਆਗੂ ਐਡਵੋਕੇਟ ਅਮਰਿੰਦਰ ਸਿੰਘ ਮੰਡੋਫਲ ਨਾਲ ਵਿਆਹ ਕਰਵਾ ਲਿਆ।

ਜ਼ਿਲ੍ਹਾ ਪੁਲੀਸ ਨੇ ਹੁਣ ਧੋਖਾਧੜੀ ਦੇ ਦੋਸ਼ਾਂ ਹੇਠ ਉਸ ਔਰਤ, ਉਸ ਦੇ ਭਰਾ, ਮਾਂ ਅਤੇ ਤਿੰਨ ਹੋਰਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਸ਼ਿਕਾਇਤ ਅਨੁਸਾਰ ਮਨਵਿੰਦਰ ਕੌਰ ਨੇ ਮੰਡੋਫਲ ਨਾਲ ਵਿਆਹ ਤੋਂ ਪਹਿਲਾਂ ਅਤੇ ਵਿਆਹ ਦੇ ਸਮੇਂ ਕਥਿਤ ਤੌਰ ’ਤੇ ਆਪਣੇ ਆਪ ਨੂੰ ਇੱਕ ਪੀਸੀਐੱਸ ਅਧਿਕਾਰੀ ਵਜੋਂ ਪੇਸ਼ ਕੀਤਾ ਸੀ। ਇਸ ਵਿਆਹ ਵਿੱਚ ਕਈ ਸੀਨੀਅਰ ‘ਆਪ’ ਆਗੂਆਂ ਅਤੇ ਮੰਤਰੀਆਂ ਨੇ ਸ਼ਿਰਕਤ ਕੀਤੀ ਸੀ, ਜਿਸ ਨਾਲ ਇਹ ਮਾਮਲਾ ਖਾਸ ਤੌਰ ’ਤੇ ਅਹਿਮ ਬਣ ਗਿਆ।

ਮੰਡੋਫਲ ਨੂੰ ਵਿਆਹ ਤੋਂ ਬਾਅਦ ਕਥਿਤ ਤੌਰ ’ਤੇ ਪਤਾ ਲੱਗਾ ਕਿ ਉਕਤ ਔਰਤ ਕੋਈ ਪੀਸੀਐੱਸ ਅਧਿਕਾਰੀ ਨਹੀਂ ਹੈ ਅਤੇ ਉਸ ਦਾ ਪਹਿਲਾਂ ਵੀ ਵਿਆਹ ਹੋ ਚੁੱਕਾ ਹੈ ਅਤੇ ਉਸ ਦਾ ਇੱਕ ਪੁੱਤਰ ਵੀ ਹੈ। ਉਸ ਦੀ ਪਛਾਣ ਅਤੇ ਪਿਛੋਕੜ ਬਾਰੇ ਅਹਿਮ ਤੱਥਾਂ ਨੂੰ ਛੁਪਾਉਣ ਦਾ ਦੋਸ਼ ਲਗਾਉਂਦਿਆਂ, ਉਸਨੇ ਐੱਸਐੱਸਪੀ ਕੋਲ ਪਹੁੰਚ ਕਰਕੇ ਕਾਨੂੰਨੀ ਕਾਰਵਾਈ ਦੀ ਮੰਗ ਕਰਦਿਆਂ ਸ਼ਿਕਾਇਤ ਦਰਜ ਕਰਵਾਈ।

## ਮਾਨ ਸਰਕਾਰ ਵੱਲੋਂ ਮੱਛੀ ਪਾਲਣ ਸੈਕਟਰ ਨੂੰ ਹੁਲਾਰਾ: ਗੁਰਮੀਤ ਸਿੰਘ ਖੁੱਡੀਆਂ ਨੇ ਨਵੇਂ ਭਰਤੀ ਮੁਲਾਜ਼ਮਾਂ ਨੂੰ ਸੌਂਪੇ ਨਿਯੁਕਤੀ ਪੱਤਰ



**ਚੰਡੀਗੜ੍ਹ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਖੇਤੀਬਾੜੀ ਅਤੇ ਸਹਾਇਕ ਧੰਦਿਆਂ ਨੂੰ ਹੋਰ ਮਜ਼ਬੂਤ ਕਰਨ ਦੀ ਲੜੀ ਤਹਿਤ ਸੂਬੇ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਅੱਜ ਮੱਛੀ ਪਾਲਣ ਵਿਭਾਗ ਵਿੱਚ ਨਵੇਂ ਭਰਤੀ ਹੋਏ ਦੋ ਉਮੀਦਵਾਰਾਂ, ਜਿਨ੍ਹਾਂ ਵਿੱਚ ਇੱਕ ਮਲਟੀਪਰਪਜ਼ ਫਿਸ਼ਰੀਜ਼ ਸਕਿਲਡ ਵਰਕਰ ਅਤੇ ਇੱਕ ਫਿਸ਼ਰਮੈਨ (ਮੱਛੀ ਪਾਲਕ) ਸ਼ਾਮਲ ਹੈ, ਨੂੰ ਨਿਯੁਕਤੀ ਪੱਤਰ ਸੌਂਪੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਨਿਯੁਕਤੀਆਂ ਉਸ ਨਿਰੰਤਰ ਭਰਤੀ ਮੁਹਿੰਮ ਦਾ ਹਿੱਸਾ ਹਨ, ਜਿਸ ਤਹਿਤ ਮੱਛੀ ਪਾਲਣ ਵਿਭਾਗ ਵਿੱਚ ਸਾਲ 2022 ਤੋਂ ਲੈ ਕੇ ਹੁਣ ਤੱਕ 55 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਭਰਤੀ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਵਿਭਾਗ ਦੀ ਪ੍ਰਸ਼ਾਸਕੀ, ਤਕਨੀਕੀ ਅਤੇ ਕਾਰਜਕਾਰੀ ਸਮਰੱਥਾ ਵਿੱਚ ਵੱਡਾ ਵਾਧਾ ਹੋਇਆ ਹੈ। ਇਹ ਕਦਮ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਮੱਛੀ ਪਾਲਣ ਖੇਤਰ ਨੂੰ ਪ੍ਰਫੁੱਲਤ ਕਰਨ ਅਤੇ ਪੰਜਾਬ ਭਰ ਦੇ ਮੱਛੀ ਪਾਲਕਾਂ ਨੂੰ ਪੂਰਨ ਸਹਿਯੋਗ ਦੇਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ, ÷ਸਾਲ 2022 ਤੋਂ ਲਗਾਤਾਰ ਜਾਰੀ ਭਰਤੀ ਮੁਹਿੰਮ ਤਹਿਤ ਅੱਜ ਇਹ ਨਿਯੁਕਤੀ ਪੱਤਰ ਸੌਂਪੇ ਗਏ ਹਨ, ਜੋ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮੱਛੀ ਪਾਲਣ ਵਿਭਾਗ ਦੇ ਆਧੁਨਿਕੀਕਰਨ ਅਤੇ ਮਜ਼ਬੂਤੀਕਰਨ ਪ੍ਰਤੀ ਠੋਸ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਮੱਛੀ ਪਾਲਣ ਅਫ਼ਸਰਾਂ ਤੋਂ ਲੈ ਕੇ ਤਕਨੀਕੀ ਅਮਲੇ ਅਤੇ ਹੁਨਰਮੰਦ ਕਾਮਿਆਂ ਤੱਕ ਦੇ ਵੱਖ-ਵੱਖ ਕਾਡਰਾਂ ਵਿੱਚ ਯੋਗ ਨੌਜਵਾਨਾਂ ਨੂੰ ਸ਼ਾਮਲ ਕਰਕੇ ਅਸੀਂ ਨਾ ਸਿਰਫ਼ ਵਿਭਾਗੀ ਕੰਮਕਾਜ ਨੂੰ ਸੁਚਾਰੂ ਬਣਾ ਰਹੇ ਹਾਂ, ਸਗੋਂ ਆਪਣੇ ਮੱਛੀ ਪਾਲਕਾਂ ਲਈ ਬਿਹਤਰ ਸੇਵਾਵਾਂ ਅਤੇ ਤਕਨੀਕੀ ਸਹਾਇਤਾ ਪ੍ਰਦਾਨ ਕਰਨਾ ਵੀ ਯਕੀਨੀ ਬਣਾ ਰਹੇ ਹਾਂ। ਖੁੱਡੀਆਂ ਨੇ ਦੱਸਿਆ ਕਿ ਵੱਖ-ਵੱਖ ਕਾਡਰਾਂ ਵਿੱਚ ਹੁਨਰਮੰਦ ਪੇਸ਼ੇਵਰਾਂ ਦੀ ਭਰਤੀ ਕਰਕੇ ਵਿਭਾਗ ਨੇ ਆਪਣੇ ਜ਼ਮੀਨੀ ਅਤੇ ਪ੍ਰਸ਼ਾਸਕੀ ਕੰਮਕਾਜ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਵੀਆਂ ਨਿਯੁਕਤੀਆਂ ਦੇ ਨਾਲ ਪੰਜਾਬ ਮੱਛੀ ਪਾਲਣ ਵਿਭਾਗ ਟਿਕਾਊ ਐਕੁਆਕਲਚਰ (ਜਲ-ਖੇਤੀ) ਅਭਿਆਸਾਂ ਨੂੰ ਉਤਸ਼ਾਹਿਤ ਕਰਨ, ਮੱਛੀ ਉਤਪਾਦਨ ਵਧਾਉਣ ਅਤੇ ਸੂਬੇ ਦੇ ਖੇਤੀ ਅਰਥਚਾਰੇ ਵਿੱਚ ਅਹਿਮ ਯੋਗਦਾਨ ਪਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।

ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਰਾਹੁਲ ਭੰਡਾਰੀ ਨੇ ਕਿਹਾ ਕਿ ਮੱਛੀ ਪਾਲਣ ਵਿਭਾਗ ਪੰਜਾਬ ਵਿੱਚ ਐਕੁਆਕਲਚਰ ਅਤੇ ਮੱਛੀ ਪਾਲਣ ਦੇ ਟਿਕਾਊ ਵਿਕਾਸ ਤੇ ਪ੍ਰਸਾਰ ਦੇ ਮਿਸ਼ਨ ਪ੍ਰਤੀ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਨਵੀਨ ਵਿਚਾਰਾਂ ਤੇ ਤਕਨੀਕਾਂ, ਸਮਰੱਥਾ ਨਿਰਮਾਣ ਪ੍ਰੋਗਰਾਮਾਂ, ਤਕਨੀਕੀ ਸਿਖਲਾਈ ਅਤੇ ਜ਼ਮੀਨੀ ਸਹਾਇਤਾ ਰਾਹੀਂ ਵਿਭਾਗ ਜਲ ਸਰੋਤਾਂ ਦੇ ਕੁਦਰਤੀ ਸੰਤੁਲਨ ਤੇ ਲੰਮੇ ਸਮੇਂ ਦੀ ਸਥਿਰਤਾ ਨੂੰ ਕਾਇਮ ਰੱਖਦਿਆਂ ਸਾਰੇ ਭਾਈਵਾਲਾਂ, ਖ਼ਾਸ ਕਰਕੇ ਮੱਛੀ ਪਾਲਕਾਂ ਦੀ ਆਮਦਨ ਅਤੇ ਜੀਵਨ ਪੱਧਰ ਨੂੰ ਉੱਚਾ ਚੁੱਕਣ ’ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰ ਰਿਹਾ ਹੈ।

## ਖੇਡਾਂ ਨੌਜਵਾਨੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਜੀਵਨ ਪੱਧਰ ਨੂੰ ਬੁਲੰਦੀਆਂ ਤੇ ਲਿਜਾਣ ਲਈ ਲਾਹੇਵੰਦ-ਵਿਧਾਇਕ ਰਾਏ

**ਫ਼ਤਹਿਗੜ੍ਹ ਸਾਹਿਬ, 6 ਅਕਤੂਬਰ**
**-ਜੀ. ਐਸ. ਤੁੰਗ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਦਿੱਤੀ ਜਾ ਰਹੀ ਮੁੱਖ ਤਰਜੀਹ ਨੇ ਪਿੰਡਾਂ ਅਤੇ ਸ਼ਹਿਰਾਂ ਦੀ ਖੇਡ ਪ੍ਰਤਿਭਾ ਲਈ ਆਪਣਾ ਹੁਨਰ ਵਿਖਾਉਣ ਦਾ ਵਿਸ਼ਾਲ ਮੰਚ ਤਿਆਰ ਕੀਤਾ ਹੈ। ਜਦੋਂ ਨੌਜਵਾਨ ਦੇ ਕਦਮ ਖੇਡ ਮੈਦਾਨ ਵੱਲ ਵਧਦੇ ਹਨ ਤਾਂ ਉਨ੍ਹਾਂ ਦੀ ਊਰਜਾ ਨੂੰ ਮੰਜ਼ਿਲ, ਮਿਹਨਤ ਨੂੰ ਮਕਸਦ ਅਤੇ ਜੀਵਨ ਨੂੰ ਅਨੁਸ਼ਾਸਨ ਮਿਲਦਾ ਹੈ। ਇਹ ਪ੍ਰਗਟਾਵਾ ਹਲਕਾ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਖੇਡਾਂ ਵਤਨ ਪੰਜਾਬ ਦੀਆਂ ਸੀਜਨ-2026 ਸੀਜਨ 04 ਦੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੇ ਬਾਸਕਿਟਬਾਲ ਦੇ ਆਖਰੀ ਦਿਨ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਫਤਹਿਗੜ੍ਹ ਸਾਹਿਬ ਵਿਖੇ ਖਿਡਾਰੀਆਂ ਦੀ ਹੌਂਸਲਾਅਫਜਾਈ ਕਰਨ ਮੌਕੇ ਕੀਤਾ।



ਵਿਦਾਇਕ ਨੇ ਕਿਹਾ ਕਿ ਖੇਡਾਂ ਨੌਜਵਾਨੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੀ ਇੱਕ ਮਜ਼ਬੂਤ ਸਮਾਜਿਕ ਢਾਲ ਵੀ ਬਣਦੀਆਂ ਹਨ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਜਿੱਤ-ਹਾਰ ਦੀ ਸੋਚ ਤੋਂ ਉੱਪਰ ਉੱਠ ਕੇ ਵੱਧ ਤੋਂ ਵੱਧ ਖੇਡਾਂ ਦਾ ਹਿੱਸਾ ਬਣਨ ਅਤੇ ਤੰਦਰੁਸਤ, ਨਸ਼ਾ-ਮੁਕਤ ਤੇ ਖੇਡਦਾ ਪੰਜਾਬ ਸਿਰਜਣ ਵਿੱਚ ਆਪਣੀ ਭੂਮਿਕਾ ਨਿਭਾਉਣ।

ਖੇਡ ਨਤੀਜਿਆਂ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਐਥਲੈਟਿਕਸ ਅੰਡਰ-17 ਦੀ 100 ਮੀਟਰ ਦੌੜ ਵਿੱਚ ਅਬਰਾਨ ਖਾਨ ਨੇ ਪਹਿਲਾ ਸਥਾਨ ਹਾਸਲ ਕੀਤਾ। ਫੈਨਸਿੰਗ (ਅੰਡਰ-14 ਲੜਕੇ, ਫੁਆਇਲ) ਮੁਕਾਬਲੇ ਵਿੱਚ ਜਸਦੀਪ ਸਿੰਘ ਨੇ ਪਹਿਲਾ, ਸੇਵਕ ਸਾਰਕੀ ਨੇ ਦੂਜਾ, ਜਦਕਿ ਏਕਮਨੂਰ ਸਿੰਘ ਅਤੇ ਵੰਸ਼ਨੂਰ ਸਿੰਘ ਨੇ ਸਾਂਝੇ ਤੌਰ ’ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਅੰਡਰ-17 ਲੜਕੇ ਫੁਆਇਲ ਵਰਗ ਵਿੱਚ ਮਨਿੰਦਰ ਸਿੰਘ ਪਹਿਲੇ, ਮਨਵਿੰਦਰ ਸਿੰਘ ਦੂਜੇ ਅਤੇ ਬਲਵਿੰਦਰ ਸਿੰਘ ਤੇ ਕਰਨਵੀਰ ਸਾਂਝੇ ਤੌਰ ’ਤੇ ਤੀਜੇ ਸਥਾਨ ’ਤੇ ਰਹੇ। ਅੰਡਰ-17 ਲੜਕੀਆਂ ਫੁਆਇਲ ਵਰਗ ਵਿੱਚ ਸਹਿਜਪ੍ਰੀਤ ਕੌਰ ਨੇ ਪਹਿਲਾ, ਖੁਸ਼ਪ੍ਰੀਤ ਕੌਰ ਨੇ ਦੂਜਾ ਅਤੇ ਤੇਗਨੂਰ ਕੌਰ ਤੇ ਅਵਨੀਤ ਨੇ ਸਾਂਝੇ ਤੌਰ ’ਤੇ ਤੀਜਾ ਸਥਾਨ ਹਾਸਲ ਕੀਤਾ। ਜ਼ਿਲ੍ਹਾ ਖੇਡ ਅਫਸਰ ਨੇ ਅੱਗੇ ਦੱਸਿਆ ਕਿ ਗੱਤਕਾ (ਅੰਡਰ-17 ਲੜਕੇ, ਸਿੰਗਲ ਸੋਟੀ ਵਿਅਕਤੀਗਤ) ਮੁਕਾਬਲੇ ਵਿੱਚ ਜਪਜੋਤ ਸਿੰਘ ਨੇ ਪਹਿਲਾ, ਕਰਨਵੀਰ ਸਿੰਘ ਨੇ ਦੂਜਾ ਅਤੇ ਜਸਕੀਰਤ ਸਿੰਘ ਤੇ ਜਪਜੀਤ ਪ੍ਰਤਾਪ ਸਿੰਘ ਨੇ ਸਾਂਝੇ ਤੌਰ ’ਤੇ ਤੀਜਾ ਸਥਾਨ ਹਾਸਲ ਕੀਤਾ। ਗੱਤਕਾ (ਅੰਡਰ-17 ਲੜਕੇ, ਫਰੀ ਸੋਟੀ ਵਿਅਕਤੀਗਤ) ਵਰਗ ਵਿੱਚ ਕਰਨਦੀਪ ਸਿੰਘ ਪਹਿਲੇ, ਹਰਮਨਦੀਪ ਸਿੰਘ ਦੂਜੇ ਅਤੇ ਅਰਮਾਨਜੋਤ ਸਿੰਘ ਤੇ ਅਚਨ ਬਡਗੋਤੀ ਤੀਜੇ ਸਥਾਨ ’ਤੇ ਰਹੇ। ਇਸੇ ਤਰ੍ਹਾਂ ਗੱਤਕਾ (ਅੰਡਰ-21 ਲੜਕੇ, ਸਿੰਗਲ ਸੋਟੀ ਵਿਅਕਤੀਗਤ) ਮੁਕਾਬਲੇ ਵਿੱਚ ਜਸਕਰਨ ਸਿੰਘ ਨੇ ਪਹਿਲਾ, ਅਗਨਦੀਪ ਸਿੰਘ ਨੇ ਦੂਜਾ ਅਤੇ ਅਰਸ਼ਦੀਪ ਸਿੰਘ ਤੇ ਬਲਕਾਰ ਸਿੰਘ ਨੇ ਸਾਂਝੇ ਤੌਰ ’ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸ਼੍ਰੀ ਰਸ਼ਪਿੰਦਰ ਰਾਜਾ, ਚੇਅਰਮੈਨ ਮਾਰਕਿਟ ਕਮੇਟੀ ਚਨਾਰਥਲ ਕਲਾਂ ਮਨਦੀਪ ਸਿੰਘ ਪੋਲਾ ਬਲਾਕ ਸੰਮਤੀ ਮੈਂਬਰ ਬਲਾਕ ਖੇੜਾ, ਪ੍ਰਿੰਸ ਸ਼ਰਮਾ, ਡਾ. ਹਤਿੰਦਰ ਸੂਰੀ,ਸ. ਜਰਨੈਲ ਸਿੰਘ, ਸ਼੍ਰੀ ਰਾਜੇਸ਼ ਮਦਾਨ, ਡਾ. ਬਬੀਤਾ ਚੋਪੜਾ, ਸ਼੍ਰੀ ਵਿਕਾਸ ਸ਼ਰਮਾ ਸਮੇਤ ਵੱਡੀ ਗਿਣਤੀ ਖੇਡ ਪ੍ਰੇਮੀ ਹਾਜਰ ਸਨ।

SEA DESIGN COMPANY
Customized and Designer



- Wedding Invitations
- Shagan Envelop
- Wedding Boxes & Cards
- Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards
★ Books & Note Books
★ Flyers & Broucher
★ Diaries
★ Poster
★ Carry Bags
Opp. Gurudwara Dukhniwaran Sahib Srihind Road, Patiala

# ਸਾਡੀ ਸਰਕਾਰ ਮਾਵਨ ਧੀਅਨ ਦੇ ਫ਼ੋਨਾਂ 'ਤੇ 'ਤੁਨ-ਤੁਨ' ਸੂਚਨਾਵਾਂ ਨੂੰ ਕਦੇ ਵੀ ਬੰਦ ਨਹੀਂ ਹੋਣ ਦੇਵੇਗੀ: ਮੁੱਖ ਮੰਤਰੀ ਭਗਵੰਤ ਸਿੰਘ ਮਾਨ

**➢ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਔਰਤਾਂ ਨੂੰ ਮਹੀਨਾਵਾਰ ਵਿੱਤੀ ਸਹਾਇਤਾ ਦੇਣ ਦੇ ਵਿਰੁੱਧ ਹਨ ➢ ਹਰ ਘਰ ਲਈ ਮੁਫ਼ਤ ਬਿਜਲੀ ਅਤੇ ਕਿਸਾਨਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਜਾਰੀ ਰਹੇਗੀ ➢ ਸਰਕਾਰੀ ਨੌਕਰੀਆਂ ਦੀ ਭਰਤੀ ਵਿੱਚ 'ਨੋ ਕੈਸ਼, ਨੋ ਫਰਮਾਇਸ਼' ਨੀਤੀ ਜਾਰੀ ਰਹੇਗੀ**

**ਸਰਦੂਲਗੜ੍ਹ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਜ਼ੋਰ ਦੇ ਕੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਸਰਕਾਰ ਆਪਣੀਆਂ ਲੋਕ-ਕੇਂਦਰਿਤ ਨੀਤੀਆਂ ਨੂੰ ਜਾਰੀ ਰੱਖੇਗੀ, ਜਿਸ ਵਿੱਚ ਔਰਤਾਂ ਲਈ 'ਮਾਵਨ ਧੀਅਨ ਸਤਿਕਾਰ ਯੋਜਨਾ', ਘਰਾਂ ਲਈ ਮੁਫ਼ਤ ਬਿਜਲੀ, ਕਿਸਾਨਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਅਤੇ ਪਾਰਦਰਸ਼ੀ ਨੋ ਕੈਸ਼, ਨੋ ਫਰਮਾਇਸ਼ ਪ੍ਰਣਾਲੀ ਰਾਹੀਂ ਸਰਕਾਰੀ ਭਰਤੀ ਸ਼ਾਮਲ ਹੈ। ਉਨ੍ਹਾਂ ਭਾਜਪਾ, ਕਾਂਗਰਸ ਅਤੇ ਅਕਾਲੀ ਦਲ ਵੱਲੋਂ ਇਨ੍ਹਾਂ ਲੋਕ ਭਲਾਈ ਉਪਾਵਾਂ ਦੇ ਵਿਰੋਧ ਅਤੇ ਪੰਜਾਬ ਲਈ ਸਪੱਸ਼ਟ ਦ੍ਰਿਸ਼ਟੀਕੋਣ ਦੀ ਘਾਟ ਵੱਲ ਇਸ਼ਾਰਾ ਕੀਤਾ। ਸਰਦੂਲਗੜ੍ਹ ਹਲਕੇ ਵਿੱਚ ਇੱਕ ਲੋਕ ਮਿਲਣੀ ਪ੍ਰੋਗਰਾਮ ਦੌਰਾਨ, ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਆਪਣੇ ਵਾਅਦੇ ਤੋਂ ਵੱਧ ਕੰਮ ਕੀਤਾ ਹੈ, ਸਰਕਾਰੀ ਸਕੂਲਾਂ ਨੂੰ ਬਦਲਿਆ ਹੈ, ਜਨਤਕ ਸਹੂਲਤਾਂ ਦਾ ਵਿਸਥਾਰ ਕੀਤਾ ਹੈ ਅਤੇ ਇੱਕ ਅਜਿਹਾ ਮਾਹੌਲ ਬਣਾਇਆ ਹੈ ਜਿਸ ਵਿੱਚ ਪੰਜਾਬ ਦੇ ਪਿੰਡਾਂ ਦੇ ਖਿਡਾਰੀ ਓਲੰਪਿਕ ਤਗਮੇ ਘਰ ਲਿਆ ਰਹੇ ਹਨ।

ਲੋਕ ਮਿਲਣੀ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਸਰਕਾਰ ਦੇ ਕੰਮਕਾਜ ਵਿੱਚ ਇੱਕ ਬੁਨਿਆਦੀ ਤਬਦੀਲੀ ਦੇਖੀ ਹੈ, ਜਿਸ ਨਾਲ ਜਨਤਕ ਪੈਸਾ ਭਲਾਈ, ਸਿੱਖਿਆ, ਸਿਹਤ ਸੰਭਾਲ, ਬਿਜਲੀ, ਸਿੰਚਾਈ ਅਤੇ ਰੁਜ਼ਗਾਰ ਵੱਲ ਵੱਧ ਰਿਹਾ ਹੈ। ਜਦੋਂ ਵੀ ਵਿੱਤੀ ਸਹਾਇਤਾ ਉਨ੍ਹਾਂ ਦੇ ਬੈਂਕ ਖਾਤਿਆਂ ਤੱਕ ਪਹੁੰਚਦੀ ਹੈ ਤਾਂ ਉਨ੍ਹਾਂ ਦੇ ਚਿਹਰਿਆਂ 'ਤੇ ਝਲਕਦੀ ਖੁਸ਼ੀ ਭਲਾਈ-ਮੁਖੀ ਸ਼ਾਸਨ ਦੇ ਪ੍ਰਭਾਵ ਦਾ ਸਬੂਤ ਹੈ। ਸਾਡੀ ਸਰਕਾਰ ਪੰਜਾਬ ਦੀਆਂ ਮਾਵਾਂ ਅਤੇ ਭੈਣਾਂ ਦੇ ਮੋਬਾਈਲ ਫੋਨਾਂ 'ਤੇ ਸੂਚਨਾਵਾਂ ਨੂੰ ਕਦੇ ਵੀ ਬੰਦ ਨਹੀਂ ਹੋਣ ਦੇਵੇਗੀ। ਜਿੰਨਾ ਚਿਰ ਸੂਬਾ ਸਰਕਾਰ ਲੋਕਾਂ ਦੀ ਸੇਵਾ ਕਰ ਰਹੀ ਹੈ, ਔਰਤਾਂ ਲਈ ਸਹਾਇਤਾ ਉਨ੍ਹਾਂ ਦੇ ਬੈਂਕ ਖਾਤਿਆਂ ਤੱਕ ਪਹੁੰਚਦੀ ਰਹੇਗੀ, ਉਨ੍ਹਾਂ ਅੱਗੇ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਮਾਵਨ-ਧਿਆਨ ਸਦਕਾਰ ਯੋਜਨਾ ਯੋਗ ਔਰਤਾਂ ਨੂੰ ਸਿੱਧੀ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ ਤਿਆਰ ਕੀਤੀ ਗਈ ਸੀ ਅਤੇ ਰਾਜ ਸਰਕਾਰ ਨੇ ਹਾਲ ਹੀ ਵਿੱਚ 36.87 ਲੱਖ ਔਰਤਾਂ ਨੂੰ 1,262.54 ਕਰੋੜ ਰੁਪਏ ਦੀ ਦੂਜੀ ਕਿਸ਼ਤ ਤਬਦੀਲ ਕੀਤੀ ਹੈ, ਜਿਸ ਵਿੱਚ ਤਿੰਨ ਮਹੀਨੇ ਸ਼ਾਮਲ ਹਨ। ਉਨ੍ਹਾਂ ਕਿਹਾ, ਸਾਡੀ ਸਰਕਾਰ ਦਾ ਉਦੇਸ਼ ਸਿਰਫ਼ ਐਲਾਨ ਕਰਨਾ ਨਹੀਂ ਹੈ, ਸਗੋਂ ਇਹ ਯਕੀਨੀ ਬਣਾਉਣਾ ਹੈ ਕਿ ਭਲਾਈ ਯੋਜਨਾਵਾਂ ਅਸਲ ਵਿੱਚ ਲੋਕਾਂ ਤੱਕ ਪਹੁੰਚਣ। ਸ਼ਾਸਨ ਦਾ ਅਸਲ ਅਰਥ ਉਦੋਂ ਹੁੰਦਾ ਹੈ ਜਦੋਂ ਇੱਕ ਪਿੰਡ ਵਿੱਚ ਬੈਠੀ ਔਰਤ ਨੂੰ ਉਸਦੇ ਫ਼ੋਨ 'ਤੇ ਸੁਨੇਹਾ ਮਿਲਦਾ ਹੈ ਕਿ ਉਸਦੇ ਖਾਤੇ ਵਿੱਚ ਪੈਸੇ ਜਮ੍ਹਾ ਹੋ ਗਏ ਹਨ।

ਉਨ੍ਹਾਂ ਕਿਹਾ, ਅਜਿਹਾ ਸੁਨੇਹਾ ਉਨ੍ਹਾਂ ਨੂੰ ਵਿਸ਼ਵਾਸ ਦਿਵਾਉਂਦਾ ਹੈ ਕਿ ਸਰਕਾਰ ਉਨ੍ਹਾਂ ਦੇ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਦੀ ਭਲਾਈ ਦੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਾਰਟੀਆਂ ਔਰਤਾਂ ਨੂੰ ਦਿੱਤੀ ਜਾ ਰਹੀ ਮਾਸਿਕ ਵਿੱਤੀ ਸਹਾਇਤਾ ਦਾ ਵਿਰੋਧ ਕਰ ਰਹੀਆਂ ਹਨ। ਉਨ੍ਹਾਂ ਕਿਹਾ, ਜਿਨ੍ਹਾਂ ਨੇ ਦਹਾਕਿਆਂ ਤੱਕ ਪੰਜਾਬ 'ਤੇ ਰਾਜ ਕੀਤਾ, ਉਨ੍ਹਾਂ ਨੂੰ ਲੋਕਾਂ ਨੂੰ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਆਮ ਔਰਤਾਂ ਦੇ ਆਰਥਿਕ ਸਸ਼ਕਤੀਕਰਨ ਲਈ ਕੀ ਕੀਤਾ। ਅੱਜ, ਜਦੋਂ ਔਰਤਾਂ ਨੂੰ ਸਿੱਧੀ ਵਿੱਤੀ ਸਹਾਇਤਾ ਮਿਲ ਰਹੀ ਹੈ, ਤਾਂ ਇਹ ਪਾਰਟੀਆਂ ਇਸ ਯੋਜਨਾ 'ਤੇ ਸਵਾਲ ਉਠਾ ਰਹੀਆਂ ਹਨ। ਪਰ ਸਾਡੀ ਸਰਕਾਰ ਨੇ ਆਪਣਾ ਪੱਖ ਬਿਲਕੁਲ ਸਪੱਸ਼ਟ ਕਰ ਦਿੱਤਾ ਹੈ ਕਿ ਪੰਜਾਬ ਦੀਆਂ ਮਾਵਾਂ ਅਤੇ ਧੀਆਂ ਦੀ ਭਲਾਈ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ, ਉਸਨੇ ਕਿਹਾ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸਰਕਾਰੀ ਯੋਜਨਾਵਾਂ ਦੇ ਲਾਭ ਕੁਝ ਪ੍ਰਭਾਵਸ਼ਾਲੀ ਵਰਗਾਂ ਤੱਕ ਸੀਮਤ ਰਹਿਣ ਦੀ ਬਜਾਏ ਔਰਤਾਂ, ਕਿਸਾਨਾਂ, ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਆਪਣੇ ਸ਼ਾਸਨ ਮਾਡਲ ਦੇ ਕੇਂਦਰ ਵਿੱਚ ਰੱਖਿਆ ਹੈ। ਉਨ੍ਹਾਂ ਕਿਹਾ, ਸਰਕਾਰ ਦੀ ਜ਼ਿੰਮੇਵਾਰੀ ਲੋਕਾਂ ਤੋਂ ਟੈਕਸ ਇਕੱਠਾ ਕਰਨਾ ਅਤੇ ਉਸ ਪੈਸੇ ਨੂੰ ਪਾਰਦਰਸ਼ੀ ਢੰਗ ਨਾਲ ਜਨਤਕ ਭਲਾਈ ਅਤੇ ਵਿਕਾਸ ਲਈ ਵਰਤਣਾ ਹੈ।

ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਵਾਰ-ਵਾਰ ਇਹ ਸਪੱਸ਼ਟ ਕੀਤਾ ਹੈ ਕਿ ਜਨਤਕ ਮਾਲੀਏ ਨੂੰ ਵਿਕਾਸ ਕਾਰਜਾਂ, ਭਲਾਈ ਅਤੇ ਜ਼ਰੂਰੀ ਸੇਵਾਵਾਂ ਵਿੱਚ ਵਾਪਸ ਲਗਾਇਆ ਜਾਣਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਯੋਗ ਘਰੇਲੂ ਖਪਤਕਾਰਾਂ ਲਈ ਪ੍ਰਤੀ ਮਹੀਨਾ 300 ਯੂਨਿਟ ਮੁਫ਼ਤ ਬਿਜਲੀ ਜਾਰੀ ਰਹੇਗੀ। ਸਰਕਾਰ ਨੇ ਇਸ ਯੋਜਨਾ ਰਾਹੀਂ ਘਰਾਂ ਨੂੰ ਕਾਫ਼ੀ ਰਾਹਤ ਦਿੱਤੀ ਹੈ। ਸਾਲਾਂ ਤੋਂ, ਬਿਜਲੀ ਦੇ ਬਿੱਲ ਆਮ ਪਰਿਵਾਰਾਂ 'ਤੇ ਇੱਕ ਵੱਡਾ ਬੋਝ ਸਨ, ਪਰ ਅੱਜ ਯੋਗ ਪਰਿਵਾਰਾਂ ਨੂੰ ਜ਼ੀਰੋ ਬਿੱਲਾਂ ਦੇ ਰੂਪ ਵਿੱਚ ਰਾਹਤ ਮਿਲ ਰਹੀ ਹੈ। ਉਨ੍ਹਾਂ ਕਿਹਾ, ਇਹੀ ਫ਼ਰਕ ਹੈ ਇੱਕ ਸਰਕਾਰ ਜੋ ਲੋਕਾਂ ਬਾਰੇ ਗੱਲ ਕਰਦੀ ਹੈ ਅਤੇ ਇੱਕ



ਸਰਕਾਰ ਜੋ ਅਸਲ ਵਿੱਚ ਉਨ੍ਹਾਂ ਲਈ ਕੰਮ ਕਰਦੀ ਹੈ।

ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਕਿਸਾਨਾਂ ਨੂੰ ਖੇਤੀਬਾੜੀ ਲਈ ਦਿਨ ਵੇਲੇ ਬਿਜਲੀ ਮਿਲਦੀ ਰਹੇਗੀ, ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਪੰਜਾਬ ਦੀ ਖੇਤੀਬਾੜੀ ਆਰਥਿਕਤਾ ਲਈ ਭਰੋਸੇਯੋਗ ਬਿਜਲੀ ਸਪਲਾਈ ਜ਼ਰੂਰੀ ਹੈ। ਉਨ੍ਹਾਂ ਕਿਹਾ, ਕਿਸਾਨਾਂ ਨੂੰ ਖੇਤੀਬਾੜੀ ਲਈ ਦਿਨ ਵੇਲੇ ਬਿਜਲੀ ਮਿਲਦੀ ਰਹੇਗੀ। ਪੰਜਾਬ ਦੀ ਖੇਤੀਬਾੜੀ ਆਰਥਿਕਤਾ ਲਈ ਭਰੋਸੇਯੋਗ ਬਿਜਲੀ ਸਪਲਾਈ ਜ਼ਰੂਰੀ ਹੈ। ਪੰਜਾਬ ਦੇ ਆਪਣੇ ਬਿਜਲੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ?ਕਰਨ ਲਈ ਚੁੱਕੇ ਗਏ ਕਦਮਾਂ 'ਤੇ ਚਾਨਣਾ ਪਾਉਂਦਿਆਂ, ਉਨ੍ਹਾਂ ਨੇ ਗੋਇੰਦਵਾਲ ਸਾਹਿਬ ਥਰਮਲ ਪਾਵਰ ਪਲਾਂਟ ਦੀ ਖਰੀਦ ਨੂੰ ਇਸ ਦਿਸ਼ਾ ਵਿੱਚ ਸਰਕਾਰ ਦੇ ਯਤਨਾਂ ਦੇ ਹਿੱਸੇ ਵਜੋਂ ਦਰਸਾਇਆ। ਉਨ੍ਹਾਂ ਕਿਹਾ, ਰਾਜ ਦੇ ਕਿਸਾਨਾਂ ਨੂੰ ਬਿਜਲੀ ਉਦੋਂ ਮਿਲਦੀ ਹੈ ਜਦੋਂ ਉਨ੍ਹਾਂ ਨੂੰ ਇਸਦੀ ਲੋੜ ਹੁੰਦੀ ਹੈ, ਨਾ ਕਿ ਜਦੋਂ ਕੋਈ ਦਫ਼ਤਰ ਵਿੱਚ ਬੈਠਾ ਉਨ੍ਹਾਂ ਨੂੰ ਇਹ ਦੇਣ ਦਾ ਫੈਸਲਾ ਕਰਦਾ ਹੈ। ਖੇਤੀਬਾੜੀ ਲਈ ਦਿਨ ਵੇਲੇ ਬਿਜਲੀ ਜਾਰੀ ਰਹੇਗੀ।

ਰੁਜ਼ਗਾਰ ਬਾਰੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰੁਜ਼ਗਾਰ ਦੇ ਮੌਕੇ ਉਨ੍ਹਾਂ ਦੀ ਸਰਕਾਰ ਦੀਆਂ ਕੇਂਦਰੀ ਤਰਜੀਹਾਂ ਵਿੱਚੋਂ ਇੱਕ ਰਹੇ ਹਨ ਅਤੇ ਭਰਤੀ ਪ੍ਰਕਿਰਿਆ ਨੂੰ ਇਸ ਤਰ੍ਹਾਂ ਬਦਲ ਦਿੱਤਾ ਗਿਆ ਹੈ ਕਿ ਨੌਜਵਾਨ ਪੈਸੇ ਦਾ ਭੁਗਤਾਨ ਕੀਤੇ ਬਿਨਾਂ ਜਾਂ ਰਾਜਨੀਤਿਕ ਸਿਫਾਰਸ਼ਾਂ ਮੰਗੇ ਬਿਨਾਂ ਯੋਗਤਾ ਦੇ ਆਧਾਰ 'ਤੇ ਮੁਕਾਬਲਾ ਕਰ ਸਕਣ। ਉਨ੍ਹਾਂ ਕਿਹਾ, ਰਾਜ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਪ੍ਰਾਪਤ ਕਰਨ ਲਈ ਆਪਣੀਆਂ ਜੇਬਾਂ ਵਿੱਚ ਪੈਸੇ ਜਾਂ ਹੱਥਾਂ ਵਿੱਚ ਸਿਫਾਰਸ਼ ਪੱਤਰ ਨਹੀਂ ਚੁੱਕਣਾ ਚਾਹੀਦਾ। ਉਨ੍ਹਾਂ ਦੀ ਯੋਗਤਾ, ਯੋਗਤਾ ਅਤੇ ਯੋਗਤਾ ਕਾਫ਼ੀ ਹੈ। ਬਿਨਾਂ ਨਕਦੀ ਅਤੇ ਬਿਨਾਂ ਸਿਫਾਰਸ਼ ਦੇ ਸਰਕਾਰੀ ਨੌਕਰੀਆਂ ਦੇਣ ਦਾ ਸਿਸਟਮ ਬੰਦ ਨਹੀਂ ਹੋਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਭਰਤੀ ਪ੍ਰਕਿਰਿਆ ਵਿੱਚ ਨੌਜਵਾਨਾਂ ਦੇ ਵਿਸ਼ਵਾਸ ਨੂੰ ਬਹਾਲ ਕਰਨ ਅਤੇ ਇੱਕ ਅਜਿਹਾ ਮਾਹੌਲ ਬਣਾਉਣ ਦੀ ਕੋਸ਼ਿਸ਼ ਕੀਤੀ ਹੈ ਜਿਸ ਵਿੱਚ ਇੱਕ ਆਮ ਪਰਿਵਾਰ ਦਾ ਵਿਦਿਆਰਥੀ ਸਿਰਫ਼ ਯੋਗਤਾ ਦੇ ਜ਼ੋਰ 'ਤੇ ਸਰਕਾਰੀ ਨੌਕਰੀ ਦੀ ਇੱਛਾ ਰੱਖ ਸਕੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਨੌਜਵਾਨਾਂ ਨੂੰ ਪੂਰੀ ਤਰ੍ਹਾਂ ਪਾਰਦਰਸ਼ੀ ਢੰਗ ਨਾਲ 70,000 ਤੋਂ ਵੱਧ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਕਿਹਾ, ਇੱਕ ਗਰੀਬ ਪਰਿਵਾਰ ਲਈ, ਪੁੱਤਰ ਜਾਂ ਧੀ ਦਾ ਨਿਯੁਕਤੀ ਪੱਤਰ ਸਿਰਫ਼ ਕਾਗਜ਼ ਦਾ ਟੁਕੜਾ ਨਹੀਂ ਹੁੰਦਾ, ਸਗੋਂ ਪੂਰੇ ਪਰਿਵਾਰ ਦਾ ਭਵਿੱਖ ਬਦਲ ਦਿੰਦਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਰਕਾਰੀ ਸਕੂਲਾਂ ਦਾ ਕਾਇਆਕਲਪ ਉਨ੍ਹਾਂ ਦੀ ਸਰਕਾਰ ਦੀ ਇੱਕ ਹੋਰ ਵੱਡੀ ਪ੍ਰਾਪਤੀ ਹੈ, ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਸ ਵਿਚਾਰ ਨੂੰ ਸਵੀਕਾਰ ਨਹੀਂ ਕਰਦੀ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚਿਆਂ ਨੂੰ ਦੂਜੇ ਦਰਜੇ ਦੀਆਂ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ। ਉਨ੍ਹਾਂ ਕਿਹਾ, ਅਸੀਂ ਬੁਨਿਆਦੀ ਢਾਂਚੇ, ਸਮਾਰਟ ਕਲਾਸਰੂਮਾਂ, ਅਧਿਆਪਕ ਸਿਖਲਾਈ ਅਤੇ ਬਿਹਤਰ ਸਿੱਖਣ ਦੇ ਵਾਤਾਵਰਣ ਵਿੱਚ ਨਿਵੇਸ਼ ਕੀਤਾ ਹੈ। ਨਤੀਜਾ ਇਹ ਹੈ ਕਿ ਸੂਬਾ ਸਰਕਾਰ ਵੱਲੋਂ ਦੱਸੇ ਗਏ ਸਕੂਲ ਸਿੱਖਿਆ ਮੁਲਾਂਕਣ ਵਿੱਚ ਪੰਜਾਬ ਹੇਠਲੇ ਦਰਜੇ ਤੋਂ ਸਿਖਰ 'ਤੇ ਪਹੁੰਚ ਗਿਆ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੇ ਸਿੱਖਿਆ ਸੁਧਾਰਾਂ ਨੇ ਆਮ ਪਰਿਵਾਰਾਂ ਦੇ ਵਿਦਿਆਰਥੀਆਂ ਦੀਆਂ ਇੱਛਾਵਾਂ ਨੂੰ ਬਦਲ ਦਿੱਤਾ ਹੈ। ਪਹਿਲਾਂ, ਇੱਕ ਗਰੀਬ ਪਰਿਵਾਰ ਦੇ ਬੱਚੇ ਨੂੰ ਅਕਸਰ ਹਾਲਾਤਾਂ ਨਾਲ ਸਮਝੌਤਾ ਕਰਨ ਲਈ ਕਿਹਾ ਜਾਂਦਾ ਸੀ, ਪਰ ਹੁਣ ਉਹ ਡਾਕਟਰ, ਇੰਜੀਨੀਅਰ, ਸਿਵਲ ਸੇਵਕ ਜਾਂ ਓਲੰਪੀਅਨ ਬਣਨ ਦੇ ਸੁਪਨੇ ਦੇਖ ਰਹੇ ਹਨ। ਇਹ ਪੰਜਾਬ ਦਾ ਅਸਲ ਬਦਲਾਅ ਹੈ, ਉਨ੍ਹਾਂ ਕਿਹਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮੁਕਾਬਲੇ ਦੀ ਪ੍ਰੀਖਿਆ ਦੀ ਤਿਆਰੀ ਅਤੇ ਮੌਕਿਆਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਹੈ। ਉਨ੍ਹਾਂ ਕਿਹਾ, ਅਸੀਂ ਚਾਹੁੰਦੇ ਹਾਂ ਕਿ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਆਪਣੀ ਯੋਗਤਾ ਅਤੇ ਮਿਹਨਤ ਦੇ ਬਲ 'ਤੇ ਮੁਕਾਬਲਾ ਕਰਨ ਅਤੇ ਅੱਗੇ ਵਧਣ ਦਾ ਮੌਕਾ ਮਿਲੇ।

ਉਨ੍ਹਾਂ ਕਿਹਾ ਕਿ ਪੇਂਡੂ ਪੰਜਾਬ ਤੋਂ ਖਿਡਾਰੀਆਂ ਦਾ ਉਭਾਰ ਇਸ ਗੱਲ ਦਾ ਸਬੂਤ ਹੈ ਕਿ ਸੂਬੇ ਵਿੱਚ ਪ੍ਰਤਿਭਾ ਦੀ ਕਦੇ ਵੀ ਕਮੀ ਨਹੀਂ ਰਹੀ, ਉਨ੍ਹਾਂ ਕਿਹਾ ਕਿ ਅਕਸਰ ਬੁਨਿਆਦੀ ਢਾਂਚਾ ਅਤੇ ਮੌਕੇ ਦੀ ਘਾਟ ਰਹਿੰਦੀ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ ਪਿੰਡਾਂ ਵਿੱਚ ਹਮੇਸ਼ਾ ਪ੍ਰਤਿਭਾ ਰਹੀ ਹੈ ਅਤੇ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਉਸ ਪ੍ਰਤਿਭਾ ਨੂੰ ਮੈਦਾਨ, ਕੋਚ, ਉਪਕਰਣ ਅਤੇ ਮੌਕੇ ਪ੍ਰਦਾਨ ਕਰੀਏ।

ਮੁੱਖ ਮੰਤਰੀ ਨੇ ਕਿਹਾ, ਇੱਕ ਵਾਰ ਜਦੋਂ ਸਹੂਲਤਾਂ ਪਿੰਡਾਂ ਤੱਕ ਪਹੁੰਚਣ ਲੱਗੀਆਂ, ਤਾਂ ਉਨ੍ਹਾਂ ਪਿੰਡਾਂ ਦੇ ਬੱਚੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪਲੇਟਫਾਰਮਾਂ 'ਤੇ ਪਹੁੰਚਣ ਲੱਗ ਪਏ ਅਤੇ ਦੇਸ਼ ਲਈ ਤਗਮੇ ਲਿਆਉਣ ਲੱਗ ਪਏ। ਖੇਡਾਂ ਨੂੰ ਸਿਰਫ਼ ਮਨੋਰੰਜਨ ਵਜੋਂ ਨਹੀਂ ਦੇਖਿਆ ਜਾਣਾ ਚਾਹੀਦਾ, ਸਗੋਂ ਨੌਜਵਾਨਾਂ ਦੀ ਊਰਜਾ ਨੂੰ ਚੈਨਲਾਈਜ਼ ਕਰਨ ਲਈ ਇੱਕ ਮਹੱਤਵਪੂਰਨ ਸਾਧਨ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ, ਇੱਕ ਖੇਡ ਦਾ ਮੈਦਾਨ ਇੱਕ ਨੌਜਵਾਨ ਨੂੰ ਗਲਤ ਦਿਸ਼ਾ ਵਿੱਚ ਜਾਣ ਤੋਂ ਬਚਾ ਸਕਦਾ ਹੈ ਅਤੇ ਇੱਕ ਚੰਗਾ ਕੋਚ ਇੱਕ ਬੱਚੇ ਦੀ ਜ਼ਿੰਦਗੀ ਬਦਲ ਸਕਦਾ ਹੈ। ਇੱਕ ਪੰਜਾਬੀ ਨੌਜਵਾਨ ਦੁਆਰਾ ਜਿੱਤਿਆ ਗਿਆ ਤਗਮਾ ਨਾ ਸਿਰਫ਼ ਇੱਕ ਪਰਿਵਾਰ ਲਈ ਸਗੋਂ ਪੂਰੇ ਰਾਜ ਲਈ ਮਾਣ ਲਿਆਉਂਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਆਪਣੇ ਵਾਅਦੇ ਤੋਂ ਵੱਧ ਕੰਮ ਕੀਤਾ ਹੈ। ਉਨ੍ਹਾਂ ਕਿਹਾ, ਸਾਡੀ ਸਰਕਾਰ ਲੋਕਾਂ ਕੋਲ ਵਾਅਦੇ ਲੈ ਕੇ ਆਈ ਸੀ, ਪਰ ਅਸੀਂ ਵਾਅਦਿਆਂ 'ਤੇ ਨਹੀਂ ਰੁਕੇ। ਅਸੀਂ ਮੁਫ਼ਤ ਬਿਜਲੀ, ਬਿਹਤਰ ਸਰਕਾਰੀ ਸਕੂਲ, ਸਿਹਤ ਸੰਭਾਲ ਪਹਿਲਕਦਮੀਆਂ, ਰੁਜ਼ਗਾਰ, ਨਹਿਰੀ ਪਾਣੀ, ਬੁਨਿਆਦੀ ਢਾਂਚਾ ਅਤੇ ਔਰਤਾਂ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ। ਇਹ ਸਾਰੀਆਂ ਪਹਿਲਕਦਮੀਆਂ ਇੱਕ ਵੱਡੇ ਬਦਲਾਅ ਦਾ ਹਿੱਸਾ ਹਨ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕ ਮਿਲਣੀ ਵਰਗੇ ਪ੍ਰੋਗਰਾਮਾਂ ਰਾਹੀਂ ਪ੍ਰਸ਼ਾਸਨ ਨੂੰ ਸਿੱਧੇ ਲੋਕਾਂ ਤੱਕ ਲੈ ਕੇ ਜਾਣ ਦਾ ਯਤਨ ਕੀਤਾ ਹੈ। ਮੈਂ ਇੱਥੇ ਸਟੇਜ 'ਤੇ ਬੈਠ ਕੇ ਸਿਰਫ਼ ਤਿਆਰ ਕੀਤੇ ਭਾਸ਼ਣ ਸੁਣਨ ਲਈ ਨਹੀਂ ਆਇਆ ਹਾਂ। ਮੈਂ ਲੋਕਾਂ ਨੂੰ ਸਿੱਧਾ ਸੁਣਨ ਆਇਆ ਹਾਂ। ਉਨ੍ਹਾਂ ਦੀਆਂ ਸਮੱਸਿਆਵਾਂ, ਉਨ੍ਹਾਂ ਦੇ ਸੁਝਾਅ ਅਤੇ ਉਨ੍ਹਾਂ ਦੀਆਂ ਉਮੀਦਾਂ ਸਰਕਾਰ ਦਾ ਅਸਲ ਏਜੰਡਾ ਹਨ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ।

ਭਾਜਪਾ, ਕਾਂਗਰਸ ਅਤੇ ਅਕਾਲੀ ਦਲ 'ਤੇ ਤਿੱਖਾ ਹਮਲਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਪਾਰਟੀਆਂ ਪੰਜਾਬ ਲਈ ਕੋਈ ਵਿਕਲਪਿਕ ਰੋਡਮੈਪ ਪੇਸ਼ ਕਰਨ ਦੀ ਬਜਾਏ ਸਰਕਾਰ ਦੀ ਆਲੋਚਨਾ ਕਰਨ 'ਤੇ ਜ਼ਿਆਦਾ ਧਿਆਨ ਕੇਂਦਰਿਤ ਕਰ ਰਹੀਆਂ ਹਨ। ਉਨ੍ਹਾਂ ਕਿਹਾ, ਪੰਜਾਬ ਦੇ ਲੋਕ ਜਾਣਨਾ ਚਾਹੁੰਦੇ ਹਨ ਕਿ ਪੰਜਾਬ ਲਈ ਉਨ੍ਹਾਂ ਦਾ ਵਿਜ਼ਨ ਕੀ ਹੈ? ਉਹ ਔਰਤਾਂ ਲਈ ਕੀ ਕਰਨਗੇ? ਉਹ ਕਿਸਾਨਾਂ ਲਈ ਕੀ ਕਰਨਗੇ? ਉਹ ਨੌਜਵਾਨਾਂ ਲਈ ਕੀ ਕਰਨਗੇ? ਉਹ ਸਰਕਾਰੀ ਸਕੂਲਾਂ ਲਈ ਕੀ ਕਰਨਗੇ? ਉਹ ਸਿਹਤ ਸੰਭਾਲ ਨੂੰ ਮਜ਼ਬੂਤ ?ਕਰਨ ਲਈ ਕੀ ਕਰਨਗੇ? ਉਨ੍ਹਾਂ ਕਿਹਾ, ਇਨ੍ਹਾਂ ਸਵਾਲਾਂ ਦੇ ਜਵਾਬ ਦੇਣ ਦੀ ਬਜਾਏ, ਉਹ ਜੋ ਵੀ ਕੰਮ ਕੀਤਾ ਜਾ ਰਿਹਾ ਹੈ, ਉਸਦਾ ਵਿਰੋਧ ਕਰਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਰਾਜਨੀਤਿਕ ਪਾਰਟੀਆਂ ਨੇ ਸੱਤਾ ਵਿੱਚ ਦਹਾਕਿਆਂ ਤੱਕ ਬਿਤਾਏ ਹਨ ਪਰ ਜਨਤਕ ਸੇਵਾ ਦਾ ਇੱਕ ਤੁਲਨਾਤਮਕ ਮਾਡਲ ਪ੍ਰਦਾਨ ਕਰਨ ਵਿੱਚ ਅਸਫਲ ਰਹੀਆਂ ਹਨ। ਉਨ੍ਹਾਂ ਕਿਹਾ, ਰਾਜਨੀਤਿਕ ਪਾਰਟੀਆਂ ਨੂੰ ਸਿਰਫ਼ ਇੱਕ ਦੂਜੇ ਦਾ ਵਿਰੋਧ ਕਰਨ ਦੀ ਬਜਾਏ ਠੋਸ ਪ੍ਰੋਗਰਾਮਾਂ ਨਾਲ ਲੋਕਾਂ ਸਾਹਮਣੇ ਆਉਣਾ ਚਾਹੀਦਾ ਹੈ। ਪੰਜਾਬ ਨੂੰ ਨਾਅਰਿਆਂ ਦੀ ਰਾਜਨੀਤੀ ਦੀ ਲੋੜ ਨਹੀਂ ਹੈ, ਸਗੋਂ ਸੂਬੇ ਨੂੰ ਪ੍ਰਦਰਸ਼ਨ ਦੀ ਰਾਜਨੀਤੀ ਦੀ ਲੋੜ ਹੈ। ਲੋਕ ਇੰਨੇ ਬੁੱਧੀਮਾਨ ਹਨ ਕਿ ਉਹ ਦੇਖ ਸਕਣ ਕਿ ਕੌਣ ਕੰਮ ਕਰ ਰਿਹਾ ਹੈ ਅਤੇ ਕੌਣ ਸਿਰਫ਼ ਗੱਲਾਂ ਕਰ ਰਿਹਾ ਹੈ।

ਉਨ੍ਹਾਂ ਕਿਹਾ, ਪੰਜਾਬ ਦੇ ਲੋਕਾਂ ਨੂੰ ਹਰ ਰਾਜਨੀਤਿਕ ਪਾਰਟੀ ਤੋਂ ਜਵਾਬਦੇਹੀ ਮੰਗਣ ਦਾ ਅਧਿਕਾਰ ਹੈ ਅਤੇ ਪੰਜਾਬ ਦੇ ਵਿਕਾਸ ਦਾ ਅਗਲਾ ਪੜਾਅ ਪਹਿਲਾਂ ਹੀ ਸ਼ੁਰੂ ਹੋ ਚੁੱਕਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਸੂਬੇ ਦੇ ਹਰ ਖੇਤਰ ਨੂੰ ਮਜ਼ਬੂਤ ?ਕਰਨ ਲਈ ਕੰਮ ਕਰਦੀ ਰਹੇਗੀ ਅਤੇ ਇਹ ਯਕੀਨੀ ਬਣਾਏਗੀ ਕਿ ਵਿਕਾਸ ਪਿੰਡਾਂ ਦੇ ਨਾਲ-ਨਾਲ ਸ਼ਹਿਰਾਂ ਤੱਕ ਵੀ ਪਹੁੰਚੇ। ਉਨ੍ਹਾਂ ਕਿਹਾ, ਰਾਜ ਸਰਕਾਰ ਦਾ ਉਦੇਸ਼ ਇੱਕ ਅਜਿਹਾ ਪੰਜਾਬ ਬਣਾਉਣਾ ਹੈ ਜਿੱਥੇ ਇੱਕ ਔਰਤ ਨੂੰ ਵਿੱਤੀ ਮਾਣ-ਸਨਮਾਨ ਮਿਲੇ, ਇੱਕ ਕਿਸਾਨ ਨੂੰ ਭਰੋਸੇਯੋਗ ਬਿਜਲੀ ਅਤੇ ਸਿੰਚਾਈ ਮਿਲੇ, ਇੱਕ ਨੌਜਵਾਨ ਨੂੰ ਯੋਗਤਾ ਦੇ ਆਧਾਰ 'ਤੇ ਰੁਜ਼ਗਾਰ ਮਿਲੇ, ਇੱਕ ਬੱਚੇ ਨੂੰ ਸਰਕਾਰੀ ਸਕੂਲ ਵਿੱਚ ਮਿਆਰੀ ਸਿੱਖਿਆ ਮਿਲੇ ਅਤੇ ਇੱਕ ਪ੍ਰਤਿਭਾਸ਼ਾਲੀ ਖਿਡਾਰੀ ਨੂੰ ਤਗਮੇ ਜਿੱਤਣ ਲਈ ਲੋੜੀਂਦੀਆਂ ਸਹੂਲਤਾਂ ਮਿਲਣ।

## ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਵੱਖ-ਵੱਖ ਖੇਡਾਂ ਦੇ ਹੋਏ ਦਿਲਚਸਪ ਮੁਕਾਬਲੇ



**ਤਰਨ ਤਾਰਨ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

'ਖੇਡਾਂ ਵਤਨ ਪੰਜਾਬ ਦੀਆਂ - 2026' ਤਹਿਤ ਜ਼ਿਲ੍ਹਾ ਤਰਨ ਤਾਰਨ ਵਿਖੇ ਚੱਲ ਰਹੀਆਂ ਜ਼ਿਲ੍ਹਾ ਪੱਧਰੀ ਖੇਡਾਂ ਦੌਰਾਨ ਵੱਖ-ਵੱਖ ਖੇਡਾਂ ਦੇ ਦਿਲਚਸਪ ਮੁਕਾਬਲੇ ਹੋਏ। ਜ਼ਿਲ੍ਹਾ ਖੇਡ ਅਫਸਰ ਸ੍ਰੀਮਤੀ ਸਤਵੰਤ ਕੌਰ ਅੱਜ ਮੁੱਖ ਮਹਿਮਾਨ ਗੁਰਦਿਆਲ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਤੇ ਮਨਦੀਪ ਸਿੰਘ ਭੁੱਲਰ ਐਡਵੋਕੇਟ ਪੱਟੀ ਵਿਸ਼ੇਸ਼ ਤੌਰ 'ਤੇ ਖਿਡਾਰੀਆਂ ਨੂੰ ਆਸ਼ੀਰਵਾਦ ਦੇਣ ਲਈ ਪਹੁੰਚੇ। ਉਨ੍ਹਾਂ ਦੱਸਿਆ ਕਿ ਅੱਜ ਨੈਸ਼ਨਲ ਸਟਾਈਲ ਕਬੱਡੀ ਤੇ ਜੂਡੋ ਦੇ ਮੁਕਾਬਲੇ ਕਰਵਾਏ ਗਏ। ਉਨ੍ਹਾਂ ਦੱਸਿਆ ਕਿ ਜੂਡੋ ਅੰਡਰ-14 ਲੜਕੀਆਂ ਪਹਿਲਾ ਸਥਾਨ ਨਵਦੀਪ ਕੌਰ, ਦੂਸਰਾ ਸਥਾਨ ਅਰਮਾਨਦੀਪ ਕੌਰ ਅਤੇ ਤੀਸਰਾ ਸਥਾਨ ਗੁਰਪ੍ਰੀਤ ਕੌਰ ਤੇ ਰੋਬਿਨਪ੍ਰੀਤ ਨੇ ਹਾਸਲ ਕੀਤਾ। ਅੰਡਰ-21 ਲੜਕੀਆਂ ਪਹਿਲਾ ਸਥਾਨ ਮਨਪ੍ਰੀਤ ਕੌਰ, ਦੂਸਰਾ ਸਥਾਨ ਮੁਸਕਾਨ ਕੌਰ ਤੇ ਤੀਸਰਾ ਸਥਾਨ ਮਨਪ੍ਰੀਤ ਕੌਰ ਨੇ ਹਾਸਲ ਕੀਤਾ। ਅੰਡਰ-14 ਲੜਕਿਆਂ ਵਿੱਚ ਗੁਰਕੀਰਤ ਸਿੰਘ ਨੇ ਪਹਿਲਾ ਸਥਾਨ, ਸ਼ੁਭਮ ਸਿੰਘ ਨੇ ਦੂਸਰਾ ਸਥਾਨ ਹਾਸਲ ਕੀਤਾ। ਨੈਸ਼ਨਲ ਸਟਾਈਲ ਕਬੱਡੀ ਅੰਡਰ-14 ਲੜਕੇ ਪਹਿਲਾ ਸਥਾਨ ਪਿੰਡ ਤੁਤ, ਦੂਸਰਾ ਸਥਾਨ ਨੌਸ਼ਹਿਰਾ ਪੰਨੂਆ ਤੇ ਤੀਸਰਾ ਸਥਾਨ ਸਰਹਾਲੀ ਨੇ ਹਾਸਲ ਕੀਤਾ। ਇਸੇ ਤਰ੍ਹਾਂ ਅੰਡਰ-17 ਲੜਕੇ ਪਹਿਲਾ ਸਥਾਨ ਸੁਰ ਸਿੰਘ, ਦੂਸਰਾ ਸਥਾਨ ਬੀੜ ਸਾਹਿਬ ਅਤੇ ਤੀਸਰਾ ਸਥਾਨ ਮੀਆਂਵਿੰਡ ਨੇ ਹਾਸਲ ਕੀਤਾ।

## ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਬਜਾਜ ਲਾਈਫ ਇੰਸੋਰੈਂਸ ਲਿਮਿਟਡ ਦਾ ਪਲੇਸਮੈਂਟ ਕੈਂਪ ਅੱਜ

**ਪਟਿਆਲਾ, 6 ਅਕਤੂਬਰ**
**-ਬਲਜੀਤ ਸਰਨਾ-**

ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਪਟਿਆਲਾ ਵਿਖੇ ਅੱਜ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਬਜਾਜ ਲਾਈਫ ਇੰਸੋਰੈਂਸ ਲਿਮਿਟਡ ਦੇ ਨਿਯੋਜਕ ਵਲੋਂ ਇੰਸੋਰੈਂਸ ਕੰਸਲਟੈਂਟ ਦੀਆਂ ਅਸਾਮੀਆਂ ਲਈ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਬਾਰੇ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ, ਜ਼ਿਲ੍ਹਾ ਬਿਊਰੋ ਆਫ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਅਤੇ ਸਿਖਲਾਈ ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਬਜਾਜ ਲਾਈਫ ਇੰਸੋਰੈਂਸ ਲਿਮਿਟਡ ਦੇ ਨਿਯੋਜਕ ਵਲੋਂ ਇੰਸੋਰੈਂਸ ਕੰਸਲਟੈਂਟ ਦੀਆਂ ਅਸਾਮੀਆਂ ਲਈ ਉਮੀਦਵਾਰਾਂ ਦੀ ਮੰਗ ਕੀਤੀ ਗਈ ਹੈ।

## ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਨੇ ਆਪਣੀ ਨਵੀਂ ਬ੍ਰਾਂਡ ਪਛਾਣ ਲਾਂਚ ਕੀਤੀ

**ਜਲੰਧਰ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਲਿਮਿਟਿਡ (ਪਹਿਲਾਂ ਆਈਸੀਆਈਸੀਆਈ ਪ੍ਰੂਡੈਂਸ਼ੀਅਲ ਲਾਈਫ ਇੰਸ਼ੋਰੈਂਸ ਕੰਪਨੀ ਲਿਮਿਟਿਡ ਵਜੋਂ ਜਾਣੀ ਜਾਂਦੀ ਸੀ) ਨੇ ਅੱਜ ਆਪਣੀ ਨਵੀਂ ਬ੍ਰਾਂਡ ਪਛਾਣ ਅਤੇ ਟੈਗਲਾਈਨ - 'ਹਰ ਕਲ ਆਸਾਨ' ਦਾ ਐਲਾਨ ਕੀਤਾ। ਕੱਲ੍ਹ ਨੂੰ ਆਸਾਨ ਬਣਾਉਣ ਦੇ ਵਾਅਦੇ ਨਾਲ ਨਵੀਂ ਬ੍ਰਾਂਡ ਪਛਾਣ ਪੇਸ਼ ਕਰਦੇ ਹੋਏ, ਕੰਪਨੀ ਦੀ ਟੈਗਲਾਈਨ - 'ਹਰ ਕਲ ਆਸਾਨ' - ਭਾਰਤੀ ਗਾਹਕਾਂ ਲਈ ਜੀਵਨ ਬੀਮਾ ਨੂੰ ਸਰਲ, ਪਾਰਦਰਸ਼ੀ, ਲਚਕਦਾਰ ਅਤੇ ਆਸਾਨ ਬਣਾਉਣ ਦੇ ਬ੍ਰਾਂਡ ਦੇ ਵਾਅਦੇ ਨੂੰ ਰੇਖਾਂਕਿਤ ਕਰਦੀ ਹੈ।

ਨਵੀਂ ਬ੍ਰਾਂਡ ਪਛਾਣ ਅਤੇ ਟੈਗਲਾਈਨ ਬਾਰੇ ਬੋਲਦੇ ਹੋਏ, ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਲਿਮਿਟਿਡ ਦੇ ਮਾਰਕੀਟਿੰਗ, ਡਿਜੀਟਲ ਅਤੇ ਬੈਂਕਾਸ਼ੋਰੈਂਸ ਦੇ ਮੁਖੀ ਸ਼੍ਰੀ ਸ਼੍ਰੀਨਿਵਾਸ ਬਾਲਾਸੁਬਰਾਮਨੀਅਨ ਨੇ ਕਿਹਾ, ਆਈਸੀਆਈਸੀਆਈ ਨਾਮ ਦੇਸ਼ ਭਰ ਦੇ ਲੱਖਾਂ ਲੋਕਾਂ ਦੇ ਜੀਵਨ ਵਿੱਚ ਵਿਸ਼ਵਾਸ, ਤਾਕਤ ਅਤੇ ਵਿੱਤੀ ਪਹੁੰਚ ਦੇ ਪ੍ਰਤੀਕ ਵਜੋਂ ਇੱਕ ਵਿਸ਼ੇਸ਼ ਸਥਾਨ ਰੱਖਦਾ ਹੈ। ਪਿਛਲੇ 25 ਸਾਲਾਂ ਵਿੱਚ, ਸਾਨੂੰ 200 ਮਿਲੀਅਨ ਤੋਂ ਵੱਧ ਭਾਰਤੀਆਂ ਨੂੰ ਉਨ੍ਹਾਂ ਦੇ ਸੁਪਨਿਆਂ ਅਤੇ ਭਵਿੱਖ ਨੂੰ ਸੁਰੱਖਿਅਤ ਕਰਨ ਵਿੱਚ ਮਦਦ ਕਰਨ ਦਾ ਸਨਮਾਨ ਮਿਲਿਆ ਹੈ। ਇਸ ਯਾਤਰਾ ਦੌਰਾਨ, ਅਸੀਂ ਭਾਰਤ ਦੀ ਸ਼ਾਨਦਾਰ ਵਿਕਾਸ ਅਤੇ ਲੋਕਾਂ ਦੀਆਂ ਉਮੀਦਾਂ ਵਿੱਚ ਮਹੱਤਵਪੂਰਨ ਤਬਦੀਲੀਆਂ ਵੇਖੀਆਂ ਹਨ।

ਅੱਜ ਦੀ ਤੇਜ਼ ਰਫ਼ਤਾਰ ਦੁਨੀਆ ਨੇ ਜਟਿਲਤਾ ਅਤੇ ਅਨਿਸ਼ਚਿਤਤਾ ਨੂੰ ਵਧਾ ਦਿੱਤਾ ਹੈ। ਬਦਲਦੇ ਕਰੀਅਰ ਮਾਰਗਾਂ, ਵਿਕਸਤ ਪਰਿਵਾਰਕ ਢਾਂਚੇ, ਲੰਬੇ ਜੀਵਨ ਕਾਲ ਅਤੇ ਵਿਕਸਤ ਵਿੱਤੀ ਤਰਜੀਹਾਂ ਨੂੰ ਦੇਖਦੇ ਹੋਏ, ਲੰਬੇ ਸਮੇਂ ਦੀ ਯੋਜਨਾਬੰਦੀ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਚੁਣੌਤੀਪੂਰਨ ਹੋ ਗਈ ਹੈ। ਜੀਵਨ ਬੀਮਾ ਇਹਨਾਂ ਅਨਿਸ਼ਚਿਤਤਾਵਾਂ ਨੂੰ ਹੱਲ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ, ਪਰ ਕਿਸੇ ਦੇ ਵਿੱਤੀ ਭਵਿੱਖ ਨੂੰ ਸੁਰੱਖਿਅਤ ਕਰਨਾ ਰਵਾਇਤੀ ਤੌਰ 'ਤੇ ਇੱਕ ਗੁੰਝਲਦਾਰ ਅਨੁਭਵ ਵਜੋਂ ਮੰਨਿਆ ਜਾਂਦਾ ਹੈ।

ਆਈਸੀਆਈਸੀਆਈ ਲਾਈਫ ਇੰਸ਼ੋਰੈਂਸ ਦਾ ਮੰਨਣਾ ਹੈ ਕਿ ਕੱਲ੍ਹ ਲਈ ਤਿਆਰੀ ਕਰਨ ਨਾਲ ਜੀਵਨ ਦੀਆਂ ਜਟਿਲਤਾਵਾਂ ਵਿੱਚ ਵਾਧਾ ਕਰਨ ਦੀ ਬਜਾਏ ਸਪਸ਼ਟਤਾ, ਵਿਸ਼ਵਾਸ ਅਤੇ ਮਨ ਦੀ ਸ਼ਾਂਤੀ ਆਉਣੀ ਚਾਹੀਦੀ ਹੈ। ਸਾਡਾ ਨਵਾਂ ਬ੍ਰਾਂਡ ਪਛਾਣ ਸਿਰਫ਼ ਨਾਮ ਬਦਲਣ ਦੀ ਨਹੀਂ ਹੈ। ਇਹ ਸਪਸ਼ਟ ਕਰਦਾ ਹੈ ਸਾਡਾ ਵਾਅਦਾ ਹੈ ਕਿ ਅਸੀਂ ਆਪਣੇ ਵਿੱਤੀ ਭਵਿੱਖ ਨੂੰ ਸੁਰੱਖਿਅਤ ਕਰਨ ਦੇ ਤਜਰਬੇ ਨੂੰ ਸਰਲ, ਪਾਰਦਰਸ਼ੀ, ਲਚਕਦਾਰ ਅਤੇ ਆਸਾਨ ਬਣਾਵਾਂਗੇ।

25 ਸਾਲਾਂ ਦੀ ਆਪਣੀ ਮਜ਼ਬੂਤ ਨੀਂਹ 'ਤੇ ਨਿਰਮਾਣ ਕਰਦੇ ਹੋਏ, ਅਸੀਂ ਗਾਹਕਾਂ ਲਈ ਆਪਣੇ ਮੁੱਲ ਨੂੰ ਹੋਰ ਵਧਾਵਾਂਗੇ, ਉਦਯੋਗ ਵਿੱਚ ਉੱਤਮਤਾ ਦੇ ਨਵੇਂ ਮਾਪਦੰਡ ਸਥਾਪਤ ਕਰਾਂਗੇ, ਅਤੇ '2047 ਤੱਕ ਸਾਰਿਆਂ ਲਈ ਬੀਮਾ' ਦੇ ਰਾਸ਼ਟਰੀ ਟੀਚੇ ਵਿੱਚ ਸਰਗਰਮੀ ਨਾਲ ਯੋਗਦਾਨ ਪਾਵਾਂਗੇ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਵੱਲੋਂ ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ ਬਿੱਲ, 2026 ਨੂੰ ਯੋਜਨਾਬੱਧ ਅਤੇ ਟਿਕਾਊ ਵਿਕਾਸ ਲਈ ਹਰੀ ਝੰਡੀ

**➢ ਰਣਜੀਤ ਸਾਗਰ ਅਤੇ ਸ਼ਾਹਪੁਰ ਕੰਡੀ ਡੈਮ ਖੇਤਰਾਂ ਦੇ ਸਰਬਪੱਖੀ ਵਿਕਾਸ ਲਈ ਆਰ.ਡੀ.ਏ. ਕੋਲ ਹੋਣਗੀਆਂ ਪ੍ਰਸ਼ਾਸਕੀ, ਵਿੱਤੀ ਅਤੇ ਰੈਗੂਲੇਟਰੀ ਸ਼ਕਤੀਆਂ ➢ ਕੈਬਨਿਟ ਵੱਲੋਂ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਫ਼ਤਰ ਵਿੱਚ ਡਰਾਈਵਰਾਂ ਦੀਆਂ ਨਵੀਆਂ ਅਸਾਮੀਆਂ ਨੂੰ ਮਨਜ਼ੂਰੀ ਯੋਗ ਨਰਸਿੰਗ ਸਟਾਫ਼ ਨੂੰ ਟਿਊਟਰ ਵਜੋਂ ਤਰੱਕੀ ਦੇਣ ਲਈ 'ਪੰਜਾਬ ਨਰਸਿੰਗ ਐਜੂਕੇਸ਼ਨ ਸਰਵਿਸ ਰੂਲਜ਼' ਵਿੱਚ ਸੋਧ ਨੂੰ ਪ੍ਰਵਾਨਗੀ**

**ਚੰਡੀਗੜ੍ਹ 6 ਅਕਤੂਬਰ**
**-ਛਤਰਪਾਲ ਸਿੰਘ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਅੱਜ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ (ਆਰ.ਡੀ.ਏ.) ਬਿੱਲ, 2026' ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਹ ਫ਼ੈਸਲਾ ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।



ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ ਬਿੱਲ, 2026' ਰਣਜੀਤ ਸਾਗਰ ਡੈਮ ਅਤੇ ਸ਼ਾਹਪੁਰ ਕੰਡੀ ਡੈਮ ਖੇਤਰਾਂ ਦੇ ਯੋਜਨਾਬੱਧ ਅਤੇ ਟਿਕਾਊ ਵਿਕਾਸ ਲਈ 'ਰਣਜੀਤਗੜ੍ਹ ਡਿਵੈਲਪਮੈਂਟ ਅਥਾਰਟੀ' (ਆਰ.ਡੀ.ਏ.) ਦੀ ਸਥਾਪਨਾ ਦਾ ਰਾਹ ਪੱਧਰਾ ਕਰੇਗਾ।

ਆਰ.ਡੀ.ਏ. ਦੀ ਸਥਾਪਨਾ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਪ੍ਰਸ਼ਾਸਕੀ ਕੰਟਰੋਲ ਹੇਠ ਇੱਕ ਵਿਧਾਨਕ ਸੰਸਥਾ ਵਜੋਂ ਕੀਤੀ ਜਾਵੇਗੀ। ਇਸ ਨੂੰ ਏਕੀਕ੍ਰਿਤ ਵਿਕਾਸ, ਜ਼ਮੀਨ ਪ੍ਰਬੰਧਨ, ਪ੍ਰਾਜੈਕਟਾਂ ਨੂੰ ਲਾਗੂ ਕਰਨ ਅਤੇ ਸੈਰ-ਸਪਾਟਾ ਸਥਾਨਾਂ ਦੇ ਸੁਚੱਜੇ ਪ੍ਰਬੰਧਨ ਲਈ ਲੋੜੀਂਦੀਆਂ ਪ੍ਰਸ਼ਾਸਕੀ, ਵਿੱਤੀ ਅਤੇ ਰੈਗੂਲੇਟਰੀ ਸ਼ਕਤੀਆਂ ਦਿੱਤੀਆਂ ਜਾਣਗੀਆਂ।

ਇਸ ਅਥਾਰਟੀ ਦੇ ਚੇਅਰਮੈਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹੋਣਗੇ, ਜਦਕਿ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਮੰਤਰੀ ਇਸ ਦੇ ਵਾਈਸ-ਚੇਅਰਮੈਨ ਹੋਣਗੇ। ਮੁੱਖ ਸਕੱਤਰ ਦੀ ਅਗਵਾਈ ਵਾਲੀ ਇੱਕ ਕਾਰਜਕਾਰੀ ਕਮੇਟੀ ਇਸ ਦੇ ਰੋਜ਼ਾਨਾ ਦੇ ਕੰਮਕਾਜ ਅਤੇ ਅੰਤਰ-ਵਿਭਾਗੀ ਤਾਲਮੇਲ ਦੀ ਦੇਖ-ਰੇਖ ਕਰੇਗੀ।

ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਫ਼ਤਰ ਵਿੱਚ ਸਟਾਫ਼ ਦੀ ਭਰਤੀ ਨੂੰ ਹਰੀ ਝੰਡੀ

ਕੈਬਨਿਟ ਨੇ ਮੁੱਖ ਚੋਣ ਅਫ਼ਸਰ (ਸੀ.ਈ.ਓ.), ਪੰਜਾਬ ਦੇ ਦਫ਼ਤਰ ਵਿੱਚ ਡਰਾਈਵਰਾਂ ਦੀਆਂ ਨਵੀਆਂ ਅਸਾਮੀਆਂ ਸਿਰਜਣ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ।

ਇਹ ਅਸਾਮੀਆਂ 19 ਪੱਕੀਆਂ ਅਸਾਮੀਆਂ ਵਿੱਚੋਂ ਸੇਵਾਦਾਰਾਂ ਦੀਆਂ ਅਸਾਮੀਆਂ ਅਤੇ ਮੁਹੱਰਰ ਦੀ ਇੱਕ ਪੱਕੀ ਅਸਾਮੀ ਸਰੰਡਰ ਕਰਕੇ ਬਣਾਈਆਂ ਗਈਆਂ ਹਨ।
ਇਸ ਕਦਮ ਦਾ ਮਕਸਦ ਮੁੱਖ ਚੋਣ ਅਫ਼ਸਰ, ਪੰਜਾਬ ਦੇ ਦਫ਼ਤਰ ਦੇ ਕੰਮਕਾਜ ਨੂੰ ਹੋਰ ਸੁਚਾਰੂ ਬਣਾਉਣਾ ਹੈ।

ਪੰਜਾਬ ਨਰਸਿੰਗ ਐਜੂਕੇਸ਼ਨ ਸਰਵਿਸ ਰੂਲਜ਼ (ਗਰੁੱਪ ਬੀ), 2016 ਵਿੱਚ ਸੋਧ ਨੂੰ ਹਰੀ ਝੰਡੀ

ਕੈਬਨਿਟ ਨੇ ਮੈਡੀਕਲ ਸਿੱਖਿਆ ਅਤੇ ਖੋਜ ਵਿਭਾਗ ਅਧੀਨ ਸਰਕਾਰੀ ਨਰਸਿੰਗ ਕਾਲਜ, ਪਟਿਆਲਾ ਅਤੇ ਅੰਮ੍ਰਿਤਸਰ ਵਿੱਚ ਟਿਊਟਰ ਦੀਆਂ ਅਸਾਮੀਆਂ ਨੂੰ ਤਰੱਕੀ ਰਾਹੀਂ ਭਰਨ ਲਈ 'ਪੰਜਾਬ ਨਰਸਿੰਗ ਐਜੂਕੇਸ਼ਨ ਸਰਵਿਸ ਰੂਲਜ਼ (ਗਰੁੱਪ ਬੀ), 2016' ਦੇ ਅਪੈਂਡਿਕਸ-ਬੀ ਵਿੱਚ ਸੋਧ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ।

ਇਹ ਅਸਾਮੀਆਂ ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ, ਪੰਜਾਬ ਦੇ ਕੰਟਰੋਲ ਹੇਠ ਰੈਗੂਲਰ ਆਧਾਰ 'ਤੇ ਕੰਮ ਕਰ ਰਹੀਆਂ ਅਜਿਹੀਆਂ ਸਟਾਫ਼ ਨਰਸਾਂ ਅਤੇ ਨਰਸਿੰਗ ਸਿਸਟਰਾਂ ਵਿੱਚੋਂ ਭਰੀਆਂ ਜਾਣਗੀਆਂ, ਜਿਨ੍ਹਾਂ ਨੇ ਸਬੰਧਤ ਖੇਤਰ ਵਿੱਚ ਐਮ.ਐਸ.ਸੀ. (ਨਰਸਿੰਗ) ਕੀਤੀ ਹੋਵੇਗੀ। ਨਰਸਿੰਗ ਸਿੱਖਿਆ ਵਿੱਚ ਇੱਕ ਸਾਲ ਦਾ ਅਧਿਆਪਨ ਤਜਰਬਾ ਰੱਖਣ ਵਾਲੇ ਉਮੀਦਵਾਰਾਂ ਨੂੰ ਪਹਿਲ ਦਿੱਤੀ ਜਾਵੇਗੀ।

ਪਿਕਟਸ ਵਿੱਚ ਨਾਨ-ਟੀਚਿੰਗ ਸਟਾਫ਼ ਦੀਆਂ ਸੇਵਾਵਾਂ ਰੈਗੂਲਰ ਕਰਨ ਨੂੰ ਪ੍ਰਵਾਨਗੀ

ਕੈਬਨਿਟ ਨੇ 'ਪੰਜਾਬ ਇਨਫਰਮੇਸ਼ਨ ਐਂਡ ਕਮਿਊਨੀਕੇਸ਼ਨ ਟੈਕਨਾਲੋਜੀ ਐਜੂਕੇਸ਼ਨ ਸੁਸਾਇਟੀ' (ਪਿਕਟਸ) ਅਧੀਨ ਕੰਟਰੈਕਟ 'ਤੇ ਕੰਮ ਕਰਦੇ ਨਾਨ-ਟੀਚਿੰਗ ਸਟਾਫ਼ ਦੀਆਂ ਸੇਵਾਵਾਂ ਨੂੰ ਰੈਗੂਲਰ ਕਰਨ ਲਈ ਵੀ ਆਪਣੀ ਸਹਿਮਤੀ ਦੇ ਦਿੱਤੀ ਹੈ।
ਰੈਗੂਲਰ ਕੀਤੇ ਜਾਣ ਵਾਲੇ ਕਰਮਚਾਰੀਆਂ ਨੂੰ ਪਿਕਟਸ ਅਧੀਨ ਨਿਰਧਾਰਤ ਤਨਖ਼ਾਹ ਸਕੇਲ ਵਿੱਚ ਸੇਵਾਵਾਂ ਰੈਗੂਲਰ ਕਰਨ ਦਾ ਲਾਭ ਦਿੱਤਾ ਜਾਵੇਗਾ।

## ਮਾਛੀਵਾੜਾ ਪੁਲਿਸ ਵੱਲੋਂ ਕਾਸੋ ਆਪ੍ਰੇਸ਼ਨ ਦੌਰਾਨ 8 ਵਿਅਕਤੀ ਨਸ਼ੀਲੇ ਪਦਾਰਥਾਂ ਸਮੇਤ ਕਾਬੂ

**ਮਾਛੀਵਾੜਾ ਸਾਹਿਬ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੁਲਿਸ ਜ਼ਿਲ੍ਹਾ ਖੰਨਾ ਐੱਸ.ਐੱਸ.ਪੀ.ਮੈਡਮ ਦਰਪਣ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਾਛੀਵਾੜਾ ਪੁਲਸ ਨੇ ਕਾਸੋ ਆਪ੍ਰੇਸ਼ਨ ਤਹਿਤ 8 ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਕਾਬੂ ਕੀਤਾ ਹੈ। ਮੁਲਜ਼ਮਾਂ ਦੀ ਪਹਿਚਾਣ ਰਾਹੁਲ ਬਾਲੀ, ਰੋਹਿਤ ਬਾਲੀ, ਗੁਰਮੇਲ ਸਿੰਘ, ਗੌਰਵ ਸਿੰਗਲਾ ਵਾਸੀ ਮਾਛੀਵਾੜਾ, ਲਖਵੀਰ ਸਿੰਘ ਵਾਸੀ ਲੁਬਾਣਗੜ੍ਹ, ਸੰਦੀਪ ਸਿੰਘ ਵਾਸੀ ਝੜੌਦੀ, ਜਸਪ੍ਰੀਤ ਸਿੰਘ ਵਾਸੀ ਗੜ੍ਹੀ ਤਰਖਾਣਾ ਅਤੇ ਗੁਰਿੰਦਰ ਸਿੰਘ ਵਾਸੀ ਅਢਿਆਣਾ ਵਜੋਂ ਹੋਈ ਹੈ। ਥਾਣਾ ਮੁਖੀ ਕਰਮਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਜ਼ਿਲਾ ਖੰਨਾ ਦੇ ਐੱਸਐੱਸਪੀ ਡਾ. ਦਰਪਣ ਆਹਲੂਵਾਲੀਆ ਦੇ ਨਿਰਦੇਸ਼ਾਂ ਤਹਿਤ ਤੜਕੇ 4 ਵਜੇ ਤੋਂ ਦੇਰ ਸ਼ਾਮ ਤੱਕ ਕਾਸੋ ਆਪ੍ਰੇਸ਼ਨ ਸ਼ੁਰੂ ਕੀਤਾ ਅਤੇ ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਕੀਤੀ ਗਈ। ਪੁਲਸ ਪਾਰਟੀ ਜਦੋਂ ਅਢਿਆਣਾ ਨੇੜ੍ਹੇ ਸਮਸ਼ਾਨ ਘਾਟ ਪੁੱਜੀ ਤਾਂ ਇੱਕ ਕਮਰੇ ਵਿਚ 4 ਨੌਜਵਾਨਾਂ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕੀਤਾ ਜਿਨ੍ਹਾਂ ਨੇ ਆਪਣਾ ਨਾਮ ਲਖਵੀਰ ਸਿੰਘ ਵਾਸੀ ਲੁਬਾਣਗੜ੍ਹ, ਸੰਦੀਪ ਸਿੰਘ ਵਾਸੀ ਝੜੌਦੀ, ਜਸਪ੍ਰੀਤ ਸਿੰਘ ਵਾਸੀ ਗੜ੍ਹੀ ਤਰਖਾਣਾ ਅਤੇ ਗੁਰਿੰਦਰ ਸਿੰਘ ਵਾਸੀ ਅਢਿਆਣਾ ਦੱਸਿਆ। ਇਨ੍ਹਾਂ ਕੋਲੋਂ ਤਲਾਸ਼ੀ ਦੌਰਾਨ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਦੂਸਰੇ ਮਾਮਲੇ ਵਿਚ ਪੁਲਸ ਪਾਰਟੀ ਵਲੋਂ ਪਿੰਡ ਅਢਿਆਣਾ ਵਿਖੇ ਹੀ ਪਾਰਕ ਨੇੜ੍ਹੇ 4 ਨੌਜਵਾਨ ਬੈਠੇ ਦਿਖਾਈ ਦਿੱਤੇ ਜੋ ਪੁਲਸ ਨੂੰ ਦੇਖ ਕੇ ਭੱਜਣ ਲੱਗੇ।

ਪੁਲਸ ਨੇ ਇਨ੍ਹਾਂ ਨੂੰ ਕਾਬੂ ਕਰ ਲਿਆ ਜਿਨ੍ਹਾਂ ਨੇ ਆਪਣਾ ਨਾਮ ਰਾਹੁਲ ਬਾਲੀ, ਰੋਹਿਤ ਬਾਲੀ, ਗੁਰਮੇਲ ਸਿੰਘ, ਗੌਰਵ ਸਿੰਗਲਾ ਵਾਸੀ ਮਾਛੀਵਾੜਾ ਦੱਸਿਆ ਜਿਨ੍ਹਾਂ ਕੋਲੋਂ ਵੀ ਤਲਾਸ਼ੀ ਦੌਰਾਨ 6 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਮੁਖੀ ਨੇ ਦੱਸਿਆ ਕਿ ਉਕਤ ਕਥਿਤ ਦੋਸ਼ੀਆਂ ਖਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ ਅਤੇ ਜਾਂਚ ਕੀਤੀ ਜਾ ਰਹੀ ਹੈ ਕਿ ਇਹ ਨਸ਼ੀਲੇ ਪਦਾਰਥ ਕਿੱਥੋਂ ਲੈ ਕੇ ਕਿੱਥੇ ਵੇਚਦੇ ਸਨ।

# ਸੁਨਾਮ ਅਤੇ ਪੰਜਾਬ ਦਾ ਵਿਕਾਸ ਮੇਰੀ ਤਰਜੀਹ, ਕ੍ਰੈਡਿਟ ਦੀ ਕੋਈ ਲਾਲਸਾ ਨਹੀਂ: ਅਮਨ ਅਰੋੜਾ

**ਸੁਨਾਮ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੁਨਾਮ ਅਤੇ ਪੰਜਾਬ ਦਾ ਸਰਬਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ ਅਤੇ ਵਿਕਾਸ ਕਾਰਜਾਂ ਦਾ ਸਿਹਰਾ ਲੈਣ ਦੀ ਬਜਾਏ ਉਨ੍ਹਾਂ ਦਾ ਧਿਆਨ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ 'ਤੇ ਕੇਂਦਰਿਤ ਹੈ। ਉਨ੍ਹਾਂ ਕਿਹਾ ਕਿ ਸਰਕਾਰਾਂ ਵੱਲੋਂ ਵਿਕਾਸ ਪ੍ਰਾਜੈਕਟਾਂ 'ਤੇ ਖ਼ਰਚ ਕੀਤਾ ਜਾਣ ਵਾਲਾ ਪੈਸਾ ਲੋਕਾਂ ਦੇ ਟੈਕਸਾਂ ਤੋਂ ਇਕੱਠਾ ਹੁੰਦਾ ਹੈ ਅਤੇ ਇਸ ਨੂੰ ਲੋਕ ਭਲਾਈ ਲਈ ਵਰਤਣਾ ਸਰਕਾਰਾਂ ਦੀ ਜ਼ਿੰਮੇਵਾਰੀ ਹੈ।

ਸੁਨਾਮ ਵਿੱਚ ਵਿਕਾਸ ਪ੍ਰਾਜੈਕਟ ਦੇ ਫੰਡਾਂ ਸਬੰਧੀ ਭਾਜਪਾ ਆਗੂ ਦਾਮਨ ਬਾਜਵਾ ਵੱਲੋਂ ਉਠਾਏ ਸਵਾਲਾਂ ਦਾ ਜਵਾਬ ਦਿੰਦਿਆਂ ਅਮਨ ਅਰੋੜਾ ਨੇ ਦੱਸਿਆ ਕਿ ਸਬੰਧਤ ਪ੍ਰਾਜੈਕਟ ਅੰਮ੍ਰਿਤ 2.0 ਯੋਜਨਾ ਤਹਿਤ ਕਰੀਬ ਢਾਈ ਕਰੋੜ ਰੁਪਏ ਦੀ ਲਾਗਤ ਨਾਲ ਨੇਪਰੇ ਚਾੜ੍ਹਿਆ ਜਾ ਰਿਹਾ ਹੈ। ਉਨ੍ਹਾਂ ਅਨੁਸਾਰ ਇਸ ਪ੍ਰਾਜੈਕਟ ਵਿੱਚ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਦੀ ਹਿੱਸੇਦਾਰੀ 50-50 ਫ਼ੀਸਦੀ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਕਿਸੇ ਵੀ ਵਿਕਾਸ ਕਾਰਜ ਲਈ ਮਿਲਣ ਵਾਲੇ ਫੰਡ ਕਿਸੇ ਆਗੂ ਦੀ ਨਿੱਜੀ ਜੇਬ ਵਿੱਚੋਂ ਨਹੀਂ ਆਉਂਦੇ। ਇਹ ਲੋਕਾਂ ਦਾ ਪੈਸਾ ਹੈ, ਜਿਸ ਨੂੰ ਉਨ੍ਹਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ 'ਤੇ ਖ਼ਰਚ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਆਖਿਆ ਕਿ ਕੇਂਦਰੀ ਯੋਜਨਾਵਾਂ ਤਹਿਤ ਪੰਜਾਬ ਨੂੰ ਮਿਲਣ ਵਾਲੇ ਫੰਡਾਂ ਨੂੰ ਕਿਸੇ ਸਿਆਸੀ ਆਗੂ ਜਾਂ ਪਾਰਟੀ ਦੇ ਅਹਿਸਾਨ ਵਜੋਂ ਪੇਸ਼ ਕਰਨਾ ਉਚਿਤ ਨਹੀਂ ਹੈ।

ਅਮਨ ਅਰੋੜਾ ਨੇ ਕਿਹਾ ਕਿ ਦੇਸ਼ ਦੇ ਸੰਘੀ ਢਾਂਚੇ ਵਿੱਚ ਕੇਂਦਰ ਅਤੇ ਸੂਬਿਆਂ ਦੀਆਂ ਆਪੋ-ਆਪਣੀਆਂ ਜ਼ਿੰਮੇਵਾਰੀਆਂ ਹਨ। ਪੰਜਾਬ ਦੇ ਲੋਕ ਵੀ ਟੈਕਸਾਂ ਰਾਹੀਂ ਦੇਸ਼ ਦੇ ਮਾਲੀਏ ਵਿੱਚ



ਯੋਗਦਾਨ ਪਾਉਂਦੇ ਹਨ। ਇਸ ਲਈ ਕੇਂਦਰੀ ਯੋਜਨਾਵਾਂ ਅਧੀਨ ਪੰਜਾਬ ਦੇ ਵਿਕਾਸ ਲਈ ਫੰਡ ਪ੍ਰਾਪਤ ਕਰਨਾ ਅਤੇ ਉਨ੍ਹਾਂ ਦੀ ਸੁਚੱਜੀ ਵਰਤੋਂ ਯਕੀਨੀ ਬਣਾਉਣਾ ਲੋਕ ਨੁਮਾਇੰਦਿਆਂ ਅਤੇ ਸਰਕਾਰਾਂ ਦਾ ਫ਼ਰਜ਼ ਹੈ।

ਉਨ੍ਹਾਂ ਕਿਹਾ ਕਿ ਕਿਸੇ ਪ੍ਰਾਜੈਕਟ ਨੂੰ ਅਮਲੀ ਰੂਪ ਦੇਣ ਲਈ ਉਸ ਦੀ ਯੋਜਨਾਬੰਦੀ, ਮਨਜ਼ੂਰੀ, ਫੰਡਾਂ ਦਾ ਪ੍ਰਬੰਧ ਅਤੇ ਜ਼ਮੀਨੀ ਪੱਧਰ 'ਤੇ ਕੰਮ ਕਰਵਾਉਣਾ ਜ਼ਰੂਰੀ ਹੁੰਦਾ ਹੈ। ਉਹ ਸੁਨਾਮ ਦੀਆਂ ਲੋੜਾਂ ਅਨੁਸਾਰ ਵਿਕਾਸ ਪ੍ਰਾਜੈਕਟਾਂ ਨੂੰ ਅੱਗੇ ਵਧਾਉਣ ਲਈ ਲਗਾਤਾਰ ਯਤਨ ਕਰ ਰਹੇ ਹਨ ਅਤੇ ਲੋਕਾਂ ਦੀਆਂ ਸਹੂਲਤਾਂ ਨਾਲ ਜੁੜੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਵਾਉਣ ਲਈ ਵਚਨਬੱਧ ਹਨ।

ਪਿਛਲੀ ਕਾਂਗਰਸ ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਉਂਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਉਸ ਸਮੇਂ ਹਲਕੇ ਦੀ ਨੁਮਾਇੰਦਗੀ ਦਾ ਦਾਅਵਾ ਕਰਨ ਵਾਲੇ ਆਗੂਆਂ ਨੂੰ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਨੇ ਸੁਨਾਮ ਲਈ ਵਿਕਾਸ ਪ੍ਰਾਜੈਕਟ ਮਨਜ਼ੂਰ ਕਰਵਾਉਣ ਅਤੇ ਫੰਡ ਲਿਆਉਣ ਵਾਸਤੇ ਕੀ ਉਪਰਾਲੇ ਕੀਤੇ ਸਨ। ਉਨ੍ਹਾਂ ਕਿਹਾ ਕਿ ਲੋਕ ਨੁਮਾਇੰਦਿਆਂ ਦੀ ਕਾਰਗੁਜ਼ਾਰੀ ਦਾ ਮੁਲਾਂਕਣ ਉਨ੍ਹਾਂ ਵੱਲੋਂ ਕਰਵਾਏ ਕੰਮਾਂ ਅਤੇ ਲੋਕਾਂ ਨੂੰ ਮਿਲੀਆਂ ਸਹੂਲਤਾਂ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ।

ਪੰਜਾਬ ਦੇ ਪੇਂਡੂ ਵਿਕਾਸ ਫੰਡ ਦਾ ਮੁੱਦਾ ਉਠਾਉਂਦਿਆਂ ਅਮਨ ਅਰੋੜਾ ਨੇ ਦਾਅਵਾ ਕੀਤਾ ਕਿ ਕੇਂਦਰ ਵੱਲੋਂ ਪੰਜਾਬ ਦੇ ਕਰੀਬ 10,000 ਕਰੋੜ ਰੁਪਏ ਦੇ ਆਰ.ਡੀ.ਐੱਫ. ਫੰਡ ਰੋਕੇ ਗਏ ਹਨ। ਉਨ੍ਹਾਂ ਦਾਮਨ ਬਾਜਵਾ ਨੂੰ ਕਿਹਾ ਕਿ ਉਹ ਕੇਂਦਰ ਸਰਕਾਰ ਕੋਲ ਇਹ ਮਾਮਲਾ ਉਠਾ ਕੇ ਪੰਜਾਬ ਦੇ ਫੰਡ ਜਾਰੀ ਕਰਵਾਉਣ ਲਈ ਯਤਨ ਕਰਨ। ਉਨ੍ਹਾਂ ਆਖਿਆ ਕਿ ਇਹ ਰਾਸ਼ੀ ਮਿਲਣ ਨਾਲ ਪੇਂਡੂ ਬੁਨਿਆਦੀ ਢਾਂਚੇ ਅਤੇ ਹੋਰ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੱਤੀ ਜਾ ਸਕੇਗੀ।

ਕੈਬਨਿਟ ਮੰਤਰੀ ਨੇ ਕਿਹਾ, ਮੈਨੂੰ ਕ੍ਰੈਡਿਟ ਲੈਣ ਦੀ ਕੋਈ ਲਾਲਸਾ ਨਹੀਂ ਹੈ। ਜੇਕਰ ਦਾਮਨ ਬਾਜਵਾ ਕੇਂਦਰ ਤੋਂ ਪੰਜਾਬ ਦੇ ਰੋਕੇ ਹੋਏ ਫੰਡ ਜਾਰੀ ਕਰਵਾ ਦਿੰਦੇ ਹਨ ਤਾਂ ਮੈਂ ਸਾਰਾ ਸਿਹਰਾ ਉਨ੍ਹਾਂ ਨੂੰ ਦੇਣ ਲਈ ਤਿਆਰ ਹਾਂ। ਮੇਰੇ ਲਈ ਸਭ ਤੋਂ ਅਹਿਮ ਗੱਲ ਇਹ ਹੈ ਕਿ ਪੰਜਾਬ ਨੂੰ ਉਸ ਦਾ ਹੱਕ ਮਿਲੇ ਅਤੇ ਇਹ ਪੈਸਾ ਲੋਕਾਂ ਦੇ ਵਿਕਾਸ ਲਈ ਵਰਤਿਆ ਜਾਵੇ।

ਅਮਨ ਅਰੋੜਾ ਨੇ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੁਨਾਮ ਦੇ ਵਿਕਾਸ ਲਈ ਹਰ ਸੰਭਵ ਸਰੋਤ ਤੋਂ ਫੰਡ ਲਿਆਉਣ ਅਤੇ ਪ੍ਰਵਾਨਿਤ ਪ੍ਰਾਜੈਕਟਾਂ ਨੂੰ ਅਮਲੀ ਰੂਪ ਦੇਣ ਲਈ ਯਤਨ ਜਾਰੀ ਰਹਿਣਗੇ।

## ਗਿੱਲ ਭਰਾ ਮਨੀਲਾ ਵਾਲਿਆਂ ਨੂੰ ਸਦਮਾ,ਪਿਤਾ ਮਾਸਟਰ ਰਾਮ ਪ੍ਰਤਾਪ ਜੀ ਦਾ ਹੋਇਆ ਦਿਹਾਂਤ

**ਮਾਛੀਵਾੜਾ ਸਾਹਿਬ, 6 ਅਕਤੂਬਰ**
**-ਸਤੀਸ਼ ਕੁਮਾਰ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਿੰਡ ਰੂੜੇਵਾਲ ਜੋਧਵਾਲ ਦੇ ਉੱਘੇ ਖੇਡ ਪ੍ਰਮੋਟਰ, ਸਮਾਜ ਸੇਵੀ ਰਾਕੇਸ਼ ਗਿੱਲ ਅਤੇ ਗਿੱਲ ਪਰਿਵਾਰ (ਗਿੱਲ ਬ੍ਰਦਰਜ਼) ਮਨੀਲਾ ਵਾਲਿਆਂ ਨੂੰ ਉਸ ਵੇਲੇ ਗਹਿਰਾ ਸਦਮਾ ਲੱਗਾ ਜਦੋਂ ਉਹਨਾਂ ਦੇ ਪਿਤਾ ਸੇਵਾ ਮੁਕਤ ਅਧਿਆਪਕ ਰਾਮ ਪ੍ਰਤਾਪ ਜੀ ਸੰਖੇਪ ਬਿਮਾਰੀ ਪਿੱਛੋਂ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ । ਮਾਸਟਰ ਰਾਮ ਪ੍ਰਤਾਪ ਜੀ ਨਮਿਤ ਅੰਤਿਮ ਸੰਸਕਾਰ ਅੱਜ ਮਿਤੀ 6 ਅਕਤੂਬਰ ਦਿਨ ਮੰਗਲਵਾਰ ਨੂੰ ਜੋਧਵਾਲ ਦੇ ਸ਼ਮਸ਼ਾਨ ਘਾਟ ਵਿਖੇ ਸਵੇਰੇ ਕਰੀਬ 11 ਵਜੇ ਕੀਤਾ ਜਾਵੇਗਾ। ਮਾਸਟਰ ਪ੍ਰਤਾਪ ਜੀ ਦੇ ਦਿਹਾਂਤ ਦਾ ਪਤਾ ਲੱਗਣ ਤੇ ਇਲਾਕੇ ਦੀਆਂ ਧਾਰਮਿਕ ,ਰਾਜਨੀਤਿਕ, ਵਿਦਿਅਕ, ਸਮਾਜਿਕ ਅਤੇ ਸਪੋਰਟਸ ਸੰਸਥਾਵਾਂ ਵੱਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।



# ਹਰਿਆਣਾ ਖ਼ਬਰਨਾਮਾ



## ਹਰਿਆਣਾ ਦਾ ਈ-ਭੂਮੀ ਮਾਡਲ ਬਣਿਆ ਚਰਚਾ ਦਾ ਵਿਸ਼ਾ, ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਸਾਂਝਾ ਕੀਤਾ ਜ਼ਮੀਨ ਖਰੀਦ ਦਾ ਤਜਰਬਾ

**ਚੰਡੀਗੜ੍ਹ, 6 ਅਕਤੂਬਰ**
**-ਸੰਜੀਵ ਸਿੰਗਲਾ-**

ਹਰਿਆਣਾ ਦੇ ਜਨ ਸਿਹਤ ਇੰਜੀਨੀਅਰਿੰਗ ਅਤੇ ਲੋਕ ਨਿਰਮਾਣ ਮੰਤਰੀ ਰਣਬੀਰ ਗੰਗਵਾ ਨੇ ਕਿਹਾ ਕਿ ਸੜਕ ਪ੍ਰੋਜੈਕਟਾਂ ਲਈ ਜ਼ਮੀਨ ਜੁਟਾਉਣਾ ਅਕਸਰ ਵੱਡੀ ਚੁਣੌਤੀ ਹੁੰਦਾ ਹੈ, ਪਰ ਹਰਿਆਣਾ ਨੇ ਤਕਨੀਕ ਰਾਹੀਂ ਇਸ ਪ੍ਰਕਿਰਿਆ ਨੂੰ ਸੌਖਾ ਅਤੇ ਪਾਰਦਰਸ਼ੀ ਬਣਾਉਣ ਦੀ ਦਿਸ਼ਾ ਵਿੱਚ ਕਦਮ ਪੁੱਟਿਆ ਹੈ।

ਮੰਤਰੀ ਰਣਬੀਰ ਗੰਗਵਾ ਨੇ ਸੋਮਵਾਰ ਨੂੰ ਗੁਜਰਾਤ ਦੇ ਨਰਮਦਾ ਜ਼ਿਲ੍ਹੇ ਦੇ ਏਕਤਾ ਨਗਰ ਵਿੱਚ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਦੇ ਦੋ ਰੋਜ਼ਾ ਰਾਸ਼ਟਰੀ ਚਿੰਤਨ ਸ਼ਿਵਿਰ 'ਗਤੀਸ਼ੀਲ ਤੋਂ ਪ੍ਰਗਤੀ' ਵਿੱਚ ਪਹਿਲੇ ਦਿਨ 'ਐਕਸਲੇਟਿੰਗ ਲੈਂਡ ਐਕੁਜੀਸ਼ਨ ਐਂਡ ਲੀਵਰੇਜਿੰਗ ਭੂਮੀ ਰਾਸ਼ੀ' ਵਿਸ਼ੇ 'ਤੇ ਬੋਲਦਿਆਂ ਸੂਬੇ ਦੇ ਈ-ਭੂਮੀ ਮਾਡਲ ਦਾ ਤਜਰਬਾ ਸਾਂਝਾ ਕੀਤਾ। ਇਸ ਸ਼ਿਵਿਰ ਵਿੱਚ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਸਮੇਤ ਦੇਸ਼ ਭਰ ਤੋਂ ਆਏ ਲੋਕ ਨਿਰਮਾਣ ਵਿਭਾਗ ਦੇ ਮੰਤਰੀ ਅਤੇ ਸੀਨੀਅਰ ਅਧਿਕਾਰੀ ਮੌਜੂਦ ਸਨ।

ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਇਸ ਦੌਰਾਨ ਦੱਸਿਆ ਕਿ ਹਰਿਆਣਾ ਵਿੱਚ ਸੜਕ ਪ੍ਰੋਜੈਕਟਾਂ ਲਈ ਜ਼ਮੀਨ ਮੁਹੱਈਆ ਕਰਵਾਉਣ ਦੀ ਪ੍ਰਕਿਰਿਆ ਨੂੰ ਕਿਸ ਤਰ੍ਹਾਂ ਆਨਲਾਈਨ ਪ੍ਰਣਾਲੀ ਨਾਲ ਜੋੜਿਆ ਗਿਆ ਹੈ। ਗੰਗਵਾ ਨੇ ਕਿਹਾ ਕਿ ਕਿਸੇ ਵੀ ਸੜਕ ਪ੍ਰੋਜੈਕਟ ਦੀ ਸਫ਼ਲਤਾ ਲਈ ਸਿਰਫ਼ ਪੈਸਾ ਅਤੇ ਉਸਾਰੀ ਏਜੰਸੀ ਹੀ ਜ਼ਰੂਰੀ ਨਹੀਂ, ਸਗੋਂ ਸਮੇਂ ਸਿਰ ਜ਼ਮੀਨ ਉਪਲਬਧ ਹੋਣਾ ਵੀ ਉਨਾ ਹੀ ਮਹੱਤਵਪੂਰਨ ਹੈ। ਹਰਿਆਣਾ ਵਿੱਚ ਈ-ਭੂਮੀ ਪ੍ਰਣਾਲੀ ਜ਼ਰੀਏ ਜ਼ਮੀਨ ਦੀ ਲੋੜ ਤੈਅ ਕਰਨ ਤੋਂ ਲੈ ਕੇ ਜ਼ਮੀਨ ਮਾਲਕਾਂ ਤੋਂ ਤਜਵੀਜ਼ ਲੈਣ ਅਤੇ ਅੱਗੇ ਦੀ ਪ੍ਰਕਿਰਿਆ ਨੂੰ ਵਿਉਂਤਬੱਧ ਤਰੀਕੇ ਨਾਲ ਪੂਰਾ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਜ਼ਮੀਨ ਮਾਲਕ ਆਪਣੀ ਜ਼ਮੀਨ ਆਪਣੀ ਮਰਜ਼ੀ ਨਾਲ ਮੁਹੱਈਆ ਕਰਵਾਉਣ ਲਈ ਤਜਵੀਜ਼ ਦੇ ਸਕਦੇ ਹਨ। ਇਸ ਤੋਂ ਬਾਅਦ ਜ਼ਮੀਨ ਦੇ ਰਿਕਾਰਡ ਅਤੇ ਪ੍ਰੋਜੈਕਟ ਦੀ ਲੋੜ ਅਨੁਸਾਰ ਜਾਂਚ ਕੀਤੀ ਜਾਂਦੀ ਹੈ। ਪੂਰੀ ਪ੍ਰਕਿਰਿਆ ਆਨਲਾਈਨ ਹੋਣ ਕਾਰਨ ਸਬੰਧਤ ਜਾਣਕਾਰੀ ਇੱਕੋ ਥਾਂ 'ਤੇ ਉਪਲਬਧ ਰਹਿੰਦੀ ਹੈ ਅਤੇ ਜ਼ਮੀਨ ਖ਼ਰੀਦ ਦੀ ਪ੍ਰਗਤੀ 'ਤੇ ਨਜ਼ਰ ਰੱਖਣਾ ਵੀ ਸੌਖਾ ਹੁੰਦਾ ਹੈ।

ਗੰਗਵਾ ਨੇ ਕਿਹਾ ਕਿ ਇਸ ਪ੍ਰਣਾਲੀ ਦਾ ਮਕਸਦ ਜ਼ਮੀਨ ਮਾਲਕ ਅਤੇ ਸਰਕਾਰ ਵਿਚਕਾਰ ਪ੍ਰਕਿਰਿਆ ਨੂੰ ਸਰਲ ਬਣਾਉਣਾ ਹੈ। ਪਾਰਦਰਸ਼ੀ ਪ੍ਰਣਾਲੀ ਨਾਲ ਜ਼ਮੀਨ ਖ਼ਰੀਦ ਨੂੰ ਲੈ ਕੇ ਸਪੱਸ਼ਟਤਾ ਰਹਿੰਦੀ ਹੈ ਅਤੇ ਪ੍ਰੋਜੈਕਟਾਂ ਲਈ ਜ਼ਰੂਰੀ ਜ਼ਮੀਨ ਸਮੇਂ ਸਿਰ ਉਪਲਬਧ ਕਰਵਾਉਣ ਵਿੱਚ ਮਦਦ ਮਿਲਦੀ ਹੈ। ਉਨ੍ਹਾਂ ਕਿਹਾ ਕਿ ਜ਼ਮੀਨ ਦੀ ਕੀਮਤ ਅਤੇ ਖ਼ਰੀਦ ਨਾਲ ਜੁੜੇ ਮਾਮਲਿਆਂ ਵਿੱਚ ਤੈਅ ਪ੍ਰਕਿਰਿਆ ਦੀ ਪਾਲਣਾ ਕੀਤੀ ਜਾਂਦੀ ਹੈ। ਜ਼ਮੀਨ ਮਾਲਕ ਵੱਲੋਂ ਦੱਸੀ ਗਈ ਕੀਮਤ ਨੂੰ ਸਿੱਧੇ ਤੌਰ 'ਤੇ ਆਖਰੀ ਨਹੀਂ ਮੰਨਿਆ ਜਾਂਦਾ, ਸਗੋਂ ਤੈਅ ਨਿਯਮਾਂ ਅਨੁਸਾਰ ਮਾਮਲੇ 'ਤੇ ਵਿਚਾਰ ਕੀਤਾ ਜਾਂਦਾ ਹੈ।

**ਈ-ਭੂਮੀ ਨਾਲ ਇੱਕੋ ਥਾਂ 'ਤੇ ਪੂਰੀ ਪ੍ਰਕਿਰਿਆ 'ਤੇ ਨਜ਼ਰ**

ਮੰਤਰੀ ਰਣਬੀਰ ਗੰਗਵਾ ਨੇ ਦੱਸਿਆ ਕਿ ਈ-ਭੂਮੀ ਪ੍ਰਣਾਲੀ ਵਿੱਚ ਜ਼ਮੀਨ ਦੀ ਪੇਸ਼ਕਸ਼ ਤੋਂ ਲੈ ਕੇ ਰਜਿਸਟਰੀ, ਭੁਗਤਾਨ, ਕਬਜ਼ੇ ਅਤੇ ਇੰਤਕਾਲ (ਮਿਊਟੇਸ਼ਨ) ਤੱਕ ਦੀ ਜਾਣਕਾਰੀ ਇਲੈਕਟ੍ਰਾਨਿਕ ਰੂਪ ਵਿੱਚ ਦਰਜ ਹੁੰਦੀ ਹੈ। ਇਸ ਨਾਲ ਪ੍ਰਕਿਰਿਆ ਵਿੱਚ ਪਾਰਦਰਸ਼ਤਾ ਆਉਂਦੀ ਹੈ ਅਤੇ ਅਧਿਕਾਰੀਆਂ ਲਈ ਇਸਦੀ ਨਿਗਰਾਨੀ ਵੀ ਸੌਖੀ ਹੋ ਜਾਂਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦਾ ਇਹ ਤਜਰਬਾ ਦੂਜੇ ਰਾਜਾਂ ਲਈ ਵੀ ਲਾਹੇਵੰਦ ਹੋ ਸਕਦਾ ਹੈ। ਸੜਕ ਪ੍ਰੋਜੈਕਟਾਂ ਵਿੱਚ ਜ਼ਮੀਨ ਦੀ ਉਪਲਬਧਤਾ ਨੂੰ ਲੈ ਕੇ ਪਹਿਲਾਂ ਤੋਂ ਤਿਆਰੀ ਅਤੇ ਤਕਨੀਕ ਦੀ ਵਰਤੋਂ ਨਾਲ ਪ੍ਰੋਜੈਕਟਾਂ ਨੂੰ ਸਮੇਂ ਸਿਰ ਅੱਗੇ ਵਧਾਉਣ ਵਿੱਚ ਮਦਦ ਮਿਲ ਸਕਦੀ ਹੈ।

**ਕੇਂਦਰੀ ਮੰਤਰੀ ਨਿਤਿਨ ਗਡਕਰੀ ਨਾਲ ਹਰਿਆਣਾ ਦੇ ਸੜਕ ਪ੍ਰੋਜੈਕਟਾਂ 'ਤੇ ਵੀ ਚਰਚਾ**

ਚਿੰਤਨ ਸ਼ਿਵਿਰ ਦੌਰਾਨ ਕੈਬਨਿਟ ਮੰਤਰੀ ਰਣਬੀਰ ਗੰਗਵਾ ਨੇ ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਦਾ ਸਵਾਗਤ ਕੀਤਾ। ਇਸ ਦੌਰਾਨ ਹਰਿਆਣਾ ਵਿੱਚ ਸੜਕ ਵਿਕਾਸ ਅਤੇ ਪ੍ਰੋਜੈਕਟਾਂ ਲਈ ਜ਼ਮੀਨ ਦੀ ਉਪਲਬਧਤਾ ਨਾਲ ਜੁੜੇ ਵਿਸ਼ਿਆਂ 'ਤੇ ਵੀ ਚਰਚਾ ਹੋਈ। ਏਕਤਾ ਨਗਰ ਵਿੱਚ ਆਯੋਜਿਤ ਦੋ ਰੋਜ਼ਾ ਰਾਸ਼ਟਰੀ ਚਿੰਤਨ ਸ਼ਿਵਿਰ ਦੇ ਪਹਿਲੇ ਦਿਨ ਦੇਸ਼ ਭਰ ਤੋਂ ਆਏ ਮੰਤਰੀ ਅਤੇ ਅਧਿਕਾਰੀ ਸੜਕ ਖੇਤਰ ਨਾਲ ਜੁੜੇ ਵੱਖ-ਵੱਖ ਵਿਸ਼ਿਆਂ 'ਤੇ ਆਪਣੇ ਤਜਰਬੇ ਸਾਂਝੇ ਕਰ ਰਹੇ ਹਨ। ਕੈਂਪ ਵਿੱਚ ਜ਼ਮੀਨ ਦੀ ਉਪਲਬਧਤਾ, ਪ੍ਰੋਜੈਕਟ ਅਮਲੀ ਜਾਮਾ ਪਹਿਨਾਉਣ, ਸੁਰੱਖਿਅਤ ਰਾਜਮਾਰਗ, ਗੁਣਵੱਤਾ ਅਤੇ ਪ੍ਰੋਜੈਕਟ ਨਿਗਰਾਨੀ ਵਰਗੇ ਵਿਸ਼ਿਆਂ 'ਤੇ ਮੰਥਨ ਕੀਤਾ ਜਾ ਰਿਹਾ ਹੈ।

## ਐਸ.ਜੀ.ਪੀ.ਸੀ. ਦੇ ਮੁੱਖ ਸਕੱਤਰ ਦੇ ਓ.ਐਸ.ਡੀ. ਤੋਂ ਚਾਰ ਘੰਟੇ ਪੁੱਛਗਿੱਛ

**ਸ੍ਰੀ ਅਨੰਦਪੁਰ ਸਾਹਿਬ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਦਰਜ ਜਿਨਸੀ ਸ਼ੋਸ਼ਣ ਦੇ ਮਾਮਲੇ ਦੀ ਜਾਂਚ ਨੂੰ ਅੱਗੇ ਵਧਾਉਂਦਿਆਂ ਸ੍ਰੀ ਆਨੰਦਪੁਰ ਸਾਹਿਬ ਪੁਲੀਸ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ.ਜੀ.ਪੀ.ਸੀ.) ਨਾਲ ਸਬੰਧਤ ਅਧਿਕਾਰੀਆਂ ਅਤੇ ਮੁਲਾਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਇਸੇ ਤਹਿਤ ਪੁਲੀਸ ਵੱਲੋਂ ਐੱਸ.ਜੀ.ਪੀ.ਸੀ. ਦੇ ਮੁੱਖ ਸਕੱਤਰ ਦੇ ਓ.ਐੱਸ.ਡੀ. ਸਤਬੀਰ ਸਿੰਘ ਤੋਂ ਕਰੀਬ ਚਾਰ ਘੰਟੇ ਤੱਕ ਪੁੱਛਗਿੱਛ ਕੀਤੀ ਗਈ।

ਡੀ.ਐੱਸ.ਪੀ. ਸ੍ਰੀ ਆਨੰਦਪੁਰ ਸਾਹਿਬ ਜਸ਼ਨਦੀਪ ਸਿੰਘ ਨੇ ਦੱਸਿਆ ਕਿ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ 21 ਅਗਸਤ 2026 ਨੂੰ ਐੱਫ.ਆਈ.ਆਰ. ਨੰਬਰ 149 ਦਰਜ ਕੀਤੀ ਗਈ ਸੀ। ਮਾਮਲੇ ਦੀ ਤਫ਼ਤੀਸ਼ ਦੌਰਾਨ ਪੁਲੀਸ ਵੱਲੋਂ ਵੱਖ-ਵੱਖ ਪੱਖਾਂ ਤੋਂ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਐੱਸ.ਜੀ.ਪੀ.ਸੀ. ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਅਤੇ ਇਸ ਵੇਲੇ ਮੁੱਖ ਸਕੱਤਰ ਕੁਲਵੰਤ ਸਿੰਘ ਦੇ ਓ.ਐੱਸ.ਡੀ. ਵਜੋਂ ਤਾਇਨਾਤ ਸਤਬੀਰ ਸਿੰਘ ਤੋਂ ਸਰਾਵਾਂ ਦੇ ਪ੍ਰਬੰਧਾਂ ਅਤੇ ਨਿਯਮਾਂ ਸਬੰਧੀ ਪੁੱਛਗਿੱਛ ਕੀਤੀ ਗਈ ਹੈ। ਡੀ.ਐੱਸ.ਪੀ. ਅਨੁਸਾਰ ਪੁਲੀਸ ਵੱਲੋਂ ਇਹ ਜਾਣਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਸਰਾਵਾਂ ਵਿੱਚ ਸ਼ਰਧਾਲੂਆਂ ਦੀ ਐਂਟਰੀ ਕਿਸ ਪ੍ਰਕਿਰਿਆ ਤਹਿਤ ਹੁੰਦੀ ਹੈ, ਉਹਨਾਂ ਦੇ ਠਹਿਰਨ ਸਬੰਧੀ ਕੀ ਨਿਯਮ ਹਨ ਅਤੇ ਸਬੰਧਤ ਰਿਕਾਰਡ ਕਿਵੇਂ ਦਰਜ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਸ਼ਿਕਾਇਤਕਰਤਾ ਔਰਤ ਦੇ ਸਰਾਵਾਂ ਵਿੱਚ ਠਹਿਰਨ ਨਾਲ ਸਬੰਧਤ ਰਿਕਾਰਡ ਅਤੇ ਉਸ ਨੂੰ ਉੱਥੇ ਮਿਲੀਆਂ ਸਹੂਲਤਾਂ ਸਬੰਧੀ ਵੀ ਤੱਥ ਇਕੱਠੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪੁਲੀਸ ਇਹ ਵੀ ਜਾਂਚ ਕਰ ਰਹੀ ਹੈ ਕਿ ਸ਼ਿਕਾਇਤਕਰਤਾ ਕਿਹੜੇ ਹਾਲਾਤ ਵਿੱਚ ਸ੍ਰੀ ਆਨੰਦਪੁਰ ਸਾਹਿਬ ਪਹੁੰਚੀ ਅਤੇ ਉਸ ਦੇ ਠਹਿਰਨ ਦੌਰਾਨ ਕੀ ਕੁਝ ਵਾਪਰਿਆ। ਜਾਂਚ ਦੌਰਾਨ ਕਿਸੇ ਵਿਅਕਤੀ ਵੱਲੋਂ ਉਸ ਨੂੰ ਗ਼ੈਰ-ਕਾਨੂੰਨੀ ਢੰਗ ਨਾਲ ਰੋਕ ਕੇ ਰੱਖਣ ਜਾਂ ਕਿਸੇ ਹੋਰ ਤਰ੍ਹਾਂ ਦੀ ਗਤੀਵਿਧੀ ਦੇ ਦੋਸ਼ ਸਾਹਮਣੇ ਆਉਂਦੇ ਹਨ ਜਾਂ ਨਹੀਂ, ਇਸ ਪੱਖ ਤੋਂ ਵੀ ਜਾਂਚ ਕੀਤੀ ਜਾ ਰਹੀ ਹੈ।

ਡੀ.ਐੱਸ.ਪੀ. ਜਸ਼ਨਦੀਪ ਸਿੰਘ ਨੇ ਦੱਸਿਆ ਕਿ ਮਾਮਲੇ ਵਿੱਚ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਤਾਇਨਾਤ ਕੁਝ ਮੁਲਾਜ਼ਮਾਂ, ਸ਼ਿਕਾਇਤਕਰਤਾ ਦੇ ਬਿਆਨਾਂ ਵਿੱਚ ਨਾਮਜ਼ਦ ਵਿਅਕਤੀਆਂ ਅਤੇ ਮੁੱਖ ਮੁਲਜ਼ਮ ਦੇ ਪਰਿਵਾਰਕ ਮੈਂਬਰਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਚੁੱਕੀ ਹੈ। ਪੁਲੀਸ ਵੱਲੋਂ ਮੁਲਜ਼ਮ ਦੇ ਠਹਿਰਨ ਅਤੇ ਆਉਣ-ਜਾਣ ਨਾਲ ਸਬੰਧਤ ਜਾਣਕਾਰੀ ਇਕੱਠੀ ਕਰਨ ਦੇ ਨਾਲ-ਨਾਲ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਮਾਮਲੇ ਵਿੱਚ ਕਿਸੇ ਹੋਰ ਵਿਅਕਤੀ ਦੀ ਭੂਮਿਕਾ ਜਾਂ ਸਾਜ਼ਿਸ਼ ਤਾਂ ਨਹੀਂ। ਉਹਨਾਂ ਦੱਸਿਆ ਕਿ ਸ਼ਿਕਾਇਤਕਰਤਾ ਦੇ ਠਹਿਰਨ ਨਾਲ ਸਬੰਧਤ ਐੱਸ.ਜੀ.ਪੀ.ਸੀ. ਦਾ ਰਿਕਾਰਡ ਹਾਸਲ ਕਰਨ ਲਈ ਕਮੇਟੀ ਨੂੰ ਬਕਾਇਦਾ ਪੱਤਰ ਵੀ ਜਾਰੀ ਕੀਤਾ ਗਿਆ ਹੈ। ਪੁਲੀਸ ਵੱਲੋਂ ਉਪਲੱਬਧ ਦਸਤਾਵੇਜ਼ਾਂ, ਬਿਆਨਾਂ ਅਤੇ ਹੋਰ ਤੱਥਾਂ ਦੀ ਜਾਂਚ ਕੀਤੀ ਜਾ ਰਹੀ ਹੈ।

## ਓਪਨ ਯੂਨੀਵਰਸਿਟੀ ਵੱਲੋਂ ਯੂਨੀਵਰਸਿਟੀ ਲਈ ਫੰਡ ਕਿਵੇਂ ਜੁਟਾਏ ਜਾਣ 'ਤੇ ਸੈਮੀਨਾਰ ਦਾ ਆਯੋਜਨ



**ਪਟਿਆਲਾ, 6 ਅਕਤੂਬਰ**
**-ਬਲਜੀਤ ਸਰਨਾ-**

ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ 30 ਸਤੰਬਰ 2026 ਨੂੰ ਯੂਨੀਵਰਸਿਟੀ ਲਈ ਫੰਡ ਕਿਵੇਂ ਜੁਟਾਏ ਜਾਣ (How to Raise Funding for the University) ਵਿਸ਼ੇ 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਮਾਣਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਜੀ ਦੀ ਅਗਵਾਈ ਹੇਠ ਇਹ ਪ੍ਰੋਗਰਾਮ ਸਕੂਲ ਆਫ਼ ਬਿਜ਼ਨਸ ਮੈਨੇਜਮੈਂਟ ਐਂਡ ਕਾਮਰਸ ਵੱਲੋਂ ਸੈਂਟਰ ਫਾਰ ਇੰਟਰਨਲ ਕੁਆਲਿਟੀ ਅਸ਼ੋਰੈਂਸ ਦੇ ਸਹਿਯੋਗ ਨਾਲ ਕਰਵਾਇਆ ਗਿਆ। ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ ਇਸ ਸੈਮੀਨਾਰ ਵਿੱਚ ਮੁੱਖ ਬੁਲਾਰੇ ਵਜੋਂ ਵਿਸ਼ੇਸ਼ ਲੈਕਚਰ ਦਿੱਤਾ।

ਮਾਣਯੋਗ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਦੌਰਾਨ ਯੂਨੀਵਰਸਿਟੀ ਦੀ ਮਜ਼ਬੂਤੀ ਲਈ ਖੋਜ, ਨਵੀਨਤਾ, ਆਪਸੀ ਸਹਿਯੋਗ ਅਤੇ ਵਸੀਲਿਆਂ ਦੀ ਸਹੀ ਵਰਤੋਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਫੈਕਲਟੀ ਮੈਂਬਰਾਂ ਨੂੰ ਰਾਸ਼ਟਰੀ ਅਤੇ ਸੰਸਥਾਗਤ ਪੱਧਰ 'ਤੇ ਫੰਡਿੰਗ ਦੇ ਮੌਕਿਆਂ ਦੀ ਸਰਗਰਮੀ ਨਾਲ ਭਾਲ ਕਰਨ ਲਈ ਉਤਸ਼ਾਹਿਤ ਕੀਤਾ। ਪ੍ਰੋ. (ਡਾ.) ਸੰਜੀਵ ਕੁਮਾਰ ਸ਼ਰਮਾ, ਵਾਈਸ-ਚਾਂਸਲਰ, ਐੱਮ.ਆਰ.ਐੱਸ.ਪੀ.ਟੀ.ਯੂ. ਨੇ ਫੈਕਲਟੀ ਮੈਂਬਰਾਂ ਨੂੰ ਖੋਜ ਅਤੇ ਅਕਾਦਮਿਕ ਗਤੀਵਿਧੀਆਂ ਲਈ ਫੰਡ ਇਕੱਠੇ ਕਰਨ ਦੇ ਵੱਖ-ਵੱਖ ਜ਼ਰੀਏ ਦੱਸੇ। ਉਨ੍ਹਾਂ ਨੇ 'ਸਵੈਮ' (SWAYAM) ਅਤੇ 'ਸਵੈਮ ਪਲੱਸ' ਪਲੇਟਫਾਰਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਫੈਕਲਟੀ ਨੂੰ ਅਕਾਦਮਿਕ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ ਲਈ ਇਹਨਾਂ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ, ਉਨ੍ਹਾਂ ਨੇ ਢੁਕਵੇਂ ਪ੍ਰੋਜੈਕਟਾਂ ਰਾਹੀਂ ਕਾਰਪੋਰੇਟ ਸੋਸ਼ਲ ਰਿਸਪੌਂਸੀਬਿਲਟੀ (ਸੀ.ਐੱਸ.ਆਰ.) ਫੰਡ ਪ੍ਰਾਪਤ ਕਰਨ ਦੇ ਮੌਕਿਆਂ ਅਤੇ ਸੈਕਸ਼ਨ 8 ਕੰਪਨੀ ਦੀ ਭੂਮਿਕਾ 'ਤੇ ਚਰਚਾ ਕੀਤੀ। ਪ੍ਰੋ. ਸ਼ਰਮਾ ਨੇ ਆਈ.ਸੀ.ਐੱਸ.ਐੱਸ.ਆਰ. (ICSSR) ਦੀ 'ਇੰਪ੍ਰੈਸ' (IMPRESS) ਸਕੀਮ ਦੇ ਨਾਲ-ਨਾਲ ਸਿੱਖਿਆ ਮੰਤਰਾਲੇ (MoE), ਯੂ.ਜੀ.ਸੀ. ("73) ਅਤੇ ਅਨੁਸੰਧਾਨ ਨੈਸ਼ਨਲ ਰਿਸਰਚ ਫਾਊਂਡੇਸ਼ਨ (ANRF) ਰਾਹੀਂ ਮਿਲਣ ਵਾਲੀਆਂ ਖੋਜ ਫੰਡਿੰਗਾਂ ਦਾ ਜ਼ਿਕਰ ਕਰਦਿਆਂ ਫੈਕਲਟੀ ਨੂੰ ਮਿਆਰੀ ਅਤੇ ਨਤੀਜਾ-ਮੁਖੀ ਖੋਜ ਪ੍ਰਸਤਾਵ ਤਿਆਰ ਕਰਨ ਦੀ ਅਪੀਲ ਕੀਤੀ। ਡਾ. ਸੁਲਕਸ਼ਨਾ, ਮੁਖੀ, ਸਕੂਲ ਆਫ਼ ਬਿਜ਼ਨਸ ਮੈਨੇਜਮੈਂਟ ਐਂਡ ਕਾਮਰਸ ਵੱਲੋਂ ਉਲੀਕੇ ਗਏ ਇਸ ਸੈਮੀਨਾਰ ਨੇ ਫੰਡਿੰਗ ਏਜੰਸੀਆਂ ਦੀ ਪਛਾਣ ਕਰਨ, ਪ੍ਰਭਾਵਸ਼ਾਲੀ ਪ੍ਰਸਤਾਵ ਤਿਆਰ ਕਰਨ ਅਤੇ ਸੰਸਥਾਗਤ ਵਿੱਤੀ ਸਰੋਤਾਂ ਨੂੰ ਵਧਾਉਣ ਲਈ ਵਿਹਾਰਕ ਜਾਣਕਾਰੀ ਪ੍ਰਦਾਨ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਡਾ. ਨਵਲੀਨ ਮੁਲਤਾਨੀ, ਐਸੋਸੀਏਟ ਡੀਨ ਰਿਸਰਚ ਨੇ ਆਏ ਹੋਏ ਮਹਿਮਾਨਾਂ ਅਤੇ ਫੈਕਲਟੀ ਦਾ ਰਸਮੀ ਧੰਨਵਾਦ ਕੀਤਾ।

## ਏਸ਼ਿਆਈ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਵਾਪਸ ਆਏ ਹਰਿਆਣਾ ਦੇ ਖਿਡਾਰੀਆਂ ਦਾ ਹਰਿਆਣਾ ਦੇ ਖੇਡ ਮੰਤਰੀ ਨੇ ਕੀਤਾ ਜ਼ੋਰਦਾਰ ਸਵਾਗਤ

### 85 ਤਗ਼ਮਿਆਂ ਦੀ ਚਮਕ ਵਿੱਚ ਹਰਿਆਣਾ ਦੇ 32 ਤਗ਼ਮਿਆਂ ਦਾ ਦਮ, 14 ਸੋਨ ਤਗ਼ਮੇ ਸ਼ਾਮਲ

**ਚੰਡੀਗੜ੍ਹ 6 ਅਕਤੂਬਰ**
**-ਛਤਰਪਾਲ ਸਿੰਘ-**

ਜਾਪਾਨ ਵਿੱਚ ਆਯੋਜਿਤ ਏਸ਼ੀਆ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪਰਤੇ ਹਰਿਆਣਾ ਦੇ ਖਿਡਾਰੀਆਂ ਦਾ ਸੋਮਵਾਰ ਨੂੰ ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਜ਼ੋਰਦਾਰ ਸਵਾਗਤ ਅਤੇ ਅਭਿਨੰਦਨ ਕੀਤਾ। ਉਨ੍ਹਾਂ ਫੁੱਲਾਂ ਦੇ ਹਾਰ ਪਾ ਕੇ ਖਿਡਾਰੀਆਂ ਦਾ ਸਵਾਗਤ ਕੀਤਾ। ਇਸ ਦੌਰਾਨ ਉਨ੍ਹਾਂ ਕਿਹਾ ਕਿ ਏਸ਼ਿਆਈ ਖੇਡਾਂ ਵਿੱਚ ਭਾਰਤੀ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕੁੱਲ 85 ਤਗ਼ਮੇ ਜਿੱਤ ਕੇ ਦੇਸ਼ ਦਾ ਮਾਣ ਵਧਾਇਆ ਹੈ। ਇਨ੍ਹਾਂ ਵਿੱਚੋਂ ਹਰਿਆਣਾ ਦੇ ਖਿਡਾਰੀਆਂ ਨੇ ਕੁੱਲ 32 ਤਗ਼ਮੇ ਜਿੱਤੇ ਹਨ, ਜਿਸ ਵਿੱਚ 14 ਸੋਨੇ, 9 ਚਾਂਦੀ ਅਤੇ 9 ਕਾਂਸੀ ਦੇ ਤਗ਼ਮੇ ਸ਼ਾਮਲ ਹਨ।



ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਸੂਬੇ ਦੇ ਖਿਡਾਰੀਆਂ ਨੇ ਇਹ ਤਗ਼ਮੇ ਆਪਣੇ ਨਾਮ ਕਰਕੇ ਹਰਿਆਣਾ ਦੀ ਖੇਡ ਸ਼ਕਤੀ ਦਾ ਲੋਹਾ ਮਨਵਾਇਆ ਹੈ। ਉਨ੍ਹਾਂ ਖਿਡਾਰੀਆਂ ਨਾਲ ਨਿੱਜੀ ਤੌਰ 'ਤੇ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਹਰਸੰਭਵ ਸਹਿਯੋਗ ਦਾ ਭਰੋਸਾ ਦਿਵਾਇਆ। ਉਨ੍ਹਾਂ ਕਿਹਾ ਕਿ ਪੂਰੇ ਸੂਬੇ ਨੂੰ ਖਿਡਾਰੀਆਂ ਦੀ ਇਸ ਪ੍ਰਾਪਤੀ 'ਤੇ ਮਾਣ ਹੈ। ਇਹ ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੱਲੋਂ ਚਲਾਈਆਂ ਜਾ ਰਹੀਆਂ ਖੇਡ ਨੀਤੀਆਂ ਅਤੇ ਯੋਜਨਾਵਾਂ ਦਾ ਨਤੀਜਾ ਹੈ ਕਿ ਸੂਬੇ ਵਿੱਚ ਖੇਡਾਂ ਅਤੇ ਖਿਡਾਰੀ ਲਗਾਤਾਰ ਅੱਗੇ ਵਧ ਰਹੇ ਹਨ। ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਭਵਿੱਖ ਵਿੱਚ ਵੀ ਖਿਡਾਰੀ ਇਸੇ ਤਰ੍ਹਾਂ ਬਿਹਤਰ ਪ੍ਰਦਰਸ਼ਨ ਕਰਕੇ ਸੂਬੇ ਦਾ ਨਾਮ ਰੌਸ਼ਨ ਕਰਨਗੇ।

**ਹਰਿਆਣਾ ਦੇ 32 ਤਗ਼ਮੇ ਸੂਬੇ ਦੀ ਖੇਡ ਸਮਰੱਥਾ ਦਾ ਪ੍ਰਮਾਣ**

ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੰਤਰਰਾਸ਼ਟਰੀ ਮੰਚ 'ਤੇ ਤਿਰੰਗੇ ਦੀ ਸ਼ਾਨ ਵਧਾਉਣ ਵਾਲੇ ਇਨ੍ਹਾਂ ਖਿਡਾਰੀਆਂ 'ਤੇ ਪੂਰੇ ਹਰਿਆਣਾ ਨੂੰ ਮਾਣ ਹੈ। ਉਨ੍ਹਾਂ ਕਿਹਾ ਕਿ 14 ਸੋਨ ਤਗ਼ਮੇ ਇਹ ਦੱਸਦੇ ਹਨ ਕਿ ਹਰਿਆਣਾ ਦੇ ਖਿਡਾਰੀ ਸਿਰਫ਼ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਨਹੀਂ, ਸਗੋਂ ਜਿੱਤ ਹਾਸਲ ਕਰਨ ਦੇ ਇਰਾਦੇ ਨਾਲ ਮੈਦਾਨ ਵਿੱਚ ਉਤਰਦੇ ਹਨ। ਉਨ੍ਹਾਂ ਕਿਹਾ ਕਿ ਖਿਡਾਰੀਆਂ ਨੇ ਆਪਣੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦੇ ਦਮ 'ਤੇ ਇਹ ਮੁਕਾਮ ਹਾਸਲ ਕੀਤਾ ਹੈ। ਇਨ੍ਹਾਂ ਖਿਡਾਰੀਆਂ ਦੇ ਪਿੱਛੇ ਉਨ੍ਹਾਂ ਦੇ ਮਾਪਿਆਂ, ਸਿਖਲਾਈ ਦੇਣ ਵਾਲਿਆਂ ਕੋਚਾਂ ਅਤੇ ਖੇਡ ਸੰਸਥਾਵਾਂ ਦੀ ਵੀ ਵੱਡੀ ਭੂਮਿਕਾ ਹੈ। ਮੰਤਰੀ ਨੇ ਸਾਰੇ ਮਾਪਿਆਂ ਅਤੇ ਕੋਚਾਂ ਨੂੰ ਵੀ ਵਧਾਈ ਦਿੱਤੀ ਅਤੇ ਕਿਹਾ ਕਿ ਸਰਕਾਰ ਖਿਡਾਰੀਆਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ। ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਖਿਡਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਯਾਤਰਾ, ਮੁਕਾਬਲੇ ਵਿੱਚ ਪ੍ਰਦਰਸ਼ਨ ਅਤੇ ਅੱਗੇ ਦੀਆਂ ਤਿਆਰੀਆਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਤਗ਼ਮੇ ਜਿੱਤਣ ਵਾਲੇ ਖਿਡਾਰੀਆਂ ਨੂੰ ਸਨਮਾਨ ਦੇਣਾ ਸਿਰਫ਼ ਸਰਕਾਰ ਦੀ ਜ਼ਿੰਮੇਵਾਰੀ ਨਹੀਂ, ਸਗੋਂ ਪੂਰੇ ਸਮਾਜ ਦਾ ਫ਼ਰਜ਼ ਹੈ।

**ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਖਿਡਾਰੀਆਂ ਲਈ ਵਚਨਬੱਧ ਹੈ ਸਰਕਾਰ**

ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਸਰਕਾਰ ਖਿਡਾਰੀਆਂ ਦੇ ਪ੍ਰੋਤਸਾਹਨ, ਉਨ੍ਹਾਂ ਦੀ ਖੁਰਾਕ, ਬਿਹਤਰ ਸਿਖਲਾਈ, ਚੰਗੇ ਕੋਚ ਅਤੇ ਆਧੁਨਿਕ ਖੇਡ ਬੁਨਿਆਦੀ ਢਾਂਚਾ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਸਰਕਾਰ ਦੀ ਕੋਸ਼ਿਸ਼ ਹੈ ਕਿ ਸੂਬੇ ਦੇ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਕਿਸੇ ਵੀ ਤਰ੍ਹਾਂ ਦੀ ਕਮੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਪ੍ਰਤਿਭਾ ਦੀ ਕੋਈ ਕਮੀ ਨਹੀਂ ਹੈ, ਲੋੜ ਸਿਰਫ਼ ਉਸ ਪ੍ਰਤਿਭਾ ਨੂੰ ਸਹੀ ਮੰਚ ਅਤੇ ਸਹੀ ਦਿਸ਼ਾ ਦੇਣ ਦੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਧਰਤੀ ਨੇ ਦੇਸ਼ ਨੂੰ ਅਨੇਕਾਂ ਅੰਤਰਰਾਸ਼ਟਰੀ ਖਿਡਾਰੀ ਦਿੱਤੇ ਹਨ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸੂਬੇ ਤੋਂ ਵੱਡੀ ਗਿਣਤੀ ਵਿੱਚ ਪ੍ਰਤਿਭਾਵਾਂ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਦੇਸ਼ ਦਾ ਨਾਮ ਰੌਸ਼ਨ ਕਰਨਗੀਆਂ। ਸਰਕਾਰ ਚਾਹੁੰਦੀ ਹੈ ਕਿ ਹਰਿਆਣਾ ਦੇ ਖਿਡਾਰੀ ਸਿਰਫ਼ ਰਾਸ਼ਟਰੀ ਹੀ ਨਹੀਂ, ਸਗੋਂ ਏਸ਼ਿਆਈ, ਵਿਸ਼ਵ ਅਤੇ ਓਲੰਪਿਕ ਪੱਧਰ 'ਤੇ ਵੀ ਵੱਧ ਤੋਂ ਵੱਧ ਤਗ਼ਮੇ ਜਿੱਤਣ।

**ਪਿੰਡਾਂ ਦੀਆਂ ਪ੍ਰਤਿਭਾਵਾਂ ਨੂੰ ਮਿਲੇਗਾ ਬਿਹਤਰ ਮੰਚ**

ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਦੀ ਖੇਡ ਸੱਭਿਆਚਾਰ ਵਿੱਚ ਪਿੰਡਾਂ ਦੀ ਅਹਿਮ ਭੂਮਿਕਾ ਰਹੀ ਹੈ। ਸੂਬੇ ਦੇ ਕਈ ਅੰਤਰਰਾਸ਼ਟਰੀ ਖਿਡਾਰੀ ਪੇਂਡੂ ਪਿਛੋਕੜ ਵਿੱਚੋਂ ਨਿਕਲ ਕੇ ਦੁਨੀਆ ਦੇ ਵੱਡੇ ਖੇਡ ਮੰਚਾਂ ਤੱਕ ਪਹੁੰਚੇ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਛੋਟੇ ਸ਼ਹਿਰਾਂ ਵਿੱਚ ਰਹਿਣ ਵਾਲੇ ਨੌਜਵਾਨਾਂ ਨੂੰ ਵੀ ਵਿਸ਼ਵ ਪੱਧਰੀ ਸਹੂਲਤਾਂ ਮਿਲਣ, ਇਸ ਦਿਸ਼ਾ ਵਿੱਚ ਸਰਕਾਰ ਦਾ ਵਿਸ਼ੇਸ਼ ਧਿਆਨ ਹੈ। ਜੇਕਰ ਪਿੰਡਾਂ ਵਿੱਚ ਲੁਕੀਆਂ ਪ੍ਰਤਿਭਾਵਾਂ ਨੂੰ ਸਮਾਂ ਰਹਿੰਦਿਆਂ ਉਚਿਤ ਸਹੂਲਤਾਂ ਅਤੇ ਕੋਚ ਮਿਲ ਜਾਣ, ਤਾਂ ਆਉਣ ਵਾਲੇ ਸਾਲਾਂ ਵਿੱਚ ਹਰਿਆਣਾ ਤੋਂ ਹੋਰ ਵੀ ਵੱਧ ਅੰਤਰਰਾਸ਼ਟਰੀ ਖਿਡਾਰੀ ਨਿਕਲ ਸਕਦੇ ਹਨ।

**ਖਿਡਾਰੀਆਂ ਦੀ ਸਫ਼ਲਤਾ ਬਣੇਗੀ ਨੌਜਵਾਨਾਂ ਲਈ ਪ੍ਰੇਰਣਾ**

ਖੇਡ ਮੰਤਰੀ ਸ੍ਰੀ ਗੌਰਵ ਗੌਤਮ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੀ ਅਗਵਾਈ ਹੇਠ ਭਾਰਤ ਖੇਡਾਂ ਦੇ ਖੇਤਰ ਵਿੱਚ ਲਗਾਤਾਰ ਆਪਣੀ ਪ੍ਰਤਿਭਾ ਅਤੇ ਸਮਰੱਥਾ ਨੂੰ ਅੰਤਰਰਾਸ਼ਟਰੀ ਮੰਚ 'ਤੇ ਪ੍ਰਦਰਸ਼ਿਤ ਕਰ ਰਿਹਾ ਹੈ ਅਤੇ ਹਰਿਆਣਾ ਵੀ ਇਸ ਖੇਡ ਯਾਤਰਾ ਵਿੱਚ ਆਪਣੀ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਦੋਂ ਕੋਈ ਖਿਡਾਰੀ ਅੰਤਰਰਾਸ਼ਟਰੀ ਪੱਧਰ 'ਤੇ ਤਗ਼ਮਾ ਜਿੱਤਦਾ ਹੈ, ਤਾਂ ਉਸਦੀ ਸਫ਼ਲਤਾ ਸਿਰਫ਼ ਨਿੱਜੀ ਨਹੀਂ ਰਹਿੰਦੀ, ਸਗੋਂ ਪੂਰੇ ਸੂਬੇ ਅਤੇ ਦੇਸ਼ ਦੀ ਪ੍ਰਾਪਤੀ ਬਣ ਜਾਂਦੀ ਹੈ। ਅਜਿਹੀਆਂ ਪ੍ਰਾਪਤੀਆਂ ਦੂਜੇ ਨੌਜਵਾਨਾਂ ਨੂੰ ਵੀ ਖੇਡਾਂ ਵੱਲ ਆਕਰਸ਼ਿਤ ਕਰਨਗੀਆਂ ਅਤੇ ਉਹ ਮੋਬਾਈਲ ਅਤੇ ਹੋਰ ਗਤੀਵਿਧੀਆਂ ਤੋਂ ਹੱਟ ਕੇ ਮੈਦਾਨ ਵੱਲ ਆਉਣਗੇ। ਉਨ੍ਹਾਂ ਸਪੱਸ਼ਟ ਸੰਨੇਹਾ ਦਿੱਤਾ ਕਿ ਤਗ਼ਮੇ ਜਿੱਤਣ ਵਾਲੇ ਖਿਡਾਰੀਆਂ ਦੇ ਸਨਮਾਨ ਅਤੇ ਪ੍ਰੋਤਸਾਹਨ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਖਿਡਾਰੀਆਂ ਨੂੰ ਆਪਣੀ ਮਿਹਨਤ ਜਾਰੀ ਰੱਖਣ ਅਤੇ ਆਉਣ ਵਾਲੇ ਅੰਤਰਰਾਸ਼ਟਰੀ ਮੁਕਾਬਲਿਆਂ ਵਿੱਚ ਵੀ ਦੇਸ਼ ਲਈ ਤਗ਼ਮੇ ਜਿੱਤਣ ਦਾ ਸੱਦਾ ਦਿੱਤਾ।

## ਹਰਸਿਮਰਤ ਨੇ ਲਾਏ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਪੰਜਾਬ ਵਿੱਚ ਨਸ਼ਾ ਫੈਲਾਉਣ ਦੇ ਦੋਸ਼

**ਸ੍ਰੀ ਮੁਕਤਸਰ ਸਾਹਿਬ, 6 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸਰਦਾਰਨੀ ਹਰਸਿਮਰਤ ਕੌਰ ਬਾਦਲ ਨੇ ਅੱਜ ਮਾਈ ਭਾਗੋ ਮਾਵਾਂ-ਧੀਆਂ ਦੀ ਫੌਜ ਦੀ ਸ਼ੁਰੂਆਤ ਕੀਤੀ ਜੋ ਸੂਬੇ ਭਰ ਵਿਚ ਨਸ਼ਾ ਤਸਕਰਾਂ ਤੇ ਉਹਨਾਂ ਦੀ ਪੁਸ਼ਤਪਨਾਹੀ ਕਰਨ ਵਾਲਿਆਂ ਦੀ ਪਛਾਣ ਕਰੇਗੀ ਅਤੇ ਉਹਨਾਂ ਪੰਜਾਬੀਆਂ ਨੂੰ ਭਰੋਸਾ ਦੁਆਇਆ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਔਰਤਾਂ ਵੱਲੋਂ ਪਛਾਣੇ ਗਏ ਇਹਨਾਂ ਗੁਨਾਹਗਾਰਾਂ ਦੇ ਖਿਲਾਫ ਸਖ਼ਤ ਕਾਰਵਾਈ ਕਰੇਗੀ।



ਬਠਿੰਡਾ ਦੇ ਐਮ ਪੀ ਜੋ ਮਾਈ ਭਾਗੋ ਦੀ ਧਰਤੀ (ਸ੍ਰੀ ਮੁਕਤਸਰ ਸਾਹਿਬ) 'ਤੇ ਆਪਣੀ ਨਸ਼ਾ ਵਿਰੋਧੀ ਮੁਹਿੰਮ ਦਾ ਦੂਜਾ ਪੜਾਅ ਸ਼ੁਰੂ ਕਰਨ ਮੌਕੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰ ਰਹੇ ਸਨ, ਨੇ ਕਿਹਾ ਕਿ ਇਸ ਪੜਾਅ ਵਿਚ ਅਸੀਂ ਔਰਤਾਂ ਨੂੰ ਸਸ਼ਕਤ ਬਣਾ ਰਹੇ ਹਾਂ ਜੋ ਤਬਦੀਲੀ ਦੀਆਂ ਸੂਤਰਧਾਰ ਬਣਨਗੀਆਂ। ਉਹਨਾਂ ਨੇ ਇਸ ਮੌਕੇ ਇਸਤਰੀ ਅਕਾਲੀ ਦਲ ਦੇ ਪ੍ਰਧਾਨ ਹਰਗੋਬਿੰਦ ਕੌਰ ਤੇ ਸ੍ਰੀ ਮੁਕਤਸਰ ਸਾਹਿਬ ਦੇ ਹਲਕਾ ਇੰਚਾਰਜ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੇ ਨਾਲ ਮਿਲ ਕੇ ਇਕ ਫਾਰਮ ਜਾਰੀ ਕੀਤਾ ਤੇ ਦੱਸਿਆ ਕਿ ਇਹ ਸੂਬੇ ਭਰ ਵਿਚ ਵੰਡੇ ਜਾਣਗੇ। ਉਹਨਾਂ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਉਹ ਇਹ ਫਾਰਮ ਭਰਨ ਜਾਂ ਜੋ ਕੋਈ ਫਾਰਮ ਨਹੀਂ ਭਰ ਸਕਦੀਆਂ, ਉਹ 8595170170 'ਤੇ ਮਿਸਡ ਕਾਲ ਦੇ ਕੇ ਵੀ ਮੈਂਬਰ ਬਣਸਕਦੀਆਂ ਹਨ।

ਉਹਨਾਂ ਨੇ ਔਰਤਾਂ ਨੂੰ ਆਖਿਆ ਕਿ ਉਹ ਆਪਣੇ ਆਲੇ ਫਿਰਦੇ ਨਸ਼ਾ ਤਸਕਰਾਂ ਦਾ ਸਾਰਾ ਰਿਕਾਰਡ ਰੱਖਣ ਜਿਹਨਾਂ ਵਿਚ ਨਸ਼ਾ ਤਸਕਰਾਂ ਦੇ ਨਾਮ ਅਤੇ ਉਹਨਾਂ ਦੀ ਪੁਸ਼ਤ ਪਨਾਹੀ ਕਰਨ ਵਾਲਿਆਂ ਦੇ ਨਾਮ ਵੀ ਰਿਕਾਰਡ ਵਿਚ ਰੱਖਣ। ਉਹਨਾਂ ਕਿਹਾ ਕਿ ਇਹ ਫਾਰਮ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਇਕ ਮਹਿਲਾ ਡੀ ਜੀ ਪੀ ਦੀ ਅਗਵਾਈ ਵਾਲੀ ਨਸ਼ਾ ਵਿਰੋਧੀ ਟਾਸਕ ਫੋਰਸ ਨੂੰ ਦਿੱਤੇ ਜਾਣਗੇ ਜੋ ਦੋਸ਼ੀਆਂ ਖਿਲਾਫ ਕਾਰਵਾਈ ਕਰੇਗੀ।

ਉਹਨਾਂ ਜ਼ੋਰ ਦੇ ਕੇ ਕਿਹਾ ਕਿ ਇਸ ਮੁਹਿੰਮ ਨੂੰ ਸਫਲ ਬਣਾਉਣ ਵਾਸਤੇ ਉਹਨਾਂ ਨੂੰ ਹਰ ਔਰਤ ਦੇ ਸਮਰਥਨ ਦੀ ਜ਼ਰੂਰਤ ਪਵੇਗੀ। ਉਹਨਾਂ ਕਿਹਾ ਕਿ ਮੈਨੂੰ ਭਰੋਸਾ ਹੈ ਕਿ ਮਾਵਾਂ ਧੀਆਂ ਦੀ ਲਲਕਾਰ ਬੰਦ ਕਰੇਗੀ ਨਸ਼ੇ ਦਾ ਵਪਾਰ। ਉਹਨਾਂ ਨੇ ਔਰਤਾਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਨੂੰ ਸਫਲ ਬਣਾਉਦ ਵਾਸਤੇ ਉਹ ਹਰ ਪਿੰਡ ਤੇ ਮੁਹੱਲੇ ਵਿਚ ਇਕ-ਇਕ ਜੱਥਾ ਬਣਾਉਣ। ਉਹਨਾਂ ਕਿਹਾ ਕਿ ਮੈਂ ਤੁਹਾਨੂੰ ਭਰੋਸਾ ਦਿੰਦੀ ਹਾਂ ਕਿ ਅਗਲੀ ਅਕਾਲੀ ਦਲ ਦੀ ਸਰਕਾਰ ਨਸ਼ਾਂ ਦੇ ਹਮੇਸ਼ਾ ਹਮੇਸ਼ਾ ਲਈ ਖ਼ਾਤਮੇ ਵਾਸਤੇ ਨਾ ਸਿਰਫ ਇਸਨੂੰ ਆਧਾਰ ਬਣਾਏਗੀ ਬਲਕਿ ਉਹ ਨਵਾਂ ਕਾਨੂੰਨ ਲਿਆ ਕੇ ਨਸ਼ਾ ਤਸਕਰਾਂ ਨੂੰ 10 ਸਾਲ ਤੱਕ ਜ਼ਮਾਨਤ ਨਾ ਮਿਲਣੀ ਯਕੀਨੀ ਬਣਾਏਗੀ।

ਮੈਂਬਰ ਪਾਰਲੀਮੈਂਟ ਨੇ ਕਿਹਾ ਕਿ ਪੰਜਾਬ ਦੀਆਂ ਔਰਤਾਂ ਆਪਣੇ ਪਰਿਵਾਰਾਂ ਨੂੰ ਬਚਾਉਣ ਲਈ ਨਾ ਸਿਰਫ ਇਕਜੁੱਟ ਹੋਣਗੀਆਂ ਬਲਕਿ ਆਪਣੀਆਂ ਭਵਿੱਖੀ ਪੀੜੀਆਂ ਦੀ ਵੀ ਰਾਖੀ ਕਰਨਗੀਆਂ। ਉਹਨਾਂ ਨੇ ਮਹਿਲਾਵਾਂ ਨੂੰ ਇਸ ਕੰਮ ਦੀ ਪੂਰਤੀ ਵਾਸਤੇ ਪਾਰਟੀ ਲੀਹਾਂ ਤੋਂ ਉਪਰ ਉਠ ਕੇ ਕੰਮ ਕਰਨ ਦੀ ਅਪੀਲ ਕੀਤੀ।




